ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 17 ਮਈ 2024 (ਨਾਨਕਸ਼ਾਹੀ ਸੰਮਤ : ੫੫੬, ੪ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਪੰਜਾਬ 'ਚ ਗਰਮੀਆਂ ਦੀਆਂ ਛੁੱਟੀਆਂ ਦਾ ਐਲਾਨ, 30 ਜੂਨ ਤੱਕ ਬੰਦ ਰਹਿਣਗੇ ਸਾਰੇ ਸਕੂਲ



**ਚੰਡੀਗੜ੍ਹ, 16 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਾਰੇ ਸਰਕਾਰੀ, ਪ੍ਰਾਈਵੇਟ, ਸਹਾਇਤਾ ਪ੍ਰਾਪਤ ਤੇ ਮਾਨਤਾ ਪ੍ਰਾਪਤ ਸਕੂਲਾਂ ਵਿੱਚ 1 ਜੂਨ ਤੋਂ ਗਰਮੀਆਂ ਦੀਆਂ ਛੁੱਟੀਆਂ ਸ਼ੁਰੂ ਹੋ ਜਾਣਗੀਆਂ। ਇਹ ਫੈਸਲਾ ਸਿੱਖਿਆ ਵਿਭਾਗ ਵੱਲੋਂ ਲਿਆ ਗਿਆ ਹੈ। ਸਕੂਲ 30 ਜੂਨ ਤੱਕ ਬੰਦ ਰਹਿਣਗੇ। ਇਸ ਸਬੰਧੀ ਸਿੱਖਿਆ ਵਿਭਾਗ ਵੱਲੋਂ ਹੁਕਮ ਜਾਰੀ ਕਰ ਦਿੱਤੇ ਗਏ ਹਨ। ਸਿੱਖਿਆ ਵਿਭਾਗ ਵੱਲੋਂ ਜਾਰੀ ਪੱਤਰ ਵਿੱਚ ਲਿਖਿਆ ਗਿਆ ਹੈ ਕਿ ਸਿੱਖਿਆ ਮੰਤਰੀ ਦੀ ਪ੍ਰਵਾਨਗੀ ਨਾਲ ਹੁਕਮ ਜਾਰੀ ਕਰ ਦਿੱਤੇ ਗਏ ਹਨ। ਇਸ ਹੁਕਮ ਦੀਆਂ ਕਾਪੀਆਂ ਸਾਰੇ ਜ਼ਿਲ੍ਹਿਆਂ ਨੂੰ ਭੇਜ ਦਿੱਤੀਆਂ ਗਈਆਂ ਹਨ। ਨਿਯਮਾਂ ਦੀ ਉਲੰਘਣਾ ਹੋਣ 'ਤੇ ਵਿਭਾਗ ਕਾਰਵਾਈ ਕਰੇਗਾ।

## ਕੇਂਦਰ ਨੇ ਦਿੱਤੀ ਜ਼ੈੱਡ ਪਲੱਸ ਸੁਰੱਖਿਆ

# ਐਨ. ਆਈ. ਏ. ਦੇ ਸਾਬਕਾ ਡੀ. ਜੀ. ਨੂੰ 'ਖ਼ਤਰਾ'!

**ਚੰਡੀਗੜ੍ਹ, 16 ਮਈ (ਆਵਾਜ਼ਿ ਕੌਮ ਬਿਊਰੋ)**-ਕੇਂਦਰ ਸਰਕਾਰ ਨੇ ਨੈਸ਼ਨਲ ਇਨਵੈਸਟੀਗੇਸ਼ਨ ਏਜੰਸੀ (ਐਨਆਈਏ) ਦੇ ਸਾਬਕਾ ਡਾਇਰੈਕਟਰ ਦਿਨਕਰ ਗੁਪਤਾ ਨੂੰ ਜ਼ੈੱਡ ਪਲੱਸ ਸੁਰੱਖਿਆ ਦੇਣ ਦਾ ਫੈਸਲਾ ਕੀਤਾ ਹੈ। ਇਹ ਫੈਸਲਾ ਸੁਰੱਖਿਆ ਏਜੰਸੀਆਂ ਵੱਲੋਂ ਮਿਲੇ ਇਨਪੁਟਸ ਤੋਂ ਬਾਅਦ ਲਿਆ ਗਿਆ ਹੈ। ਉਨ੍ਹਾਂ ਨੂੰ ਖਾਲਿਸਤਾਨ ਹਮਾਇਤੀਆਂ ਤੋਂ ਖਤਰਾ ਹੈ। ਉਨ੍ਹਾਂ ਨੂੰ ਇਹ ਸੁਰੱਖਿਆ ਪੰਜਾਬ, ਚੰਡੀਗੜ੍ਹ ਅਤੇ ਦਿੱਲੀ ਵਿੱਚ ਮਿਲੇਗੀ। ਇਹ ਸੁਰੱਖਿਆ ਕਵਰ ਉਨ੍ਹਾਂ ਨੂੰ ਮਾਰਚ 2024 ਵਿੱਚ ਹੀ ਮਨਜ਼ੂਰ ਹੋਇਆ ਸੀ। ਉਹ ਇਸ ਸਾਲ ਮਾਰਚ ਵਿੱਚ ਸੇਵਾਮੁਕਤ ਹੋਏ ਸਨ। ਦਿਨਕਰ ਗੁਪਤਾ ਪੰਜਾਬ ਕੇਡਰ ਦੇ 1987 ਬੈਚ ਦੇ ਆਈਪੀਐਸ ਅਧਿਕਾਰੀ ਹਨ। ਉਹ ਪੰਜਾਬ ਵਿੱਚ ਕਈ ਅਹੁਦਿਆਂ 'ਤੇ ਰਹਿ ਚੁੱਕੇ ਹਨ। 2017 ਵਿੱਚ ਜਦੋਂ ਸੂਬੇ ਵਿੱਚ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਕਾਂਗਰਸ ਸਰਕਾਰ ਬਣੀ ਤਾਂ ਉਹ ਪੰਜਾਬ ਦੇ ਡੀ.ਜੀ.ਪੀ.ਰਹੇ, ਹਾਲਾਂਕਿ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕਾਂਗਰਸ ਨੇ ਕੈਪਟਨ ਨੂੰ ਹਟਾ ਕੇ ਚਰਨਜੀਤ ਸਿੰਘ ਚੰਨੀ ਨੂੰ ਪੰਜਾਬ ਦਾ ਮੁੱਖ ਮੰਤਰੀ ਬਣਾਇਆ ਸੀ। ਇਸ ਤੋਂ ਬਾਅਦ ਦਿਨਕਰ ਗੁਪਤਾ ਛੁੱਟੀ 'ਤੇ ਚਲੇ ਗਏ। ਜਦੋਂ ਉਹ ਛੁੱਟੀ ਤੋਂ ਵਾਪਸ ਆਏ ਤਾਂ ਉਨ੍ਹਾਂ ਨੂੰ ਵੱਡੀ ਜ਼ਿੰਮੇਵਾਰੀ ਨਹੀਂ ਦਿੱਤੀ ਗਈ। ਇਸ ਤੋਂ ਬਾਅਦ ਉਨ੍ਹਾਂ ਨੇ ਕੇਂਦਰੀ ਡੈਪੂਟੇਸ਼ਨ ਲਈ ਅਪਲਾਈ ਕੀਤਾ ਜਿਸ ਤੋਂ ਬਾਅਦ ਉਹ ਐਨਆਈਏ ਦੇ ਮੁਖੀ ਵੀ ਬਣੇ। Z Plus ਸੁਰੱਖਿਆ ਦੀ ਗੱਲ ਕਰੀਏ ਤਾਂ ਇਸ ਵਿੱਚ 55 ਕਮਾਂਡੋਸ ਹਨ। ਜਿਸ ਵਿੱਚ 10 NSG ਕਮਾਂਡੋ ਵੀ ਜੋੜੇ ਗਏ ਹਨ। ਜ਼ਿਆਦਾਤਰ ਇਹ ਕਮਾਂਡੋ CRPF ਦੇ ਹਨ। ਇਹ ਉਹਨਾਂ ਲੋਕਾਂ ਨੂੰ ਦਿੱਤੀ ਜਾਂਦੀ ਹੈ ਜੋ ਬਹੁਤ ਮਹੱਤਵਪੂਰਨ ਲੋਕ ਹਨ। ਇਹ ਸੁਰੱਖਿਆ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕਈ ਸੀਨੀਅਰ ਅਤੇ ਸੇਵਾਮੁਕਤ ਅਧਿਕਾਰੀਆਂ, ਕਈ ਨੇਤਾਵਾਂ ਅਤੇ ਕਾਰੋਬਾਰੀਆਂ ਨੂੰ ਦਿੱਤੀ ਗਈ ਹੈ।



## ਚੋਣ ਕਮਿਸ਼ਨ ਵੱਲੋਂ ਪੰਜਾਬ 'ਚ ਸਾਰੇ ਉਮੀਦਵਾਰਾਂ ਦੀ ਸੁਰੱਖਿਆ ਯਕੀਨੀ ਬਣਾਉਣ ਦੇ ਨਿਰਦੇਸ਼

**ਚੰਡੀਗੜ੍ਹ, 16 ਮਈ (ਆਵਾਜ਼ਿ ਕੌਮ ਬਿਊਰੋ)**-ਸੂਬੇ ਵਿੱਚ ਸੁਤੰਤਰ, ਨਿਰਪੱਖ ਅਤੇ ਸ਼ਾਂਤਮਈ ਚੋਣਾਂ ਯਕੀਨੀ ਬਣਾਉਣ ਲਈ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਅੱਜ ਸਾਰੇ ਜ਼ਿਲ੍ਹਾ ਚੋਣ ਅਫ਼ਸਰਾਂ-ਕਮ-ਡਿਪਟੀ ਕਮਿਸ਼ਨਰਾਂ, ਪੁਲਿਸ ਕਮਿਸ਼ਨਰਾਂ ਅਤੇ ਐਸ.ਐਸ.ਪੀਜ਼ ਨਾਲ ਉੱਚ-ਪੱਧਰੀ ਮੀਟਿੰਗ ਕੀਤੀ। ਮੀਟਿੰਗ ਦੌਰਾਨ ਉਨ੍ਹਾਂ ਨੇ ਸੂਬੇ ਵਿੱਚ 1 ਜੂਨ, 2024 ਨੂੰ ਪੈਣ ਵਾਲੀਆਂ ਵੋਟਾਂ ਸਬੰਧੀ ਜ਼ਿਲ੍ਹਾ ਪੱਧਰ 'ਤੇ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲਿਆ। ਵੀਡੀਓ ਕਾਨਫਰੰਸਿੰਗ ਰਾਹੀਂ ਰੀਵਿਊ ਮੀਟਿੰਗ ਕਰਦਿਆਂ ਸਿਬਿਨ ਸੀ ਨੇ ਅਧਿਕਾਰੀਆਂ ਨੂੰ ਭਾਰਤੀ ਚੋਣ ਕਮਿਸ਼ਨ ਦੁਆਰਾ ਜਾਰੀ ਕੀਤੇ ਗਏ ਸਾਰੇ ਦਿਸ਼ਾ-ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਨੂੰ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਨੇ ਸੂਬੇ ਭਰ ਵਿੱਚ ਨਸ਼ੀਲੇ ਪਦਾਰਥਾਂ, ਨਕਦੀ, ਹਥਿਆਰ, ਅਤੇ ਹੋਰ ਗੈਰ ਕਾਨੂੰਨੀ ਵਸਤਾਂ ਦੀ ਆਮਦ ਨੂੰ ਰੋਕਣ ਲਈ ਆਦਰਸ਼ ਚੋਣ ਜ਼ਾਬਤੇ ਦੀ ਸਖ਼ਤੀ ਨਾਲ ਪਾਲਣਾ ਦੇ ਨਾਲ-ਨਾਲ ਉੱਡਣ ਦਸਤਿਆਂ ਤੇ ਆਬਕਾਰੀ ਟੀਮਾਂ ਦੇ ਗਠਨ ਸਮੇਤ ਸਰਹੱਦੀ ਜਾਂਚ ਚੌਕੀਆਂ ਸਥਾਪਤ ਕਰਨ 'ਤੇ ਜ਼ੋਰ ਦਿੱਤਾ। ਵੋਟਾਂ ਵਾਲੇ ਦਿਨ ਸੰਭਾਵੀ ਗਰਮੀ ਦੇ ਮੱਦੇਨਜ਼ਰ ਸਿਬਿਨ ਸੀ ਨੇ ਅਧਿਕਾਰੀਆਂ ਨੂੰ ਆਪੋ-ਆਪਣੇ ਜ਼ਿਲ੍ਹਿਆਂ ਵਿੱਚ ਸਾਰੇ ਪੋਲਿੰਗ ਸਟੇਸ਼ਨਾਂ 'ਤੇ ਲੋੜੀਂਦੀਆਂ ਸਹੂਲਤਾਂ ਯਕੀਨੀ ਬਣਾਉਣ ਲਈ ਨਿਰਦੇਸ਼ ਦਿੱਤੇ। ਉਨ੍ਹਾਂ ਅੱਗੇ ਕਿਹਾ ਕਿ ਨਿਰਪੱਖ ਤੇ ਸ਼ਾਂਤਮਈ ਚੋਣ ਅਮਲ ਨੂੰ ਯਕੀਨੀ ਬਣਾਉਂਦਿਆਂ 'ਇਸ ਵਾਰ 70 ਪਾਰ' ਦੇ ਟੀਚੇ ਦੀ ਪ੍ਰਾਪਤੀ ਲਈ ਹਰ ਸੰਭਵ ਕਦਮ ਚੁੱਕੇ ਜਾਣ। ਸਿਬਿਨ ਸੀ ਨੇ ਅਧਿਕਾਰੀਆਂ ਨੂੰ ਪੋਲਿੰਗ ਬੂਥਾਂ 'ਤੇ ਵੋਟਰਾਂ ਦੀ ਸਹੂਲਤ ਲਈ ਵੱਖ -ਵੱਖ ਸੁਵਿਧਾਵਾਂ ਜਿਵੇਂ ਕਿ ਵੋਟਰਾਂ ਨੂੰ ਆਕਰਸ਼ਿਤ ਕਰਨ ਲਈ ਗੁਲਾਬੀ ਤੇ ਹਰੇ ਰੰਗ ਦੇ ਪੋਲਿੰਗ ਬੂਥਾਂ ਦੇ ਨਾਲ-ਨਾਲ ਨੌਜਵਾਨਾਂ ਅਤੇ ਦਿਵਿਆਂਗ ਵਿਅਕਤੀਆਂ ਲਈ ਵੱਖਰੇ ਬੂਥ ਲਗਾਉਣ ਲਈ ਵੀ ਕਿਹਾ।



## ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਏ ਦਿੱਲੀ ਦੇ ਮੁੱਖ ਮੰਤਰੀ ਕੇਜਰੀਵਾਲ ਅਤੇ ਮੁੱਖ ਮੰਤਰੀ ਮਾਨ



**ਅੰਮ੍ਰਿਤਸਰ, 16 ਮਈ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੇ ਮੁੱਖ ਮੰਤਰੀ ਅਤੇ 'ਆਪ' ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਣ ਪਹੁੰਚੇ। ਇਸ ਦੌਰਾਨ ਉਨ੍ਹਾਂ ਨੇ ਗੁਰੂ ਸਾਹਿਬ ਦਾ ਅਸ਼ੀਰਵਾਦ ਵੀ ਲਿਆ। ਅਰਵਿੰਦ ਕੇਜਰੀਵਾਲ ਦੀ ਜੇਲ੍ਹ 'ਚੋਂ ਜ਼ਮਾਨਤ ਮਿਲਣ ਮਗਰੋਂ ਇਹ ਉਨ੍ਹਾਂ ਦੀ ਪਹਿਲੀ ਪੰਜਾਬ ਫੇਰੀ ਹੈ। ਇਸ ਦੌਰਾਨ ਉਹ ਅੰਮ੍ਰਿਤਸਰ ਤੋਂ ਪੰਜਾਬ ਵਿਚ ਚੋਣ ਪ੍ਰਚਾਰ ਦਾ ਆਗਾਜ਼ ਕਰਨਗੇ। ਗੁਰੂ ਘਰ ਮੱਥਾ ਟੇਕਣ ਤੋਂ ਬਾਅਦ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੇ ਦੁਰਗਿਆਣਾ ਮੰਦਰ ਵੀ ਮੱਥਾ ਟੇਕਿਆ। ਜਾਣਕਾਰੀ ਮੁਤਾਬਕ ਅਰਵਿੰਦ ਕੇਜਰੀਵਾਲ ਅੱਜ ਸ਼ਾਮ 6 ਵਜੇ ਅੰਮ੍ਰਿਤਸਰ ਵਿਚ ਵੱਡਾ ਰੋਡ ਸ਼ੋਅ ਕਰਨਗੇ। ਇਸ ਦੌਰਾਨ ਉਨ੍ਹਾਂ ਦੇ ਨਾਲ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੀ ਮੌਜੂਦ ਰਹਿਣਗੇ। ਇਸ ਦੌਰਾਨ ਉਹ ਲੋਕ ਸਭਾ ਚੋਣਾਂ ਲਈ ਅੰਮ੍ਰਿਤਸਰ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਕੁਲਦੀਪ ਸਿੰਘ ਧਾਲੀਵਾਲ ਦੇ ਹੱਕ ਵਿਚ ਚੋਣ ਪ੍ਰਚਾਰ ਕਰਨਗੇ।

## ਭਾਈ ਨਿੱਝਰ ਕਤਲ ਕਾਂਡ ਦਾ ਚੌਥਾ ਮੁਲਜ਼ਮ ਬੀਸੀ ਦੀ ਅਦਾਲਤ ਵਿੱਚ ਵੀਡੀਓ ਰਾਹੀਂ ਕੀਤਾ ਗਿਆ ਪੇਸ਼



ਨਵੀਂ ਦਿੱਲੀ 16 ਮਈ (ਮਨਪ੍ਰੀਤ ਸਿੰਘ ਖਾਲਸਾ):-ਹਰਦੀਪ ਸਿੰਘ ਨਿੱਝਰ ਦੀ ਹੱਤਿਆ ਦਾ ਚੌਥਾ ਸ਼ੱਕੀ 22 ਸਾਲਾ ਅਮਨਦੀਪ ਸਿੰਘ ਮੰਗਲਵਾਰ ਨੂੰ ਸਰੀ ਪ੍ਰੋਵਿੰਸ਼ੀਅਲ ਕੋਰਟ ਵਿੱਚ ਆਪਣੀ ਪਹਿਲੀ ਅਦਾਲਤ ਅੰਦਰ ਪੇਸ਼ੀ ਲਈ ਤਕਨੀਕੀ ਖਰਾਬੀ ਕਾਰਨ ਵੀਡੀਓ ਕਾਨਫਰੰਸ ਰਾਹੀਂ ਪੇਸ਼ ਹੋਇਆ। ਲੋਅਰ ਮੇਨਲੈਂਡ ਦੀ ਏਕੀਕ੍ਰਿਤ ਹੋਮੀਸਾਈਡ ਇਨਵੈਸਟੀਗੇਸ਼ਨ ਟੀਮ ਦੁਆਰਾ ਸਿੰਘ 'ਤੇ ਪਹਿਲੀ-ਡਿਗਰੀ ਕਤਲ ਅਤੇ ਕਤਲ

ਆਵਾਜ਼ਿ ਕੌਮ
AWAZE QAUM
International Newspaper & WEB TV

ਦੀ ਸਾਜ਼ਿਸ਼ ਰਚਣ ਦਾ ਦੋਸ਼ ਲਗਾਇਆ ਗਿਆ ਹੈ। ਇਸ ਮਾਮਲੇ ਵਿਚ ਹੁਣ ਸਾਰੇ ਦੋਸ਼ੀਆਂ ਨੂੰ 21 ਮਈ ਨੂੰ ਸੂਬਾਈ ਅਦਾਲਤ ਵਿੱਚ ਪੇਸ਼ ਕੀਤਾ ਜਾਏਗਾ ਅਤੇ ਉਸੇ ਦਿਨ ਸਮੂਹ ਮੁਲਜ਼ਮਾਂ ਦੀ ਸੁਣਵਾਈ ਹੋਣੀ ਹੈ। ਗੁਰੂ ਨਾਨਕ ਸਿੱਖ ਗੁਰਦੁਆਰੇ ਦੇ ਜਨਰਲ ਸਕੱਤਰ ਭੁਪਿੰਦਰ ਸਿੰਘ ਹੋਠੀ ਅਤੇ ਭਾਈ ਨਰਿੰਦਰ ਸਿੰਘ ਖਾਲਸਾ ਨੇ ਦੱਸਿਆ ਕਿ ਉਨ੍ਹਾਂ ਦਾ ਮੰਨਣਾ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਹੋਰਾਂ ਨੂੰ ਵੀ ਚਾਰਜ ਕੀਤਾ ਜਾਵੇਗਾ। ਸਾਰੇ ਕੈਨੇਡੀਅਨਾਂ ਨੂੰ ਇਸ ਨੂੰ ਬਹੁਤ ਗੰਭੀਰਤਾ ਨਾਲ ਦੇਖਣਾ ਚਾਹੀਦਾ ਹੈ ਕਿਉਂਕਿ ਇਹ ਸਿਰਫ਼ ਇੱਕ ਵਿਅਕਤੀ ਦੀ ਗੱਲ ਨਹੀਂ ਹੈ। ਇਹ ਕੈਨੇਡੀਅਨ ਧਰਤੀ 'ਤੇ ਰਹਿੰਦੇ ਸਿੱਖਾਂ ਤੇ ਹਮਲਾ ਕੀਤਾ ਗਿਆ ਹੈ। ਹੋਠੀ ਦਾ ਕਹਿਣਾ ਹੈ ਕਿ ਗੁਰੂਘਰ ਅੰਦਰ ਸਾਡਾ ਮਨੋਬਲ ਮਜ਼ਬੂਤ ਹੈ ਅਤੇ ਆਪਣੇ ਨੇਤਾ ਨੂੰ ਗੁਆਉਣ ਦੇ ਬਾਵਜੂਦ ਭਾਈ ਨਿੱਝਰ ਵਾਂਗ ਅਸੀ ਆਪਣੀ ਆਵਾਜ਼ ਬੁਲੰਦ ਕਰਦੇ ਰਹਾਂਗੇ।



## ਸਿਮਰਨਜੀਤ ਸਿੰਘ ਮਾਨ ਦੇ ਨਕਸ਼ੇ ਕਦਮਾਂ 'ਤੇ ਚੱਲ ਕੇ 1989 ਵਾਲਾ ਇਤਿਹਾਸ ਰਚ ਸਕਣਗੇ ਅੰਮ੍ਰਿਤਪਾਲ ਸਿੰਘ?

**ਚੰਡੀਗੜ੍ਹ, 16 ਮਈ (ਆਵਾਜ਼ਿ ਕੌਮ ਬਿਊਰੋ)**-ਵਾਰਿਸ ਪੰਜਾਬ ਦੇ ਮੁਖੀ ਭਾਈ ਅੰਮ੍ਰਿਤਪਾਲ ਸਿੰਘ ਖਡੂਰ ਸਾਹਿਬ ਲੋਕ ਸਭਾ ਸੀਟ ਤੋਂ ਆਜ਼ਾਦ ਉਮੀਦਵਾਰ ਵਜੋਂ ਚੋਣ ਲੜ ਰਹੇ ਹਨ। ਇਸ ਸਮੇਂ ਉਹ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਹਨ। ਭਾਈ ਅੰਮ੍ਰਿਤਪਾਲ ਸਿੰਘ ਨੂੰ ਅਪ੍ਰੈਲ 2023 ਵਿੱਚ ਰਾਸ਼ਟਰੀ ਸੁਰੱਖਿਆ ਐਕਟ ਤਹਿਤ ਗ੍ਰਿਫ਼ਤਾਰ ਕੀਤਾ ਗਿਆ ਸੀ। ਉਦੋਂ ਤੋਂ ਉਹ ਆਪਣੇ ਸਾਥੀਆਂ ਸਮੇਤ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਹਨ। ਫਿਲਹਾਲ ਅੰਮ੍ਰਿਤਪਾਲ ਸਿੰਘ ਦੀ ਨਾਮਜ਼ਦਗੀ ਚੋਣ ਕਮਿਸ਼ਨ ਨੇ ਪ੍ਰਵਾਨ ਕਰ ਲਈ ਹੈ। ਭਾਈ ਅੰਮ੍ਰਿਤਪਾਲ ਸਿੰਘ ਤੋਂ ਇਲਾਵਾ ਪੰਜਾਬ ਦੇ ਇੱਕ ਦਿੱਗਜ ਆਗੂ ਸਿਮਰਨਜੀਤ ਸਿੰਘ ਮਾਨ ਹਨ, ਜਿਨ੍ਹਾਂ ਨੇ ਜੇਲ੍ਹ ਵਿੱਚ ਰਹਿੰਦਿਆਂ ਚੋਣ ਲੜੀ ਸੀ। ਇੰਨਾ ਹੀ ਨਹੀਂ ਉਨ੍ਹਾਂ ਨੇ 4 ਲੱਖ ਤੋਂ ਵੱਧ ਵੋਟਾਂ ਨਾਲ ਚੋਣ ਵੀ ਜਿੱਤੀ। ਭਾਈ ਅੰਮ੍ਰਿਤਪਾਲ ਸਿੰਘ ਦੀ ਨਾਮਜ਼ਦਗੀ ਚੋਣ ਕਮਿਸ਼ਨ ਵੱਲੋਂ ਪ੍ਰਵਾਨ ਕਰ ਲਏ ਜਾਣ ਤੋਂ ਬਾਅਦ ਹੁਣ ਚੋਣ ਲੜਨਾ ਉਨ੍ਹਾਂ ਦਾ ਫਰਜ਼ ਬਣ ਗਿਆ ਹੈ। ਹੁਣ ਸਮਾਂ ਹੀ ਦੱਸੇਗਾ ਕਿ ਭਾਈ ਅੰਮ੍ਰਿਤਪਾਲ ਇਸ ਚੋਣ ਵਿੱਚ ਜਿੱਤ ਦਰਜ ਕਰ ਸਕਣਗੇ ਜਾਂ ਨਹੀਂ। ਪਰ ਪੰਜਾਬ ਦੇ ਸਾਬਕਾ ਆਈਪੀਐਸ ਅਧਿਕਾਰੀ ਅਤੇ ਸੀਨੀਅਰ ਆਗੂ ਸਿਮਰਨਜੀਤ ਸਿੰਘ ਮਾਨ ਵੀ ਜੇਲ੍ਹ ਵਿੱਚ ਰਹਿੰਦਿਆਂ ਹੀ ਚੋਣ ਲੜ ਚੁੱਕੇ ਹਨ। ਸਿਮਰਨਜੀਤ ਸਿੰਘ ਮਾਨ 1989 ਵਿੱਚ ਭਾਗਲਪੁਰ ਜੇਲ੍ਹ ਵਿੱਚ ਬੰਦ ਸਨ, ਜਦੋਂ ਉਨ੍ਹਾਂ ਨੇ ਤਰਨਤਾਰਨ ਤੋਂ ਚੋਣ ਲੜੀ ਸੀ। ਇੰਨਾ ਹੀ ਨਹੀਂ ਜੇਲ 'ਚ ਰਹਿੰਦਿਆਂ ਉਨ੍ਹਾਂ ਨੇ ਸਾਢੇ ਚਾਰ ਲੱਖ ਤੋਂ ਵੱਧ ਵੋਟਾਂ ਨਾਲ ਚੋਣ ਜਿੱਤੀ ਸੀ। ਉਸ ਸਾਲ ਸਿਮਰਨਜੀਤ ਸਿੰਘ ਮਾਨ ਨੂੰ ਪੰਜਾਬ ਵਿਚ ਸਭ ਤੋਂ ਵੱਡੀ ਜਿੱਤ ਮਿਲੀ। ਹਾਲਾਂਕਿ, ਸ. ਮਾਨ ਨੇ ਕਿਰਪਾਨ ਤੋਂ ਬਿਨਾਂ ਸੰਸਦ ਜਾਣ ਤੋਂ ਇਨਕਾਰ ਕਰ ਦਿੱਤਾ ਤੇ ਬਾਅਦ ਵਿੱਚ ਅਸਤੀਫਾ ਦੇ ਦਿੱਤਾ। ਹੁਣ ਸਿਮਰਨਜੀਤ ਸਿੰਘ ਮਾਨ ਵੀ ਖਡੂਰ ਸਾਹਿਬ ਲੋਕ ਸਭਾ ਸੀਟ ਤੋਂ ਚੋਣ ਲੜ ਰਹੇ ਅੰਮ੍ਰਿਤਪਾਲ ਸਿੰਘ ਦਾ ਸਮਰਥਨ ਕਰ ਰਹੇ ਹਨ। ਖਡੂਰ ਸਾਹਿਬ ਲੋਕ ਸਭਾ ਸੀਟ ਤੋਂ ਅੰਮ੍ਰਿਤਪਾਲ ਸਿੰਘ ਆਜ਼ਾਦ ਉਮੀਦਵਾਰ ਵਜੋਂ ਚੋਣ ਲੜ ਰਹੇ ਹਨ, ਕਾਂਗਰਸ ਵੱਲੋਂ ਕੁਲਬੀਰ ਸਿੰਘ ਜ਼ੀਰਾ, ਆਮ ਆਦਮੀ ਪਾਰਟੀ ਵੱਲੋਂ ਲਾਲਜੀਤ ਸਿੰਘ ਭੁੱਲਰ, ਅਕਾਲੀ ਦਲ ਵੱਲੋਂ ਵਿਰਸਾ ਸਿੰਘ ਵਲਟੋਹਾ ਅਤੇ ਭਾਜਪਾ ਵੱਲੋਂ ਮਨਜੀਤ ਸਿੰਘ ਮੰਨਾ ਚੋਣ ਮੈਦਾਨ ਵਿੱਚ ਹਨ। ਦੱਸ ਦੇਈਏ ਕਿ ਪੰਜਾਬ ਵਿੱਚ 1 ਜੂਨ ਨੂੰ ਵੋਟਾਂ ਪੈਣੀਆਂ ਹਨ।




ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੇ ਜਨਮ ਦਿਨ ਤੇ
ਆਵਾਜ਼ਿ ਕੌਮ AWAZE QAUM
International Newspaper & WEB TV
2 ਜੂਨ ਨੂੰ ਰੋਡੇ ਪੁੱਜੋ
ਗੁਰਦੁਆਰਾ ਸੰਤ ਖਾਲਸਾ
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਮੈਂਬਰ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ
ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ


ਆਵਾਜ਼ਿ ਕੌਮ AWAZE QAUM International Newspaper & WEB TV
ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਬਾਬਾ ਨਰਿੰਦਰ ਸਿੰਘ ਜੀ ਕਾਰਸੇਵਾ ਸ੍ਰੀ ਹਜ਼ੂਰ ਸਾਹਿਬ
ਸੰਤ ਬਾਬਾ ਬਲਵਿੰਦਰ ਸਿੰਘ ਜੀ ਕਾਰਸੇਵਾ ਸ੍ਰੀ ਹਜ਼ੂਰ ਸਾਹਿਬ
ਬਾਬਾ ਸੁਖਵਿੰਦਰ ਸਿੰਘ ਸੁੱਖਾ ਜੀ ਕਾਰਸੇਵਾ ਸੰਪਰਦਾਇ ਭੂਰੀ ਵਾਲੇ
ਸ੍ਰੀ ਮਹੰਤ ਬਾਬਾ ਰੇਸ਼ਮ ਸਿੰਘ ਜੀ ਸ਼ੇਖਵਾਂ ਵਾਲੇ
ਮਹੰਤ ਹਾਕਮ ਸਿੰਘ ਜੀ ਕੋਠਾ ਗੁਰੂ ਵਾਲੇ
ਮਹੰਤ ਚਮਕੌਰ ਸਿੰਘ ਜੀ ਪੰਜਗਰਾਈਆਂ ਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਗਿਆਨੀ ਸੁਰਜੀਤ ਸਿੰਘ ਸੋਧੀ ਜੀ ਦਮਦਮੀ ਟਕਸਾਲ ਵਾਲੇ
ਡਾ. ਸੰਤ ਗੁਰਨਾਮ ਸਿੰਘ ਜੀ ਡਰੋਲੀ ਭਾਈਕੇ
ਬਾਬਾ ਸਾਧੂ ਸਿੰਘ ਲੰਡੇਆਣੇ ਵਾਲੇ
ਸੰਤ ਬਾਬਾ ਹਰੀ ਸਿੰਘ ਜੀ ਨਾਨਕਸਰ ਹਰੀਕੇ ਵਾਲੇ
ਬਾਬਾ ਹਰਨਾਮ ਸਿੰਘ ਸੁਆਮੀ ਜੀ ਮਾਹਿਲਪੁਰ ਬੁੰਗੇ ਵਾਲੇ
ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲੇ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915


ਆਵਾਜ਼ਿ ਕੌਮ AWAZE QAUM International Newspaper & WEB TV
ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਬਾਬਾ ਸੁਖਵਿੰਦਰ ਸਿੰਘ ਅਗਵਾਨ ਭਤੀਜੇ ਸ਼ਹੀਦ ਭਾਈ ਸਤਵੰਤ ਸਿੰਘ
ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦਬਾਗ ਵਾਲੇ
ਸੰਤ ਬੀਬੀ ਜਸਪ੍ਰੀਤ ਕੌਰ ਮਾਹਿਲਪੁਰ ਬੁੰਗੇ ਵਾਲੇ
ਸੰਤ ਬਾਬਾ ਸੁਖਵਿੰਦਰ ਸਿੰਘ ਜੀ ਮਲਕਪੁਰ ਵਾਲੇ
ਸੰਤ ਬਾਬਾ ਸਰਵਣ ਸਿੰਘ ਜੀ ਮਲਕਪੁਰ ਵਾਲੇ
ਸੰਤ ਬਾਬਾ ਸੁਰਜੀਤ ਸਿੰਘ ਝਾੜ ਸਾਹਿਬ ਕੈਰੋਂ ਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸੰਤ ਗਿਆਨੀ ਸੁਰਜੀਤ ਸਿੰਘ ਜੀ ਮਹਿਰੋਂ ਵਾਲੇ
ਸੰਤ ਬਾਬਾ ਜਸਵੰਤ ਸਿੰਘ ਜੀ ਸੋਢੀ ਵਿਦਿਆਲਾ ਆਸਲ ਉਤਾੜ ਵਾਲੇ
ਸੰਤ ਬਾਬਾ ਮੰਜ ਦਾਸ ਜੀ ਮਾੜੀ ਕੰਬੋਕੀ ਵਾਲੇ
ਸੰਤ ਬਾਬਾ ਬਲਵਿੰਦਰ ਸਿੰਘ ਜੀ ਮਾੜੀ ਕੰਬੋਕੀ ਵਾਲੇ
ਜਥੇਦਾਰ ਬਾਬਾ ਗੁਰਦੇਵ ਸਿੰਘ ਜੀ ਦਸੂਹੇ ਵਾਲੇ ਸ਼੍ਰੋਮਣੀ ਭਗਤ ਧੰਨਾ ਜੀ ਤਰਨਾ ਦਲ
ਸੰਤ ਬਾਬਾ ਦਰਸ਼ਨ ਸਿੰਘ ਮਾਲੂਕਾ ਫੱਤਾ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਆਵਾਜ਼ਿ ਕੌਮ AWAZE QAUM International Newspaper & WEB TV
ਗਿਆਨੀ ਹਰਪ੍ਰੀਤ ਸਿੰਘ ਜੀ ਜਥੇਦਾਰ ਤਖਤ ਸ੍ਰੀ ਦਮਦਮਾ ਸਾਹਿਬ
ਬਾਬਾ ਸਰਬਜੋਤ ਸਿੰਘ ਜੀ ਬੇਦੀ ਅੰਸ਼-ਵੰਸ਼ ਸ੍ਰੀ ਗੁਰੂ ਨਾਨਕ ਦੇਵ ਜੀ
ਭਾਈ ਈਸ਼ਰ ਸਿੰਘ ਜੀ ਸਪੁੱਤਰ ਸੰਤ ਭਿੰਡਰਾਂਵਾਲੇ
ਜਥੇਦਾਰ ਬਾਬਾ ਬਲਬੀਰ ਸਿੰਘ ਜੀ ਮੁਖੀ ਬੁੱਢਾ ਦਲ 96 ਕਰੋੜੀ
ਜਥੇਦਾਰ ਬਾਬਾ ਅਵਤਾਰ ਸਿੰਘ ਜੀ ਮੁਖੀ ਦਲ ਪੰਥ ਬਾਬਾ ਬਿਧੀ ਚੰਦ ਜੀ
ਜਥੇਦਾਰ ਬਾਬਾ ਜੋਗਾ ਸਿੰਘ ਜੀ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸੰਤ ਬਾਬਾ ਕਸ਼ਮੀਰ ਸਿੰਘ ਜੀ ਕਾਰ ਸੇਵਾ ਭੂਰੀ ਵਾਲੇ
ਜਥੇਦਾਰ ਸਵਰਨਜੀਤ ਸਿੰਘ ਮੁਖੀ ਤਰਨਾ ਦਲ ਦੋਆਬਾ
ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਜੀ
ਸੰਤ ਬਾਬਾ ਗੁਰਦੇਵ ਸਿੰਘ ਜੀ ਗੁ. ਸ਼ਹੀਦੀ ਬਾਗ ਸ੍ਰੀ ਅਨੰਦਪੁਰ ਸਾਹਿਬ
ਸੰਤ ਬਾਬਾ ਅਮੀਰ ਸਿੰਘ ਜੀ ਮੁਖੀ ਜਵੱਦੀ ਟਕਸਾਲ
ਜਥੇਦਾਰ ਬਾਬਾ ਮੇਜਰ ਸਿੰਘ ਜੀ ਸੋਢੀ ਮੁਖੀ ਦਸ਼ਮੇਸ਼ ਤਰਨਾ ਦਲ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਆਵਾਜ਼ਿ ਕੌਮ AWAZE QAUM International Newspaper & WEB TV
ਮਹੰਤ ਬਾਬਾ ਕਾਹਨ ਸਿੰਘ ਜੀ ਸੇਵਾ ਪੰਥੀ ਗੋਨਿਆਣਾ
ਸੰਤ ਬਾਬਾ ਅਵਤਾਰ ਸਿੰਘ ਜੀ ਧੂਲਕੋਟ ਵਾਲੇ
ਭਾਈ ਅਮੋਲਕ ਸਿੰਘ ਜੀ ਅਖਾੜਾ
ਜਥੇਦਾਰ ਬਾਬਾ ਸਰਵਣ ਸਿੰਘ ਜੀ ਰਸਾਲਦਾਰ ਬੁੱਢਾ ਦਲ
ਬਾਬਾ ਅਮਰੀਕ ਸਿੰਘ ਜੀ ਕਾਰਸੇਵਾ ਪਟਿਆਲੇ ਵਾਲੇ
ਬਾਬਾ ਜੋਗਾ ਸਿੰਘ ਜੀ ਕਰਨਾਲ ਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਬਾਬਾ ਬਲਦੇਵ ਸਿੰਘ ਜੀ ਜੋਗੇ ਵਾਲੇ
ਬਾਬਾ ਮਨਮੋਹਨ ਸਿੰਘ ਜੀ ਬਾਰਨ ਵਾਲੇ
ਬਾਬਾ ਸੁੱਖਾ ਸਿੰਘ ਜੀ ਕਾਰਸੇਵਾ ਸਰਹਾਲੀ ਸਾਹਿਬ
ਬਾਬਾ ਹਾਕਮ ਸਿੰਘ ਜੀ ਕਾਰਸੇਵਾ ਸਰਹਾਲੀ ਸਾਹਿਬ
ਸੰਤ ਬਾਬਾ ਸ਼ਿੰਦਰ ਸਿੰਘ ਜੀ ਗੁ. ਫਤਿਹਗੜ੍ਹ ਸਭਰਾਵਾਂ ਵਾਲੇ
ਬਾਬਾ ਰਣਜੀਤ ਸਿੰਘ ਜੀ ਸੇਵਾ ਪੰਥੀ ਗੋਨਿਆਣਾ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915

# THE GURBANI SCHOOL

THE GURBANI SCHOOL

## ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।

## LEARN THE CORRECT PRONUNCIATION OF GURBANI IN THE CONVENIENCE OF YOUR OWN HOME

GET IT ON Google Play

Download on the App Store




ਆਵਾਜ਼ਿ ਕੌਮ AWAZE QAUM International Newspaper & WEB TV

### INTERACTIVE LEARNING

ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ

CLICK & LISTEN TO THE CORRECT PRONUNCIATION

### 8 EIGHT PRAYERS AVAILABLE

ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ

EIGHT DAILY PRAYERS AVAILABLE TO LEARN

### AUTO SCROLL GURBANI PLAYER

ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ

READ ALONG & IMPROVE THE PRONUNCIATION

### MULTILINGUAL

ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।

NITNEM IS AVAILABLE IN PUNJABI, HINDI & ENGLISH

ਸ੍ਰੀ ਅਕਾਲ ਜੀ ਸਹਾਇ — ਦੇਗ ਤੇਗ ਫਤਿਹ — ਪੰਥ ਕੀ ਜੀਤ

## ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ
## ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 40ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ



# ਸ਼ਬਦ ਕੀਰਤਨ ਅਤੇ ਕਥਾ ਸਮਾਗਮ

## 1 ਮਈ ਤੋਂ 31 ਮਈ 2024 ਤੱਕ

ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ



ਆਵਾਜ਼ਿ ਕੌਮ AWAZE QAUM International Newspaper & WEB TV

ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

| | | |
|---|---|---|
| 1 ਮਈ ਬੁੱਧਵਾਰ | ਜਬੋਵਾਲ | ਸ਼ਾਮ 6 ਤੋਂ 8 ਵਜੇ ਤੱਕ |
| 2 ਮਈ ਵੀਰਵਾਰ | ਜੱਫਰਵਾਲ | ਸ਼ਾਮ 6 ਤੋਂ 8 ਵਜੇ ਤੱਕ |
| 3 ਮਈ ਸ਼ੁੱਕਰਵਾਰ | ਸਹਾਇਪੁਰ | ਸ਼ਾਮ 6 ਤੋਂ 8 ਵਜੇ ਤੱਕ |
| 4 ਮਈ ਸ਼ਨੀਵਾਰ | ਮੁਰਾਦਪੁਰ | ਸ਼ਾਮ 6 ਤੋਂ 8 ਵਜੇ ਤੱਕ |
| 5 ਮਈ ਐਤਵਾਰ | ਗੁਰੂ ਕੀ ਬੇਰ ਸਾਹਿਬ ਮੱਤੇਵਾਲ | ਸ਼ਾਮ 5 ਤੋਂ 7 ਵਜੇ ਤੱਕ |
| 6 ਮਈ ਸੋਮਵਾਰ | ਕਾਹਲਵਾ | ਸ਼ਾਮ 6 ਤੋਂ 8 ਵਜੇ ਤੱਕ |
| 7 ਮਈ ਮੰਗਲਵਾਰ | ਉੱਦੋ ਨੰਗਲ | ਸ਼ਾਮ 6 ਤੋਂ 8 ਵਜੇ ਤੱਕ |
| 8 ਮਈ ਬੁੱਧਵਾਰ | ਬਾਬੋਵਾਲ | ਸ਼ਾਮ 6 ਤੋਂ 8 ਵਜੇ ਤੱਕ |
| 9 ਮਈ ਵੀਰਵਾਰ | ਧਰਦਿਉ | ਸ਼ਾਮ 6 ਤੋਂ 8 ਵਜੇ ਤੱਕ |
| 10 ਮਈ ਸ਼ੁੱਕਰਵਾਰ | ਧਿਆਨਪੁਰ | ਸ਼ਾਮ 6 ਤੋਂ 8 ਵਜੇ ਤੱਕ |
| 11 ਮਈ ਸ਼ਨੀਵਾਰ | ਗੁ: ਬਾਬਾ ਪੱਲਾ ਜੀ ਬੁਤਾਲਾ | ਸ਼ਾਮ 6 ਤੋਂ 8 ਵਜੇ ਤੱਕ |
| 12 ਮਈ ਐਤਵਾਰ | ਸਦਾਰੰਗ | ਸ਼ਾਮ 6 ਤੋਂ 8 ਵਜੇ ਤੱਕ |
| 13 ਮਈ ਸੋਮਵਾਰ | ਸੂਸਾ | ਸ਼ਾਮ 6 ਤੋਂ 8 ਵਜੇ ਤੱਕ |
| 14 ਮਈ ਮੰਗਲਵਾਰ | ਗੁ: ਬਾਬਾ ਮਤ੍ਰ ਜੀ ਮੀਕੇ | ਸ਼ਾਮ 6 ਤੋਂ 8 ਵਜੇ ਤੱਕ |
| 15 ਮਈ ਬੁੱਧਵਾਰ | ਭਾਮ | ਸ਼ਾਮ 6 ਤੋਂ 8 ਵਜੇ ਤੱਕ |
| 16 ਮਈ ਵੀਰਵਾਰ | ਭਲਾਈਪੁਰ ਪੁਰਬਾ | ਸ਼ਾਮ 6 ਤੋਂ 8 ਵਜੇ ਤੱਕ |
| 17 ਮਈ ਸ਼ੁੱਕਰਵਾਰ | ਨਿੱਕੇ ਘੁੰਮਣ | ਸ਼ਾਮ 6 ਤੋਂ 8 ਵਜੇ ਤੱਕ |
| 18 ਮਈ ਸ਼ਨੀਵਾਰ | ਗੁ: ਕੰਧ ਸਾਹਿਬ (ਬਟਾਲਾ) | ਸ਼ਾਮ 6 ਤੋਂ 8 ਵਜੇ ਤੱਕ |
| 19 ਮਈ ਐਤਵਾਰ | ਗੁ: ਬਾਬਾ ਬਕਾਲਾ ਸਾਹਿਬ ਸਵੇਰੇ 10 ਤੋਂ 12 ਵਜੇ ਤੱਕ; ਸਿਆਲਕਾ | ਸ਼ਾਮ 6 ਤੋਂ 8 ਵਜੇ ਤੱਕ |
| 20 ਮਈ ਸੋਮਵਾਰ | ਲੀਲ ਕਲਾਂ | ਸ਼ਾਮ 6 ਤੋਂ 8 ਵਜੇ ਤੱਕ |
| 21 ਮਈ ਮੰਗਲਵਾਰ | ਚੌਧਰੀਵਾਲ | ਸ਼ਾਮ 6 ਤੋਂ 8 ਵਜੇ ਤੱਕ |
| 22 ਮਈ ਬੁੱਧਵਾਰ | ਤਰਸਿੱਕਾ ਭਗਤਾਂ ਦਾ ਡੇਰਾ | ਸ਼ਾਮ 6 ਤੋਂ 8 ਵਜੇ ਤੱਕ |
| 23 ਮਈ ਵੀਰਵਾਰ | ਤਾਹਰਪੁਰ | ਸ਼ਾਮ 6 ਤੋਂ 8 ਵਜੇ ਤੱਕ |
| 24 ਮਈ ਸ਼ੁੱਕਰਵਾਰ | ਬਾਸਰਪੁਰ | ਰਾਤ 8 ਤੋਂ 10 ਵਜੇ ਤੱਕ |
| 25 ਮਈ ਸ਼ਨੀਵਾਰ | ਖੱਬੇ ਰਾਜਪੂਤਾਂ | ਸ਼ਾਮ 6 ਤੋਂ 8 ਵਜੇ ਤੱਕ |
| 26 ਮਈ ਐਤਵਾਰ | ਭੀਲੋਵਾਲ | ਸ਼ਾਮ 6 ਤੋਂ 8 ਵਜੇ ਤੱਕ |
| 27 ਮਈ ਸੋਮਵਾਰ | ਜੇਠੂਵਾਲ | ਸ਼ਾਮ 6 ਤੋਂ 8 ਵਜੇ ਤੱਕ |
| 28 ਮਈ ਮੰਗਲਵਾਰ | ਗੁ: ਰਾਮ ਥੰਮਣ ਸਾਹਿਬ ਮਨੇਸ਼ | ਸ਼ਾਮ 6 ਤੋਂ 8 ਵਜੇ ਤੱਕ |
| 29 ਮਈ ਬੁੱਧਵਾਰ | ਮੋਹਣੀਆ ਕੁਹਾਰਾ | ਸ਼ਾਮ 6 ਤੋਂ 8 ਵਜੇ ਤੱਕ |
| 30 ਮਈ ਵੀਰਵਾਰ | ਜਲਾਲ ਉਸਮਾ | ਸ਼ਾਮ 6 ਤੋਂ 8 ਵਜੇ ਤੱਕ |
| 31 ਮਈ ਸ਼ੁੱਕਰਵਾਰ | ਮਹਿਤਾ ਚੌਂਕ | ਸ਼ਾਮ 6 ਤੋਂ 8 ਵਜੇ ਤੱਕ |

1-2-3-4-5 ਜੂਨ 2024 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ ਦਮਦਮੀ ਟਕਸਾਲ ਦੇ ਹੈਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਸ਼ਬਦ ਕੀਰਤਨ ਦਾ ਨਿਰੰਤਰ ਪ੍ਰਵਾਹ ਚੱਲੇਗਾ।

ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2024, ਵੀਰਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ

ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ 9ਵੀਂ, 10ਵੀਂ, +1 +2, ਬੀ ਏ, ਐਮ.ਏ. ਦਾਖਲੇ ਸ਼ੁਰੂ ਹਨ ਕਰੀ ਵਿਦਿਆ ਪ੍ਰਾਪਤ ਕਰੋ

ਜਾਰੀ ਕਰਤਾ: ਖਾਲਸਾ ਅਕੈਡਮੀ — ਨਰਸਰੀ ਤੋਂ +2 ਤੱਕ | ਖਾਲਸਾ ਪ੍ਰੀਮੀਅਮ ਸਕੂਲ — I.C.S.E. Board Pre-Nur to 8th | ਖਾਲਸਾ ਹੋਸਟਲ — Fully A.C. ਗੁਰਬਾਣੀ ਸਿੱਖਿਆ | ਖਾਲਸਾ ਪੈਰਾ ਮੈਡੀਕਲ ਕਾਲਜ — D.M.I.T. | ਦਾਖ਼ਲਾ ਸ਼ੁਰੂ 99155-85685

ਸੰਪਰਕ: 99158-00904, 97793-10040, 98158-14158, 84376-91626

# ਸੰਮਤ ੫੫੬ ਨਾਨਕਸ਼ਾਹੀ ਕੈਲੰਡਰ


ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ ਸਾਹਿਬ


ਤਖ਼ਤ ਸ੍ਰੀ ਹਰਿਮੰਦਰ ਜੀ
ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ
ਸ੍ਰੀ ਅਨੰਦਪੁਰ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ
ਤਲਵੰਡੀ ਸਾਬੋ (ਬਠਿੰਡਾ)


ਤਖ਼ਤ ਸ੍ਰੀ ਹਜ਼ੂਰ ਸਾਹਿਬ
ਅਬਿਚਲ ਨਗਰ (ਨੰਦੇੜ)


ਜਥੇਦਾਰ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਜੀ ਰੋਡੇ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ

## (ਸੰਨ 2024–25)

### ਚੇਤ (ਮਾਰਚ-24 – ਅਪ੍ਰੈਲ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

### ਵੈਸਾਖ (ਅਪ੍ਰੈਲ-24 – ਮਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੦ | ੩੧ | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

### ਜੇਠ (ਮਈ-24 – ਜੂਨ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

### ਹਾੜ (ਜੂਨ-24 – ਜੁਲਾਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | 32 | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

### ਸਾਵਣ (ਜੁਲਾਈ-24 – ਅਗਸਤ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

### ਭਾਦੋਂ (ਅਗਸਤ-24 – ਸਤੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

### ਅੱਸੂ (ਸਤੰਬਰ-24 – ਅਕਤੂਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | ੧ | ੨ | ੩ | ੪ | ੫ | ੬ |
| ੭ | ੮ | ੯ | ੧੦ | ੧੧ | ੧੨ | ੧੩ |
| ੧੪ | ੧੫ | ੧੬ | ੧੭ | ੧੮ | ੧੯ | ੨੦ |
| ੨੧ | ੨੨ | ੨੩ | ੨੪ | ੨੫ | ੨੬ | ੨੭ |
| ੨੮ | ੨੯ | ੩੦ | ੩੧ | | | |

### ਕੱਤਕ (ਅਕਤੂਬਰ-24 – ਨਵੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

### ਮੱਘਰ (ਨਵੰਬਰ-24 – ਦਸੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

### ਪੋਹ (ਦਸੰਬਰ-24 – ਜਨਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੧ | ੨ | ੩ | ੪ | ੫ | ੬ | ੭ |
| ੮ | ੯ | ੧੦ | ੧੧ | ੧੨ | ੧੩ | ੧੪ |
| ੧੫ | ੧੬ | ੧੭ | ੧੮ | ੧੯ | ੨੦ | ੨੧ |
| ੨੨ | ੨੩ | ੨੪ | ੨੫ | ੨੬ | ੨੭ | ੨੮ |
| ੨੯ | ੩੦ | | | | | |

### ਮਾਘ (ਜਨਵਰੀ-25 – ਫਰਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | | | | |

### ਫੱਗਣ (ਫਰਵਰੀ-25 – ਮਾਰਚ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | ੧ | ੨ | ੩ | ੪ |
| ੫ | ੬ | ੭ | ੮ | ੯ | ੧੦ | ੧੧ |
| ੧੨ | ੧੩ | ੧੪ | ੧੫ | ੧੬ | ੧੭ | ੧੮ |
| ੧੯ | ੨੦ | ੨੧ | ੨੨ | ੨੩ | ੨੪ | ੨੫ |
| ੨੬ | ੨੭ | ੨੮ | ੨੯ | ੩੦ | | |

● ਸੰਗਰਾਂਦ ● ਮੱਸਿਆ ● ਪੂਰਨਮਾਸ਼ੀ

**ਗੁਰਪੁਰਬ** · **ਇਤਿਹਾਸਕ ਦਿਹਾੜੇ** · **ਸਰਕਾਰੀ ਛੁੱਟੀਆਂ** · **ਤਖ਼ਤ ਸਾਹਿਬਾਨ ਦੇ ਦਿਹਾੜੇ**

[illegible]

## ਪ੍ਰਕਾਸ਼ਕ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ.ਕੇ.

ਸੰਪਰਕ : +44 78139 53484, +44 75392 43163, +44 7976210161, +91 94788 97960 E-Mail : nsycuk1469@gmail.com, Web : www.nsycuk.com

ਆਵਾਜ਼ਿ ਕੌਮ
AWAZE QAUM
International Newspaper & WEB TV


ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# 6 ਜੂਨ 1984 ਦੇ 40ਵੇਂ ਘੱਲੂਘਾਰੇ ਨੂੰ ਸਮਰਪਿਤ 40 ਦਿਨ ਵਾਹਿਗੁਰੂ ਸਿਮਰਨ

ਜੂਨ 1984 ਦੇ ਸਮੂਹ ਸ਼ਹੀਦ ਕੀਤੇ ਸਿੰਘ ਸਿੰਘਣੀਆਂ ਭੁਝੰਗੀਆਂ ਦੀਆਂ ਸ਼ਹੀਦੀਆਂ ਨੂੰ ਸਮਰਪਿਤ 40 ਦਿਨ ਨਾਮ ਸਿਮਰਨ ਕਰਵਾਇਆ ਜਾ ਰਿਹਾ ਹੈ

• 27 ਅਪ੍ਰੈਲ ਸ਼ਨਿੱਚਰਵਾਰ ਸ਼ਾਮ 5 ਵਜੇ ਪਹਿਲੇ ਦਿਨ ਦੀ ਵਾਹਿਗੁਰੂ ਸਿਮਰਨ ਦੀ ਆਰੰਭਤਾ ਹੋਵੇਗੀ • 8 ਜੂਨ 2024 ਸ਼ਨਿੱਚਰਵਾਰ ਸ਼ਾਮ 6 ਵਜੇ ਸਮਾਪਤੀ ਹੋਵੇਗੀ

ਸਮੇਂ ਦਾ ਵੇਰਵਾ : ਹਰ ਸ਼ਨਿੱਚਰਵਾਰ ਸ਼ਾਮ 5 ਤੋਂ 6 ਵਜੇ ਤੱਕ, ਬਾਕੀ ਸਾਰੇ ਦਿਨ ਹਰ ਰੋਜ ਸ਼ਾਮ 7 ਵਜੇ ਆਰੰਭਤਾ, 8 ਵਜੇ ਵਾਹਿਗੁਰੂ ਸਿਮਰਨ ਦੀ ਸਮਾਪਤੀ ਹੋਵੇਗੀ।

ਵੱਧ ਤੋਂ ਵੱਧ ਸ਼ੇਅਰ ਜ਼ਰੂਰੀ ਕਰਨਾ ਜੀ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778




ਆਵਾਜ਼ਿ ਕੌਮ AWAZE QAUM
International Newspaper & WEB TV

ਸੰਤ ਚਰਨਜੀਤ ਸਿੰਘ ਜੱਸੋਵਾਲ ਵੱਲੋਂ ਸੰਸਾਰ ਦੀਆਂ ਸੰਗਤਾਂ ਨੂੰ ਬੇਨਤੀ ਹੈ ਕਿ ਆਪਣੇ ਸਾਰੇ ਵਹੀਕਲਾਂ ਤੇ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਦੋ ਜੂਨ ਰੋਡੇ ਪੁੱਜਣ ਵਾਲੇ ਸਟਿੱਕਰ ਲਾ ਕੇ ਸੰਤਾਂ ਦੀਆਂ ਖੁਸ਼ੀਆਂ ਲਵੋ।



--✶ ਗੁਰੂ ਗ੍ਰੰਥ ਪੰਥ ਦੇ ਦਾਸ ✶--


**ਜਥੇਬੰਦੀ ਦਮਦਮੀ ਟਕਸਾਲ ਭਿੰਡਰਾਂਵਾਲੇ**




ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਜੂਨ 1984 ਦੇ ਘੱਲੂਘਾਰੇ ਸਮੇਂ ਦੀ ਤਸਵੀਰ
ਆਵਾਜ਼ਿ ਕੌਮ AWAZE QAUM International Newspaper & WEB TV
"ਬੇਅੰਤ ਸ਼ਕਤੀਆਂ ਦੇ ਮਾਲਕ ਸਤਿਗੁਰੂ,
ਗਰੀਬ ਬੇਅੰਤ ਨੂੰ ਬਖਸ਼ੋ ਮੌਤ ਮਸਤੀ
ਤਖ਼ਤ ਅਕਾਲ ਦਾ ਜਿਸ ਨੇ ਤੋੜਿਆ ਹੈ
ਖਤਮ ਕਰ ਦੇਵਾਂ ਦੁਨੀਆ ਦੀ ਕੂੜ ਸ਼ਕਤੀ
ਸਿੱਖ ਹਿਰਦਿਆਂ ਨੂੰ ਜਿਸ ਨੇ ਵਿਰੁੰਨਿਆ ਹੈ
ਚੀਰ ਦਿਆਂਗੇ ਉਸ ਦੀ ਦੇਹ ਸਾਰੀ
ਮੈਨੂੰ ਭਰੋਸਾ ਹੈ ਤੇਰੀਆਂ ਰਹਿਮਤਾਂ ਤੇ,
ਇਤਿਹਾਸ ਦੁਹਰਾਇਆ ਹੈ ਸਿੱਖਾਂ ਨੇ ਕਈ ਵਾਰੀ"
ਅਮਰ ਸ਼ਹੀਦ
ਭਾਈ ਬੇਅੰਤ ਸਿੰਘ ਜੀ
ਲੋਕ ਸਭਾ ਹਲਕਾ ਫਰੀਦਕੋਟ ਤੋਂ ਆਜ਼ਾਦ ਉਮੀਦਵਾਰ
ਅਮਰ ਸ਼ਹੀਦ ਭਾਈ ਬੇਅੰਤ ਸਿੰਘ ਦੇ ਸਪੁੱਤਰ
ਸ. ਸਰਬਜੀਤ ਸਿੰਘ ਮਲੋਆ
ਸ. ਸਰਬਜੀਤ ਸਿੰਘ ਮਲੋਆ
ਆਓ ਸਾਰੇ ਆਪੋ-ਆਪਣਾ ਫਰਜ਼ ਸਮਝਦਿਆਂ ਉਨ੍ਹਾਂ ਨੂੰ ਆਪਣਾ ਕੀਮਤੀ ਵੋਟ ਪਾ ਕੇ ਕਾਮਯਾਬ ਕਰੀਏ ਤੇ ਹਰ ਤਰ੍ਹਾਂ ਦਾ ਸਹਿਯੋਗ ਦੇਈਏ।
ਸੰਪਰਕ : 95922-30916, 98140-13915


WITH VAHEGURU JI'S ETERNAL BLESSINGS
ਆਵਾਜ਼ਿ ਕੌਮ AWAZE QAUM
International Newspaper & WEB TV
CSGB
Sikh Council Sandwell
BIRMINGHAM & SANDWELL
VAISAKHI
NAGAR KIRTAN 2024
SUNDAY 19TH MAY
Nagar Kirtan Arambh 9:30AM
Gurdwara Babe Ke, Hockley, B16
10:20 AM
Guru Nanak Nishkam Sewak Jatha, B21
11:00 AM
Shri Guru Ravidass Bhawan, B21
11:40 AM
Gurdwara Baba Deep Singh Ji Shaheed, B21
13:15 PM
Guru Nanak Gurdwara Smethwick, B66
Gurmat Smagam 14:15 PM
Gurdwara Baba Sang Ji, Smethwick, B66
SCAN THE QR CODE TO REGISTER AS AN OFFICIAL NAGAR KIRTAN SEWADAR FOR 2024. SEWADAR TRAINING IS A REQUIREMENT AND WILL BE PROVIDED FOR THE DAY OF THE NAGAR KIRTAN IN ADVANCE.
SEWADAR FORM
NAGAR KIRTAN WILL CONCLUDE AT GURDWARA BABA SANG JI WITH GURMAT SMAGAM & LANGAR.
ROAD CLOSURES/DIVERSIONS WILL BE IN PLACE FROM 9AM.




## ਦਮਦਮੀ ਟਕਸਾਲ ਦੇ ਮੁਖੀ

# ਸੰਤ ਗਿਆਨੀ ਗੁਰਦਾਸ ਸਿੰਘ ਜੀ

### ਗਿਆਨੀ ਸੂਰਤ ਸਿੰਘ ਜੀ ਦੇ ਸੱਚਖੰਡ ਜਾਣ ਤੋਂ ਬਾਅਦ ਦਮਦਮੀ ਟਕਸਾਲ ਦੇ ਮੁਖੀ ਬਣੇ



ਸੰਤ ਗਿਆਨੀ ਗੁਰਦਾਸ ਸਿੰਘ ਜੀ, ਜੋ ਸੰਤ ਗਿਆਨੀ ਸੂਰਤ ਸਿੰਘ ਜੀ ਦੇ ਵੱਡੇ ਸਪੁੱਤਰ ਸਨ। ਗਿਆਨੀ ਸੂਰਤ ਸਿੰਘ ਜੀ ਦੇ ਸੱਚਖੰਡ ਜਾਣ ਤੋਂ ਬਾਅਦ ਉਹ ਦਮਦਮੀ ਟਕਸਾਲ ਦੇ ਮੁਖੀ ਬਣੇ ਅਤੇ ਸ੍ਰੀ ਹਰਿਮੰਦਰ ਸਾਹਿਬ 'ਚ ਗੁਰਬਾਣੀ ਦੀ ਕਥਾ ਕਰਦੇ ਰਹੇ ਤੇ ਉਹਨਾਂ ਨੇ ਅਨੇਕਾਂ ਵਿਦਿਆਰਥੀਆਂ ਨੂੰ ਗੁਰਬਾਣੀ ਦੀ ਸੰਥਿਆ ਕਰਵਾਈ ਅਤੇ ਅਰਥ ਪੜ੍ਹਾਏ। ਉਹਨਾਂ ਦੇ ਬਚਨਾਂ ਤੋਂ ਪ੍ਰਭਾਵਿਤ ਹੋ ਕੇ ਅਨੇਕਾਂ ਪ੍ਰਾਣੀਆਂ ਨੇ ਖੰਡੇ-ਬਾਟੇ ਦਾ ਅੰਮ੍ਰਿਤ ਛਕਿਆ ਤੇ ਸਿੱਖ ਧਰਮ ਗ੍ਰਹਿਣ ਕੀਤਾ। ਜਦ ਆਪ ਜੀ ਦਾ ਪੁੱਤਰ ਭਾਈ ਸ਼ੇਰ ਸਿੰਘ ਇੱਕ ਜੰਗ ਦੌਰਾਨ ਸ਼ਹੀਦੀ ਪਾ ਗਿਆ ਤਾਂ ਕਿਸੇ ਸਿੱਖ ਨੇ ਪੁੱਛਿਆ ਕਿ "ਗਿਆਨੀ ਜੀ! ਹੁਣ ਆਪ ਜੀ ਦੇ ਮਨ ਦੀ ਕੀ ਅਵਸਥਾ ਹੈ ?" ਤਾਂ ਆਪ ਨੇ ਗੁਰਬਾਣੀ ਦਾ ਸ਼ਬਦ ਪੜ੍ਹਿਆ "ਜਬ ਲਗੁ ਮੋਹ ਮਗਨ ਸੰਗਿ ਮਾਇ॥ ਤਬ ਲਗੁ ਧਰਮਰਾਇ ਦੇਇ ਸਜਾਇ॥"

ਆਪ ਜੀ ਨੂੰ ਪਰਿਵਾਰ ਦਾ ਬਿਲਕੁਲ ਵੀ ਮੋਹ ਨਹੀਂ ਸੀ, ਆਪ ਹਰ ਸਮੇਂ ਪੰਥ ਦੀ ਚੜ੍ਹਦੀ ਕਲਾ ਦੇ ਲਈ ਕਾਰਜ ਕਰਦੇ ਸਨ। ਆਪ ਜੀ ਨੇ ਸ੍ਰੀ ਦਰਬਾਰ ਸਾਹਿਬ ਦੀ ਮਰਯਾਦਾ ਨੂੰ ਬੜੀ ਤਨਦੇਹੀ ਦੇ ਨਾਲ ਨਿਭਾਇਆ, ਆਪ ਜੀ ਐਨੀ ਸ਼ਰਧਾ ਭਾਵਨਾ ਵਿੱਚ ਭਿੱਜ ਕੇ ਕਈ ਕਈ ਘੰਟੇ ਸੇਵਾ ਕਰਦੇ ਸਨ ਕਿ ਖਾਣ ਪੀਣ ਦਾ ਵੀ ਚੇਤਾ ਨਹੀਂ ਸੀ ਰਹਿੰਦਾ। ਆਪ ਜੀ ਦਾ ਜੀਵਨ ਬਹੁਤ ਉੱਚਾ ਸੁੱਚਾ ਤੇ ਬੰਦਗੀ ਵਾਲਾ ਸੀ।

ਸੰਤ ਗਿਆਨੀ ਗੁਰਦਾਸ ਸਿੰਘ ਜੀ ਦੇ ਪਿਤਾ ਜੀ ਸੰਤ ਗਿਆਨੀ ਸੂਰਤ ਸਿੰਘ ਜੀ ਕੁਝ ਸਮਾਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਹਜ਼ੂਰੀ ਵਿੱਚ ਰਹੇ ਸਨ, ਉਹਨਾਂ ਨੇ ਸ਼ਹੀਦ ਭਾਈ ਮਨੀ ਸਿੰਘ ਅਤੇ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਪਾਸੋਂ ਗੁਰਬਾਣੀ ਦੇ ਅਰਥ ਪੜ੍ਹੇ ਸਨ, ਉਹਨਾਂ ਨੇ ਸੰਨ 1765 ਵਿੱਚ ਸ੍ਰੀ ਦਰਬਾਰ ਸਾਹਿਬ ਦਾ ਪ੍ਰਬੰਧ ਸੰਭਾਲਿਆ ਸੀ ਤੇ ਭਾਈ ਮਨੀ ਸਿੰਘ ਜੀ ਪਾਸੋਂ ਜੋ ਕਥਾ ਸੁਣੀ ਉਸ ਨੂੰ ਲਿਖਤੀ ਰੂਪ ਵੀ ਦਿੱਤਾ ਤੇ ਭਾਈ ਗੁਰਦਾਸ ਜੀ ਦੀ ਪਹਿਲੀ ਵਾਰ ਦਾ ਟੀਕਾ ਗਿਆਨੀ ਸੂਰਤ ਸਿੰਘ ਜੀ ਨੇ ਹੀ ਕੀਤਾ ਸੀ। ਆਪਣੇ ਪਿਤਾ ਗਿਆਨੀ ਸੂਰਤ ਸਿੰਘ ਜੀ ਵਾਂਗ ਫਿਰ ਗਿਆਨੀ ਗੁਰਦਾਸ ਸਿੰਘ ਜੀ ਨੇ ਵੀ ਖਾਲਸਾ ਪੰਥ ਦੀਆਂ ਅਹਿਮ ਸੇਵਾਵਾਂ ਨਿਭਾਈਆਂ ਅਤੇ ਦਮਦਮੀ ਟਕਸਾਲ ਦੀ ਸ਼ਾਨ ਨੂੰ ਹੋਰ ਚਮਕਾਇਆ। ਸੰਤ ਗਿਆਨੀ ਗੁਰਦਾਸ ਸਿੰਘ ਜੀ ਤੋਂ ਬਾਅਦ ਉਹਨਾਂ ਦੇ ਛੋਟੇ ਭਰਾ ਗਿਆਨੀ ਸੰਤ ਸਿੰਘ ਜੀ ਨੇ ਦਮਦਮੀ ਟਕਸਾਲ ਦੀ ਸੰਭਾਲੀ ਅਤੇ ਉਹ ਸ੍ਰੀ ਦਰਬਾਰ ਸਾਹਿਬ ਦੇ ਮੁੱਖ ਗ੍ਰੰਥੀ ਵੀ ਰਹੇ, ਉਹਨਾਂ ਨੇ ਹੀ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਨੂੰ ਪ੍ਰੇਰ ਕੇ ਸ੍ਰੀ ਦਰਬਾਰ ਸਾਹਿਬ ਦੀ ਇਮਾਰਤ ਤੇ ਸੋਨਾ ਲਗਵਾਇਆ ਸੀ।




**- ਰਣਜੀਤ ਸਿੰਘ ਦਮਦਮੀ ਟਕਸਾਲ**
(ਪ੍ਰਧਾਨ ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ)
ਮੋ : 88722-93883.

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਵਾਹਿਗੁਰੂ ਜੀ ਕਾ ਖਾਲਸਾ ।
ਵਾਹਿਗੁਰੂ ਜੀ ਕੀ ਫ਼ਤਹਿ ॥





## ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿਚ ਪਿੰਡ ਸਲੇਮਪੁਰ ਮਸੰਦਾਂ ਦੀ ਸਮੂੰਹ ਸਾਧ ਸੰਗਤ ਵਲੋਂ ਗੁਰੂ ਨਾਨਕ ਗੁਰਦੁਆਰਾ ਵਾਲਸਾਲ ਰੋਡ ਵਿਲਨਹਾਲ ਵਿਖੇ

# ਧਾਰਮਿਕ ਸਮਾਗਮ 30 ਜੂਨ 2024, ਦਿਨ ਐਤਵਾਰ

ਗੁਰੂ ਪਿਆਰੀ ਸਾਧ ਸੰਗਤ ਜੀਓ, ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿੱਚ ਪਿੰਡ ਸਲੇਮਪੁਰ ਮਸੰਦਾਂ ਦੀ ਸਾਧ ਸੰਗਤ ਦੇ ਸਹਿਯੋਗ ਨਾਲ 30 ਜੂਨ 2024 ਦਿਨ ਐਤਵਾਰ ਨੂੰ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ। ਸੋ ਸਮੂੰਹ ਸਾਧ ਸੰਗਤ ਅਤੇ ਪਿੰਡ ਸਲੇਮਪੁਰ ਮਸੰਦਾਂ ਦੇ ਨਗਰ ਨਿਵਾਸੀਆਂ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਸਮਾਗਮ ਦੀ ਰੋਣਕ ਵਧਾਉਣ ਲਈ ਪਰਿਵਾਰਾਂ ਸਮੇਤ ਸ਼ਾਮਲ ਹੋ ਕੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

### --✶ ਪ੍ਰੋਗਰਾਮ ✶--

☛ ਆਰੰਭ ਸ੍ਰੀ ਆਖੰਡਪਾਠ ਸਾਹਿਬ ਦਿਨ ਸ਼ੁਕਰਵਾਰ 28 ਜੂਨ 2024 ਸਵੇਰੇ 9:00 ਵਜੇ

☛ ਭੋਗ ਸ੍ਰੀ ਆਖੰਡਪਾਠ ਸਾਹਿਬ ਦਿਨ ਐਤਵਾਰ 30 ਜੂਨ 2024 ਸਵੇਰੇ 10 ਵਜੇ

☛ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਗੁਰਬਾਣੀ ਕੀਰਤਨ (11.00 ਵਜੇ ਸਵੇਰੇ) ਅਤੇ ਕਥਾ ਦੁਆਰਾ ਜਥੇ ਸੰਗਤਾਂ ਨੂੰ ਨਿਹਾਲ ਕਰਨਗੇ

☛ ਤਿੰਨੋਂ ਦਿਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ

"WAHEGURU JI HA HHALSA
WAHEGURU JI HI FATEH"
On the special occasion of
DHAN DHAN BABA DASSA JI'S
70TH ANNUAL MELA
AKHAND PATH SAHIB
at
Guru Nanak Sikh Gurudwara Sahib
65-67 Walsall Rd, Willenhall
WV13 2RD,
United Kingdom

*Your presence is requested to attend as per programme*
*DATES: 28th June 2024 to 30th June 2024*
*28th June*
*Arambh Sri Akhand Path Sahib:9:00am*
*30th June*
*Bhog Sri Akhand Path Sahib: 10:00am*
*Kirtan: 11:00am*
*Langar: After kirtan*
*FROM:*
*ALL SANGAT OF SALEMPUR MASSANDAN*


ਗੁਰਦੁਆਰਾ ਸਾਹਿਬ ਦਾ ਪਤਾ : **Guru Nanak Gurdawara, 65-67 Walsall Road, Willenhall, WV 13 2RD**

30 ਜੂਨ, ਦਿਨ ਐਤਵਾਰ ਨੂੰ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਦੁਨੀਆਂ ਭਰ ਵਿੱਚ ਆਵਾਜ਼ਿ ਕੌਮ ਵੈੱਬ ਟੀ. ਵੀ. 'ਤੇ ਦੇਖਿਆ ਜਾ ਸਕਦਾ ਹੈ।

ਆਵਾਜ਼ਿ ਕੌਮ AWAZE QAUM WEB TV

**ਬੇਨਤੀ ਕਰਤਾ : ਇੰਗਲੈਂਡ ਨਿਵਾਸੀ ਸਾਧ ਸੰਗਤ, ਪਿੰਡ ਸਲੇਮਪੁਰ ਮਸੰਦਾਂ ਜ਼ਿਲ੍ਹਾ ਜਲੰਧਰ (ਪੰਜਾਬ)**

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST LUNCH DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ

www.damdamitaksal.net
੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਹਫ਼ਤਾਵਾਰੀ ਸਮਾਗਮ

ਸਿੱਖ ਕੌਮ ਦੇ

ਜਰਨੈਲ ਸ੍ਰ. ਜੱਸਾ ਸਿੰਘ ਆਹਲੂਵਾਲੀਆ ਜੀ ਦੇ

ਜਨਮ ਦਿਹਾੜੇ ਨੂੰ ਸਮਰਪਿਤ

## ਵਿਸ਼ੇਸ਼ ਗੁਰਮਤਿ ਸਮਾਗਮ

ਗੁਰਦੁਆਰਾ ਮਾਤਾ ਸੁੰਦਰੀ ਜੀ ਵਿਖੇ

**ਸ਼ਨੀਵਾਰ 18 ਮਈ 2024 ਸ਼ਾਮ 05.30 ਤੋਂ ਰਾਤ 10.30 ਵਜੇ ਤਕ**






| | |
|---|---|
| 05.45 ਤੋਂ 06.45 | ਸੋਦਰੁ ਚੌਕੀ ਭਾਈ ਕੇਵਲ ਸਿੰਘ ਜੀ ਹਜ਼ੂਰੀ ਰਾਗੀ ਗੁ. ਬੰਗਲਾ ਸਾਹਿਬ |
| 06.45 ਤੋਂ 07.15 | ਪਾਠ-ਸ੍ਰੀ ਰਹਿਰਾਸ ਸਾਹਿਬ ਜੀ |
| 07.15 ਤੋਂ 08.15 | ਕੀਰਤਨ-ਭਾਈ ਸੁਖਪ੍ਰੀਤ ਸਿੰਘ ਜੀ ਖਾਲਸਾ ਅੰਮ੍ਰਿਤਸਰ ਵਾਲੇ |
| 08.15 ਤੋਂ 09.30 | ਕੀਰਤਨ-ਭਾਈ ਜਸਕਰਨ ਸਿੰਘ ਜੀ ਪਟਿਆਲੇ ਵਾਲੇ |
| 09.30 ਤੋਂ 10.15 | ਕਥਾ -**ਜੱਥੇਦਾਰ ਗਿਆਨੀ ਬਲਜੀਤ ਸਿੰਘ ਜੀ ਦਾਦੂਵਾਲ**<br>ਚੇਅਰਮੇਨ ਧਰਮ ਪ੍ਰਚਾਰ ਕਮੇਟੀ ਹਰਿਆਣਾ ਸਿੱਖ ਗੁ. ਪ੍ਰਬੰਧਕ ਕਮੇਟੀ |

ਉਪਰੰਤ ਅਰਦਾਸ ਅਤੇ ਸਮਾਪਤੀ, ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ



LIVE TELECAST

GSPS LIVE



ਬੇਨਤੀ ਕਰਤਾ : ਗਿਆਨੀ ਸੰਦੀਪ ਸਿੰਘ ਜੀ ਹੈਡ ਗ੍ਰੰਥੀ ਗੁਰਦੁਆਰਾ ਮਾਤਾ ਸੁੰਦਰੀ ਜੀ

ਚੇਅਰਮੈਨ ਸ. ਬਲਜਿੰਦਰ ਸਿੰਘ ਜੀ ਗੁ: ਮਾਤਾ ਸੁੰਦਰੀ

ਪੁਛਗਿਛ ਲਈ : 798248846, 9541008512

ਵਿਸ਼ੇਸ਼ ਅਪੀਲ : ਦਿੱਲੀ ਦੀਆਂ ਸਮੂੰਹ ਇਸਤ੍ਰੀ ਸਤਿਸੰਗ ਸਭਾਵਾਂ ਅਤੇ ਜੱਥੇਬੰਦੀਆਂ ਨੂੰ ਬੇਨਤੀ ਹੇ ਕੀ ਗੁਰੂਦੁਆਰਾ ਮਾਤਾ ਸੁੰਦਰੀ ਜੀ ਵਿਖੇ ਕੀਰਤਨ ਅਤੇ ਅੰਮ੍ਰਿਤ ਵੇਲੇ ਹਾਜ਼ਰੀ ਭਰਨ ਦੀ ਕਿਰਪਾਲਤਾ ਕਰੋ ਜੀ ਬੇਨਤੀ ਕਰਤਾ ਦਾਸ : ਹੈੱਡ ਗ੍ਰੰਥੀ ਸਾਹਿਬ ਗੁ. ਮਾਤਾ ਸੁੰਦਰੀ ਜੀ

## FREE ACUPRESSURE CAMP

Chairman S. Kawaljeet Singh

ਆਵਾਜ਼ਿ ਕੌਮ AWAZE QAUM International Newspaper & WEB TV

### ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਸਬੰਧੀ

# ਕੈਨੇਡਾ ਦੀਆਂ ਸੰਗਤਾਂ ਵਿੱਚ ਭਾਰੀ ਉਤਸ਼ਾਹ



**ਐਡਮਿੰਟਨ/ਕਨੇਡਾ (ਜਗਮੀਤ ਸਿੰਘ ਬਾਠ)**-ਵੀਹਵੀਂ ਸਦੀ ਦੇ ਮਹਾਨ ਸਿੱਖ ਜਰਨੈਲ ਸੰਤ ਬਾਬਾ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦਾ ਜਨਮ ਦਿਹਾੜਾ ਜੋ ਪਹਿਲਾਂ ਦੀ ਤਰ੍ਹਾਂ ਇਸ ਸਾਲ ਵੀ ਮਿਤੀ 2 ਜੂਨ 2024 ਦਿਨ ਐਤਵਾਰ ਨੂੰ ਪਿੰਡ ਰੋਡੇ ਜਿਲ੍ਹਾ ਮੋਗਾ ਵਿਖੇ ਦਾਣਾ ਮੰਡੀ ਵਿੱਚ ਖੁੱਲ੍ਹੇ ਪੰਡਾਲ ਵਿੱਚ ਵਿੱਚ ਇੱਕ ਧਾਰਮਿਕ ਸਮਾਗਮ ਕਰਾਕੇ ਮਨਾਇਆ ਜਾ ਰਿਹਾ ਹੈ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਜਥੇਦਾਰ ਹਰਚੰਦ ਸਿੰਘ ਚਕਰ ਪੰਜਾਬ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਨੇ ਕੀਤਾ ਜੋ ਇਸ ਸਮੇਂ ਕਨੇਡਾ ਫੇਰੀ ਤੇ ਹਨ ਉਹਨਾਂ ਅੱਗੇ ਕਿਹਾ ਕਿ ਪਹਿਲੇ ਸਮਾਗਮਾਂ ਵਿੱਚ ਜਿੱਥੇ ਵਿਦੇਸ਼ਾਂ ਵਿੱਚੋਂ ਇੰਗਲੈਂਡ, ਅਸਟ੍ਰੇਲੀਆ, ਨਿਊਜ਼ੀਲੈਂਡ ਅਤੇ ਇਟਲੀ ਆਦਿ ਤੋਂ ਸੰਗਤਾਂ ਜਥਿਆਂ ਦੇ ਰੂਪ ਵਿੱਚ ਪੰਜਾਬ ਆ ਕੇ ਸ਼ਹੀਦਾਂ ਦੇ ਸ਼ਹੀਦੀ ਦਿਹਾੜੇ ਅਤੇ ਜਨਮ ਦਿਹਾੜਿਆਂ ਵਿੱਚ ਸ਼ਮੂਲੀਅਤ ਕਰਦੇ ਹਨ ਇਸ ਵਾਰ ਕਨੇਡਾ ਦੀ ਧਰਤੀ ਤੋਂ ਵੀ ਸੰਗਤਾਂ ਵੱਡੀ ਗਿਣਤੀ ਵਿੱਚ ਸੰਤ ਬਾਬਾ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮਾਂ ਵਿੱਚ ਹਾਜ਼ਰੀ ਭਰ ਕੇ ਆਪਣਾ ਤਨ, ਮਨ ਅਤੇ ਧਨ ਸਫਲਾ ਕਰਨਗੀਆਂ ਉਹਨਾਂ ਅੱਗੇ ਕਿਹਾ ਕਿ ਸੰਗਤਾਂ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਅਸਥਾਨ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਦੇ ਦਰਸ਼ਨ ਦੀਦਾਰੇ ਵੀ ਕਰਨਗੀਆਂ।



### ਸੰਧੂ ਸਮੁੰਦਰੀ ਦੇ ਹੱਕ 'ਚ ਰਾਜਾਸਾਂਸੀ ਹਲਕੇ 'ਚ ਮੁਖਵਿੰਦਰ ਸਿੰਘ ਮਾਹਲ ਵੱਲੋਂ ਰੋਡ ਸ਼ੋ ਕੀਤਾ ਗਿਆ

# ਭਾਜਪਾ ਉਮੀਦਵਾਰ ਸੰਧੂ ਸਮੁੰਦਰੀ ਨੇ ਕਿਹਾ ਅੰਮ੍ਰਿਤਸਰ ਦਾ ਵਿਕਾਸ ਮੇਰਾ ਮਕਸਦ ਹੈ



**ਰਾਜਾਸਾਂਸੀ /ਅੰਮ੍ਰਿਤਸਰ 16 ਮਈ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਜਪਾ ਦੇ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੇ ਹੱਕ 'ਚ ਹਲਕਾ ਰਾਜਾਸਾਂਸੀ 'ਚ ਮੁਖਵਿੰਦਰ ਸਿੰਘ ਮਾਹਲ ਵੱਲੋਂ ਰੋਡ ਸ਼ੋ ਕੀਤਾ ਗਿਆ। ਇਹ ਰਾਜਾਸਾਂਸੀ ਤੋਂ ਸ਼ੁਰੂ ਹੋਕੇ ਪਿੰਡ ਖਿਆਲਾ ਕਲਾ, ਚੁਗਾਵਾਂ ਤੋਂ ਹੁੰਦਾ ਹੋਇਆ ਸਰਹੱਦੀ ਪਿੰਡਾਂ ਭਿੰਡੀ ਸੈਂਦਾ ਵਿਖੇ ਸਮਾਪਤ ਕੀਤਾ ਗਿਆ। ਵਿਸ਼ਾਲ ਰੋਡ ਸ਼ੋਅ ਵਿਚ ਭਾਰੀ ਗਿਣਤੀ ਵਿੱਚ ਮੋਟਰਸਾਈਕਲ ਅਤੇ ਕਾਰਾਂ 'ਚ ਸਵਾਰ ਪਾਰਟੀ ਦੇ ਵਰਕਰਾਂ ਵੱਲੋਂ ਪਾਰਟੀ ਦੇ ਝੰਡੇ ਲਗਾ ਕੇ ਇਲਾਕਾ ਨਿਵਾਸੀਆਂ ਨੂੰ ਵੋਟਾਂ ਪਾਉਣ ਦੇ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਲੋਕਾਂ ਵੱਲੋਂ ਥਾਂ ਥਾਂ ਤਰਨਜੀਤ ਸਿੰਘ ਸੰਧੂ ਸਮੁੰਦਰੀ ਦਾ ਭਰਵਾਂ ਸਵਾਗਤ ਕੀਤਾ ਗਿਆ। ਲੋਕਾਂ ਨੇ ਭਰੋਸਾ ਦਿੱਤਾ ਕਿ ਉਹ ਸੰਧੂ ਸਮੁੰਦਰੀ ਨੂੰ ਜਿਤਾ ਕੇ ਦਮ ਲੈਣਗੇ। ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਸ੍ਰੀ ਅੰਮ੍ਰਿਤਸਰ ਲਈ ਆਪਣਾ ਵਿਜ਼ਨ ਪੇਸ਼ ਕਰਦਿਆਂ ਕਿਹਾ ਕਿ ਉਸ ਦਾ ਮਕਸਦ ਅੰਮ੍ਰਿਤਸਰ ਲੋਕ ਸਭਾ ਹਲਕੇ ਦੀ ਤਰੱਕੀ ਅਤੇ ਖ਼ੁਸ਼ਹਾਲੀ ਹੈ। ਉਨ੍ਹਾਂ ਕਾਰੋਬਾਰ ਅਤੇ ਇੰਡਸਟਰੀ ਬਾਰੇ ਕਿਹਾ ਕਿ ਅੰਮ੍ਰਿਤਸਰ ਨੂੰ ਪਹਿਲਾਂ ਦੀ ਤਰਾਂ ਇੰਡਸਟਰੀ ਹੱਬ ਬਣਾਇਆ ਜਾਵੇਗਾ। ਕਾਰੋਬਾਰੀਆਂ ਦੀ ਪ੍ਰੇਸ਼ਾਨੀ ਦੂਰ ਕਰਨ ਵਲ ਕਦਮ ਪੁੱਟਣਾ ਉਸ ਦੀ ਪਹਿਲ ਹੋਵੇਗੀ। ਅੰਮ੍ਰਿਤਸਰ ਬ੍ਰਾਂਡ ਨੂੰ ਵਿਦੇਸ਼ਾਂ ਵਿਚ ਹਰ ਹਾਲ ਪਾਪੂਲਰ ਕਰਾਇਆ ਜਾਵੇਗਾ।ਅੰਮ੍ਰਿਤਸਰ 'ਚ ਅਮਰੀਕਨ ਕੌਂਸਲੇਟ ਖੋਲ੍ਹਿਆ ਜਾਵੇਗਾ। ਮਲਟੀਪਲ ਵੀਜ਼ਾ ਅਪਲਾਈ ਸੈਂਟਰ 'ਵੀ ਐਫ ਐਸ ਗਲੋਬਲ ਸੈਂਟਰ' ਨੂੰ ਅੰਮ੍ਰਿਤਸਰ ਵਿਖੇ ਸਥਾਪਿਤ ਕੀਤਾ ਜਾਵੇਗਾ ਅਤੇ ਲੋਕਾਂ ਲਈ ਬਾਇਓ ਮੈਟਰਿਕ ਉਪਕਰਨ ਉਪਲਬਧ ਕਰਾਇਆ ਜਾਵੇਗਾ।ਗੁਰੂ ਨਾਨਕ ਦੇਵ ਹਸਪਤਾਲ ਨੂੰ ਏਮਜ਼ 'ਚ ਤਬਦੀਲ ਕੀਤਾ ਜਾਵੇਗਾ। ਕੇਂਦਰੀ ਯੂਨੀਵਰਸਿਟੀ ਅੰਮ੍ਰਿਤਸਰ ਲਿਆਵਾਂਗੇ। ਅੰਮ੍ਰਿਤਸਰ ਨੂੰ ਆਈ ਟੀ ਹੱਬ ਅਤੇ ਅਟਾਰੀ ਬਾਡਰ ( ਆਈ ਪੀ ਸੀ ) ਰਾਹੀ ਵਪਾਰ ਖੋਲ੍ਹਾਂਗੇ। ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਇੰਟਰਨੈਸ਼ਨਲ ਏਅਰ ਪੋਰਟ, ਰਾਜਾਸਾਂਸੀ ਅੰਮ੍ਰਿਤਸਰ ਤੋਂ ਏਅਰ ਕਾਰਗੋ ਦੀ ਪੂਰੀ ਵਰਤੋਂ ਕੀਤੀ ਜਾਵੇਗੀ। ਤਾਂ ਕਿ ਕਿਸਾਨਾਂ ਦੀਆਂ ਸਬਜ਼ੀਆਂ ਅਤੇ ਫਲ਼ ਆਦਿ ਨੂੰ ਬਾਹਰ ਭੇਜਣਾ ਸੌਖਾ ਕੀਤਾ ਜਾ ਸਕੇ। ਅੰਮ੍ਰਿਤਸਰ ਵਾਇਆ ਮਖੂ - ਗੁਜਰਾਤ ਅਤੇ ਮੁੰਬਈ ਪੋਰਟ ਰਾਹੀਂ ਖਾੜੀ ਦੇਸ਼ਾਂ ਨਾਲ ਵਪਾਰ ਨੂੰ ਉਤਸ਼ਾਹਿਤ ਕਰਨਾ ਉਦੇਸ਼ ਹੈ। ਅੰਮ੍ਰਿਤਸਰ ਨੂੰ ਏਅਰ ਕੁਨੈਕਟੀਵਿਟੀ ਵਧਾਉਣ ਵਲ ਧਿਆਨ ਦੇਵਾਂਗਾ।ਕੈਨੇਡਾ ਅਤੇ ਅਮਰੀਕਾ ਤੋਂ ਸਿੱਧੀਆਂ ਉਡਾਣਾਂ ਆਉਣਗੀਆਂ। ਸਰਹੱਦੀ ਖੇਤਰ ਅੰਮ੍ਰਿਤਸਰ 'ਚ ਐਸ ਈ ਜੈਡ ਸਥਾਪਿਤ ਕਰਨਾ। ਬਾਡਰ ਏਰੀਆ ਡਿਵੈਲਪਮੈਂਟ ਫ਼ੰਡ ਦੀ ਵਰਤੋਂ ਆਪਣੇ ਮਕਸਦ ਲਈ ਹੀ ਹੋਵੇ ਇਹ ਯਕੀਨੀ ਬਣਾਇਆ ਜਾਵੇਗਾ। ਤਾਰਾਂ ਤੋਂ ਪਾਰ ਜ਼ਮੀਨਾਂ 'ਚ ਕੰਮ ਕਰਦੇ ਕਿਸਾਨਾਂ ਮਜ਼ਦੂਰਾਂ ਲਈ ਵਧੇਰੇ ਸਮਾਂ ਦਿਵਾਇਆ ਜਾਵੇਗਾ । ਤਾਰ ਤੋਂ ਪਾਰ ਜ਼ਮੀਨਾਂ ਦਾ ਮੁਆਵਜ਼ਾ ਦਿਵਾਇਆ ਜਾਵੇਗਾ।ਕੰਡਿਆਲੀ ਤਾਰ ਨੂੰ ਜ਼ੀਰੋ ਲਾਈਨ 'ਤੇ ਲਿਜਾਣ ਦਾ ਕੰਮ ਸ਼ੁਰੂ ਹੋ ਚੁਕਾ ਹੈ। ਸਪੋਰਟਸ ਨੂੰ ਉਤਸ਼ਾਹਿਤ ਕਰਨ ਹਿਤ ਕ੍ਰਿਕਟ ਸਟੇਡੀਅਮ ਅਤੇ ਗਾਂਧੀ ਗਰਾਊਂਡ ਵਿਚ 2027 ਨੂੰ ਆਈ ਪੀ ਐੱਲ ਮੈਚ ਕਰਾਇਆ ਜਾਵੇਗਾ। ਆਧੁਨਿਕ ਤਕਨੀਕ ਨਾਲ ਲੈਸ ਖੇਡ ਕੰਪਲੈਕਸ। ਪਿੰਡਾਂ ਵਿਚ ਖੇਡ ਗਰਾਊਂਡ ਬਣਾਏ ਜਾਣਗੇ। ਅੰਮ੍ਰਿਤਸਰ ਨੂੰ ਇੰਦੌਰ ਦੀ ਤਰਾਂ ਸਾਫ਼ ਅਤੇ ਸਵੱਛ ਬਣਾਉਣਾ ਅਤੇ 2027 ਤਕ ਗੁਰੂ ਨਗਰੀ ਦੇ 450ਵੇ ਸਥਾਪਨਾ 'ਤੇ ਸ਼ਹਿਰ ਨੂੰ ਇੰਦੌਰ ਤੇ ਬੰਗਲੌਰ ਦੀ ਤਰਾਂ ਸਾਫ਼ ਅਤੇ ਸਵੱਛ ਬਣਾਉਣ ਹਿਤ ਪ੍ਰਧਾਨ ਮੰਤਰੀ ਤੋਂ ਵਿਸ਼ੇਸ਼ ਪੈਕੇਜ ਲੈ ਕੇ ਆਵਾਂਗਾ। ਸ੍ਰੀ ਦਰਬਾਰ ਸਾਹਿਬ ਅਤੇ ਦੁਰਗਿਆਣਾ ਮੰਦਰ ਤਕ ਸ਼ਰਧਾਲੂਆਂ ਦੀ ਪਹੁੰਚ ਨੂੰ ਅਸਾਨ ਬਣਾਉਣ ਲਾਈ ਯੋਜਨਾ 'ਤੇ ਅਮਲ ਕੀਤਾ ਜਾਵੇਗਾ। ਸੀਵਰੇਜ ਸਿਸਟਮ ਨੂੰ ਦਰੁਸਤ ਕਰਨ ਤੇ ਸੀਵਰੇਜ ਅਤੇ ਪਾਣੀ ਦੇ ਮਿਲਾਪ ਨੂੰ ਸਹੀ ਕਰਨ ਲਈ ਆਧੁਨਿਕ ਤਕਨੀਕ ਦੀ ਵਰਤੋਂ ਕੀਤੀ ਜਾਵੇਗੀ। ਗੰਦੇ ਨਾਲੇ ਦੀ ਪ੍ਰੇਸ਼ਾਨੀ ਦੂਰ ਕਰਨ ਲਈ ਵਾਟਰ ਟਰੀਟਮੈਂਟ ਪਲਾਂਟ ਲਗਾਏ ਜਾਣਗੇ।



# ਪੰਥਕ ਸੋਚ ਵਾਲੇ ਅਜਾਦ ਉਮੀਦਵਾਰਾਂ ਨੂੰ ਜਿਤਾਉਣਾ ਸਮੇਂ ਦੀ ਮੁੱਖ ਲੋੜ :ਜਥੇਦਾਰ ਹਰਚੰਦ ਸਿੰਘ ਚਕਰ



ਐਡਮਿੰਟਨ /ਕਨੇਡਾ (ਜਗਮੀਤ ਸਿੰਘ ਬਾਠ) ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਚਕਰ ਜੋ ਇਸ ਸਮੇਂ ਕਨੇਡਾ ਫੇਰੀ ਤੇ ਹਨ ਉਹਨਾਂ ਇਕ ਵਿਸ਼ੇਸ਼ ਮਿਲਣੀ ਦੌਰਾਨ ਕਿਹਾ ਕਿ ਪੰਜਾਬ ਵਿੱਚ ਲੋਕ ਸਭਾ ਚੋਣਾਂ ਦਾ ਮਹੌਲ ਪੂਰੀ ਤਰ੍ਹਾਂ ਗਰਮਾਇਆ ਹੋਇਆ ਹੈ ਸਾਰੀਆਂ ਹੀ ਰਾਜਸੀ ਪਾਰਟੀਆਂ ਵਲੋਂ ਆਪੋ-ਆਪਣੇ ਉਮੀਦਵਾਰ ਚੋਣ ਮੈਦਾਨ ਵਿੱਚ ਉਤਾਰ ਦਿੱਤੇ ਹਨ ਪ੍ਰੰਤੂ ਕੁੱਝ ਪੰਥਕ ਸੋਚ ਰੱਖਣ ਵਾਲੇ ਵੀ ਆਜਾਦ ਉਮੀਦਵਾਰ ਦੇ ਰੂਪ ਵਿੱਚ ਚੋਣ ਮੈਦਾਨ ਵਿੱਚ ਹਨ ਜਿਨ੍ਹਾਂ ਵਿੱਚ ਹਲਕਾ ਖਡੂਰ ਸਾਹਿਬ ਤੋਂ ਭਾਈ ਅਮ੍ਰਿਤਪਾਲ ਸਿੰਘ ਖਾਲਸਾ ਜਿਨ੍ਹਾਂ ਨੇ ਅੰਮ੍ਰਿਤ ਸੰਚਾਰ ਦੀ ਲਹਿਰ ਚਲਾਈ ਸੀ ਜਿਸ ਨਾਲ ਅਨੇਕਾਂ ਨੌਜਵਾਨ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣੇ ਅਤੇ ਨਸ਼ਿਆਂ ਦੀ ਦਲਦਲ ਵਿਚੋਂ ਬਾਹਰ ਨਿਕਲੇ ,ਹਲਕਾ ਫਰੀਦਕੋਟ ਤੋਂ ਭਾਈ ਸਰਬਜੀਤ ਸਿੰਘ ਮਲੋਆ ਸਪੁੱਤਰ ਸ਼ਹੀਦ ਭਾਈ ਬੇਅੰਤ ਸਿੰਘ ਇੰਦਰਾ ਗਾਂਧੀ ਕਤਲ ਕਾਂਡ ਵਾਲੇ ਜਿਨ੍ਹਾਂ ਨੇ 1984 ਵਿੱਚ ਸ੍ਰੀ ਅਕਾਲ ਤਖਤ ਸਾਹਿਬ ਸਮੇਤ ਹੋਰ ਗੁਰਦੁਆਰਿਆਂ ਉਪਰ ਹੋਏ ਹਮਲੇ ਦਾ ਬਦਲਾ ਲਿਆ ਸੀ ਅਤੇ ਹਲਕਾ ਲੁਧਿਆਣਾ ਤੋਂ ਭਾਈ ਕਮਲਜੀਤ ਸਿੰਘ ਬਰਾੜ ਜੋ ਹਮੇਸ਼ਾ ਹੀ ਪੰਜਾਬ ਲਈ ਹੱਕ-ਸੱਚ ਦੀ ਅਵਾਜ ਚੁੱਕਦੇ ਰਹਿੰਦੇ ਹਨ ਇਹਨਾਂ ਦਾ ਜਿੱਤਣਾ ਬਹੁਤ ਜਰੂਰੀ ਹੈ ਕਿਉਂਕਿ ਆਪਣੇ ਕੋਲ ਅੱਜ ਸਮਾਂ ਹੈ ਆਪਣੀ ਵੋਟ ਨਾਲ ਰਾਜ ਕਰਦੀਆਂ ਸਰਕਾਰਾਂ ਨੂੰ ਦੱਸ ਦਈਏ ਕਿ ਖਾਲਸਾ ਪੰਥ ਅੱਜ ਵੀ ਇੱਕ ਝੰਡੇ ਹੇਠ ਹੈ ਆਪੋ ਆਪਣੀਆਂ ਪਾਰਟੀਆਂ ਨਾਲ ਰਹੋ ਪਰ ਵੋਟ ਪਾਉਣ ਲੱਗੇ ਆਪਣੀ ਜਮੀਰ ਦੀ ਆਵਾਜ਼ ਜਰੂਰ ਸੁਣਿਓ ਮੈਨੂੰ ਪੂਰੀ ਉਮੀਦ ਹੈ ਕਿ ਪੰਜਾਬ ਦੇ ਲੋਕ ਪੰਜਾਬ ਦੀ ਕਿਸਮਤ ਦਾ ਫੈਸਲਾ ਕਰਨ ਲੱਗੇ EVM ਮਸੀਨ ਦਾ ਬਟਨ ਦਬਾਉਣ ਤੋਂ ਪਹਿਲਾਂ ਆਪਣੀ ਜਮੀਰ ਦੀ ਆਵਾਜ਼ ਜਰੂਰ ਸੁਣਨਗੇ

# ਸੀਨੀਅਰ ਪੱਤਰਕਾਰ ਰਣਜੀਤ ਸਿੰਘ ਰਾਜੂ ਪੰਜਾਬ ਐਂਡ ਚੰਡੀਗੜ੍ਹ ਜਰਨਲਸਿਟ ਯੂਨੀਅਨ ਦੇ ਬਣੇ ਮੀਤ ਪ੍ਰਧਾਨ



ਤਲਵੰਡੀ ਸਾਬੋ, 16 ਮਈ (ਗੁਰਜੰਟ ਸਿੰਘ ਨਥੇਹਾ)- ਖਿੱਤੇ ਦੇ ਨਾਮੀ ਅਤੇ ਸੀਨੀਅਰ ਪੱਤਰਕਾਰ ਰਣਜੀਤ ਸਿੰਘ ਰਾਜੂ ਨੂੰ ਸੂਬੇ ਭਰ ਵਿੱਚ ਪੱਤਰਕਾਰਾਂ ਦੇ ਹਿਤਾਂ ਲਈ ਕੰਮ ਕਰਦੀ ਜਥੇਬੰਦੀ 'ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ' ਦੀ ਬੀਤੇ ਦਿਨ ਟੀਚਰਜ਼ ਹੋਮ ਬਠਿੰਡਾ ਵਿਖੇ ਹੋਈ ਇੱਕ ਮੀਟਿੰਗ ਦੌਰਾਨ ਜਥੇਬੰਦੀ ਦੀ ਜਿਲ੍ਹਾ ਬਠਿੰਡਾ ਇਕਾਈ ਦਾ ਮੀਤ ਪ੍ਰਧਾਨ ਚੁਣ ਲਿਆ ਗਿਆ ਹੈ ਜਿਸ ਨਾਲ ਸਥਾਨਕ ਪੱਤਰਕਾਰ ਭਾਈਚਾਰੇ ਵਿੱਚ ਖੁਸ਼ੀ ਦਾ ਮਾਹੌਲ ਦੇਖਣ ਨੂੰ ਮਿਲ ਰਿਹਾ ਹੈ। ਦੱਸਣਾ ਬਣਦਾ ਹੈ ਕਿ ਮੌਜੂਦਾ ਸਮੇਂ ਦਮਦਮਾ ਸਾਹਿਬ ਪ੍ਰੈੱਸ ਕਲੱਬ ਤਲਵੰਡੀ ਸਾਬੋ ਦੇ ਸਰਪ੍ਰਸਤ ਰਣਜੀਤ ਸਿੰਘ ਰਾਜੂ ਇਸ ਤੋਂ ਪਹਿਲਾਂ ਕਰੀਬ 10 ਵਰ੍ਹੇ ਲਗਾਤਾਰ ਦਮਦਮਾ ਸਾਹਿਬ ਪ੍ਰੈੱਸ ਕਲੱਬ ਦੇ ਪ੍ਰਧਾਨ ਰਹਿ ਚੁੱਕੇ ਹਨ ਅਤੇ ਪੱਤਰਕਾਰਾਂ ਦੇ ਹਿਤਾਂ ਲਈ ਹਮੇਸ਼ਾ ਹੀ ਉਨਾਂ ਨੇ ਮੁਖਰ ਹੋ ਕੇ ਆਵਾਜ਼ ਉਠਾਈ ਹੈ। ਇਸੇ ਨੂੰ ਦੇਖਦਿਆਂ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਨੇ ਉਨਾਂ ਨੂੰ ਜਿਲ੍ਹਾ ਬਠਿੰਡਾ ਇਕਾਈ ਦਾ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਆਪਣੀ ਨਿਯੁਕਤ ਤੇ ਰਾਜੂ ਨੇ ਜਥੇਬੰਦੀ ਦੇ ਕੌਮੀ ਜਨਰਲ ਸਕੱਤਰ ਬਲਵਿੰਦਰ ਜੰਮੂ ਅਤੇ ਸੂਬਾ ਪ੍ਰਧਾਨ ਬਲਵੀਰ ਸਿੰਘ ਜੰਡੂ ਦਾ ਧੰਨਵਾਦ ਕਰਦਿਆਂ ਯਕੀਨ ਦਵਾਇਆ ਕਿ ਉਹ ਆਪਣੀ ਜ਼ਿੰਮੇਵਾਰੀ ਇਮਾਨਦਾਰੀ ਨਾਲ ਨਿਭਾਉਣਗੇ। ਉੱਧਰ ਰਣਜੀਤ ਸਿੰਘ ਰਾਜੂ ਨੂੰ ਉਕਤ ਜ਼ਿੰਮੇਵਾਰੀ ਦਿੱਤੇ ਜਾਣ ਤੇ ਦਮਦਮਾ ਸਾਹਿਬ ਪ੍ਰੈੱਸ ਕਲੱਬ ਦੇ ਪ੍ਰਧਾਨ ਜਗਜੀਤ ਸਿੰਘ ਸਿੱਧੂ ਅਤੇ ਹੋਰ ਅਹੁਦੇਦਾਰਾਂ 'ਚੋਂ ਮੁਨੀਸ਼ ਗਰਗ, ਰਵਜੋਤ ਸਿੰਘ ਰਾਹੀ, ਲਕਵਿੰਦਰ ਸ਼ਰਮਾ, ਗੁਰਜੰਟ ਸਿੰਘ ਨਥੇਹਾ, ਰਾਮ ਜਿੰਦਲ ਜਗਾ, ਹਰਭਜਨ ਸਿੰਘ ਖਾਲਸਾ, ਭਾਈ ਮਾਨ ਸਿੰਘ ਅਤੇ ਗੁਰਸੇਵਕ ਮਾਨ ਆਦਿ ਪੱਤਰਕਾਰਾਂ ਨੇ ਵਧਾਈ ਦਿੰਦਿਆਂ ਜਥੇਬੰਦੀ ਦੀ ਸੂਬਾਈ ਲੀਡਰਸ਼ਿਪ ਦਾ ਧੰਨਵਾਦ ਕੀਤਾ ਹੈ।

# ਭਾਈ ਅੰਮ੍ਰਿਤਪਾਲ ਸਿੰਘ ਦੇ ਖ਼ਡੂਰ ਸਾਹਿਬ ਤੋਂ ਨਮਜ਼ਦਗੀ ਪੱਤਰ ਮਨਜੂਰ ਹੋਣ ਨਾਲ ਕਈਆਂ ਦੇ ਸਾਹ ਸੁੱਕੇ : ਸ਼ਮਸ਼ੇਰ ਸਿੰਘ ਪੱਧਰੀ

## ਖ਼ਡੂਰ ਸਾਹਬ ਲੋਕ ਸਭਾ ਹਲਕੇ ਦੇ ਲੋਕਾਂ ਦਾ ਇਕ ਸਹੀ ਫੈਸਲਾ ਪੰਜਾਬ ਤੇ ਸਿੱਖ ਪੰਥ ਤਵਾਰੀਖ ਬਦਲਕੇ ਰੱਖ ਦੇਵੇਗਾ



ਅੰਮ੍ਰਿਤਸਰ 16 ਮਈ ( ) ਸੰਨ 1984 ਦੇ ਦੁਖਾਂਤ ਤੋਂ ਬਾਅਦ ਇੰਜ ਸੀ ਜਿਵੇਂ ਕਿ ਪੰਜਾਬ ਨੂੰ ਇਕ ਗ੍ਰਹਿਣ ਲੱਗ ਚੁੱਕਿਆ ਹੋਵੇ, ਸਿੱਖ ਨੌਜਵਾਨਾਂ ਦੇ ਝੂਠੇ ਮੁਕਾਬਲਿਆਂ ਦਾ ਦੌਰ ਤੇ ਉਸਤੋਂ ਬਾਅਦ ਪੰਜਾਬ ਨੂੰ ਨੇਸਤੋ-ਨਾਬੂਦ ਕਰਨ ਲਈ ਭਾਰਤੀ ਖੁਫੀਆ ਏਜੰਸੀਆਂ ਵੱਲੋਂ ਕਈ ਤਰਾਂ ਦੇ ਹੱਥਕੰਡੇ ਵਰਤੇ ਗਏ। ਜਿੰਨਾਂ ਵਿੱਚ ਸਿਆਸੀ ਚਾਲਾਂ ਤੋਂ ਲੈਕੇ ਇਥੋਂ ਤੱਕ ਕੇ ਇਥੋਂ ਦੀਆਂ ਅਗਲੀਆਂ ਪੀੜੀਆਂ ਨੂੰ ਖ਼ਤਮ ਕਰਨ ਲਈ, ਇਥੋਂ ਦੀਆਂ ਉਪਜਾਊ ਜਮੀਨਾਂ ਨੂੰ ਹੜੱਪਣ ਲਈ ਹਰ ਹੀਲਾ ਵਰਤਿਆ ਜਾ ਰਿਹਾ ਹੈ। ਪਰ ਸਿੱਖ ਕੌਮ ਦਾ ਵਿਸ਼ਵਾਸ ਅਟੁੱਟ ਹੈ ਜੋ ਆਪਣੇ ਗੁਰੂ ਨਾਲੋਂ ਨਾਂ ਕਦੀ ਟੁੱਟਿਆ ਹੈ ਅਤੇ ਨਾਂ ਹੀ ਕਦੀ ਟੁੱਟੇਗਾ। ਹੁਣ ਜਦੋਂ ਹਲਾਤ ਬਦ ਤੋਂ ਵੀ ਬਦਤਰ ਹੋ ਚੁੱਕੇ ਸਨ ਤਾਂ ਉਸੇ ਗੁਰੂ ਦੀ ਅਪਾਰ ਕ੍ਰਿਪਾ ਸਦਕਾ ਤੇ ਉਸੇ ਗੁਰੂ ਦੇ ਅਟੱਲ ਬਚਨ ਪ੍ਰਤੱਖ ਹੁੰਦੇ ਨਜਰ ਆਏ।

**ਆਵਨਿ ਅਠਤਰੈ ਜਾਨਿ ਸਤਾਨਵੈ ਹੋਰੁ ਭੀ ਉਠਸੀ ਮਰਦ ਕਾ ਚੇਲਾ॥**

ਭਾਈ ਅੰਮ੍ਰਿਤਪਾਲ ਸਿੰਘ ਜੀ ਦਾ ਵਾਰਿਸ ਪੰਜਾਬ ਦੇ ਜਥੇਬੰਦੀ ਰਾਹੀਂ ਸਿੱਖ ਪੰਥਕ ਸਰਗਰਮੀਆਂ ਵਿੱਚ ਜੂਝਣਾਂ ਸਮੂਹ ਸਿੱਖਾਂ ਲਈ ਤੇ ਖ਼ਾਸਕਰ ਸਿੱਖ ਨੌਜਵਾਨਾਂ ਲਈ ਇਕ ਵਾਰ ਫਿਰ ਆਸ ਦੀ ਕਿਰਨ ਦਾ ਜਾਗਣਾਂ ਹੈ ਅਤੇ ਫਿਰ ਤੋਂ ਸਿੱਖ ਕੌਮ ਨੂੰ ਆਪਣੇਂ ਕੌਮੀ ਘਰ ਦੀ ਕਿਰਨ ਨਜ਼ਰ ਆਈ ਹੈ । ਜਿਸ ਧਰਤੀ ਤੋਂ ਗੁਰੂ ਸਾਹਬ ਨੇ ਸਮੁੱਚੇ ਜਗਤ ਲਈ ਗੁਰਬਾਣੀ ਰੂਪੀ ਚਾਨਣ ਫੈਲਾਇਆ ਅੱਜ ਉਸੇ ਹਲਕੇ ਵਿੱਚੋ ਗੁਰੂ ਦਾ ਸਿੰਘ ਸਿੱਖ ਕੌਮ ਦੇ ਹਿੱਤਾਂ ਦੀ ਤਰਜ਼ਮਾਨੀ ਕਰਨ ਲਈ ਉੱਠਿਆ ਹੈ। ਸਮੇਂ ਦੇ ਹਾਕਮਾਂ ਅਤੇ ਸਿੱਖੀ ਭੇਸ ਚ' ਲੁਕੇ ਗੁਰੂ ਨਿੰਦਕਾਂ ਨੇ ਆਪਣੀਂ ਹੌਂਦ ਡਗਮਗਾਉਂਦੀ ਵੇਖ ਕੇ ਅੱਡੀਆਂ ਚੁੱਕ-ਚੁੱਕ ਭਾਈ ਅੰਮ੍ਰਿਤਪਾਲ ਸਿੰਘ ਦੀ ਵਿਰੋਧਤਾ ਕੀਤੀ ਜੋ ਕਿਸੇ ਤੋਂ ਲੁਕੀ ਛਿਪੀ ਨਹੀਂ ਹੈ। ਪਰ ਹੁਣ ਸਮੇਂ ਨੇ ਕਰਵਟ ਲਈ ਹੈ, ਜਿਸ ਦਾ ਅਸਰ ਪੰਜਾਬ ਦੀਆਂ ਸਾਰੀਆਂ ਲੋਕ ਸਭਾ ਸੀਟਾਂ ਤੇ ਨਜ਼ਰ ਆ ਰਿਹਾ ਹੈ ਅਤੇ ਖਡੂਰ ਸਾਹਿਬ ਲੋਕ ਸਭਾ ਹਲਕੇ ਦੇ ਲੋਕਾਂ ਦਾ ਇਕ ਸਹੀ ਫੈਸਲਾ ਪੰਜਾਬ ਅਤੇ ਸਿੱਖ ਪੰਥ ਦੀ ਤਵਾਰੀਖ ਵਿੱਚ ਬਹੁਤ ਵੱਡੀ ਤਬਦੀਲੀ ਲੈਕੇ ਆਵੇਗਾ। ਜਿਥੇ ਗੁਰੂ ਨਾਲ ਪਿਆਰ ਰੱਖਣ ਵਾਲਿਆਂ ਅਤੇ ਸਿੱਖੀ ਦਾ ਸਤਿਕਾਰ ਕਰਨ ਵਾਲਿਆਂ ਨੂੰ ਭਾਈ ਅੰਮ੍ਰਿਤਪਾਲ ਸਿੰਘ ਦੇ ਚੋਣ ਮੈਦਾਨ ਵਿੱਚ ਉਤਰਨ ਨਾਲ ਚਾਅ ਚੜਿਆ ਹੋਇਆ ਹੈ ਉਥੇ ਹੀ ਉਹਨਾਂ ਦੇ ਨਾਮਜ਼ਦਗੀ ਪੱਤਰ ਮਨਜੂਰ ਹੋ ਜਾਣ ਨਾਲ ਕਈਆਂ ਦੇ ਸਾਹ ਸੁੱਕੇ ਹੋਏ ਹਨ। ਇਥੇ ਇਹ ਵੀ ਜਿਕਰਯੋਗ ਹੈ ਕਿ ਆਉਣ ਵਾਲੇ ਸਮੇਂ ਵਿੱਚ ਜਦੋਂ ਇਤਿਹਾਸ ਦੇ ਪੰਨੇ ਫ਼ਰੋਲੇ ਜਾਣਗੇ ਤਾਂ ਵੱਡੀ ਗਿਣਤੀ ਵਿੱਚ ਸਿੱਖ ਲੀਡਰ ਹੀ ਸਿੱਖ ਹਿੱਤਾ ਦੀ ਬੇਖੌਫ ਹੋਕੇ ਗੱਲ ਕਰਨ ਵਾਲੇ ਭਾਈ ਅੰਮ੍ਰਿਤਪਾਲ ਸਿੰਘ ਦੇ ਵਿਰੋਧ ਵਿੱਚ ਭੁਗਤਦੇ ਨਜ਼ਰ ਆਉਣਗੇ ਅਤੇ ਉਹਨਾਂ ਨੂੰ ਆਉਣ ਵਾਲਾ ਸਮਾਂ ਕਦੀ ਵੀ ਮੁਆਫ ਨਹੀਂ ਕਰੇਗਾ।

ਦਲਿਤ ਭਾਈਚਾਰੇ ਵਿਰੁੱਧ ਇਤਰਾਜ਼ਯੋਗ ਟਿੱਪਣੀਆਂ ਲਈ

# ਗੁਰਜੀਤ ਔਜਲਾ ਖ਼ਿਲਾਫ਼ ਮੁਜ਼ਾਹਰਾ ਕਰਦਿਆਂ ਪੁਤਲਾ ਫੂਕਿਆ




**ਅੰਮ੍ਰਿਤਸਰ, 16 ਮਈ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਕਾਂਗਰਸ ਦੇ ਉਮੀਦਵਾਰ ਅਤੇ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਵੱਲੋਂ ਐਸ ਸੀ ਭਾਈਚਾਰੇ ਖ਼ਿਲਾਫ਼ ਇਤਰਾਜ਼ਯੋਗ ਟਿੱਪਣੀਆਂ ਬਾਰੇ ਵਾਇਰਲ ਵੀਡੀਓ ਦਾ ਮਾਮਲਾ ਠੰਢਾ ਨਹੀਂ ਹੋ ਰਿਹਾ ਹੈ। ਐਸ ਸੀ ਭਾਈਚਾਰੇ ਦੇ ਨੌਜਵਾਨਾਂ ਵਿਰੁੱਧ ਉਨ੍ਹਾਂ ਵੱਲੋਂ ਕੀਤੀ ਗਈ ਅਪਮਾਨਜਨਕ ਟਿੱਪਣੀ ਨੂੰ ਲੈ ਕੇ ਭਾਈਚਾਰੇ ਵਿਚ ਨਾਰਾਜ਼ਗੀ ਹਾਲੇ ਵੀ ਬਰਕਰਾਰ ਹੈ। ਸਾਂਸਦ ਗੁਰਜੀਤ ਔਜਲਾ ਖ਼ਿਲਾਫ਼ ਦਲਿਤ ਜਥੇਬੰਦੀਆਂ ਵੱਲੋਂ ਰੋਸ ਵਿਖਾਵਾ ਲਗਾਤਾਰ ਜਾਰੀ ਹੈ। ਇਸ ਮਾਮਲੇ ਨੂੰ ਲੈ ਕੇ ਐਸ ਸੀ ਭਾਈਚਾਰੇ ਨੇ ਭਾਜਪਾ ਐਸੀ ਮੋਰਚਾ ਅਤੇ ਰੰਘਰੇਟਾ ਨਿਹੰਗ ਸਿੰਘ ਜਥੇਬੰਦੀਆਂ ਨਾਲ ਮਿਲ ਕੇ ਕਾਂਗਰਸੀ ਉਮੀਦਵਾਰ ਗੁਰਜੀਤ ਔਜਲਾ ਦੇ ਖਿਲਾਫ ਰੋਸ ਮਾਰਚ ਕੀਤਾ ਗਿਆ। ਪ੍ਰਦਰਸ਼ਨਕਾਰੀਆਂ ਨੇ ਭੰਡਾਰੀ ਰੇਲਵੇ ਓਵਰਬ੍ਰਿਜ 'ਤੇ ਕਾਂਗਰਸ ਦੇ ਸੰਸਦ ਮੈਂਬਰ ਤੇ ਕਾਂਗਰਸ ਉਮੀਦਵਾਰ ਗੁਰਜੀਤ ਔਜਲਾ ਖਿਲਾਫ ਮੁਰਦਾਬਾਦ ਦੀ ਨਾਅਰੇਬਾਜ਼ੀ ਕੀਤੀ ਅਤੇ ਉਸ ਦਾ ਪੁਤਲਾ ਵੀ ਫੂਕਿਆ। ਇਸ ਮੌਕੇ ਐਸ ਸੀ ਭਾਈਚਾਰੇ ਦੇ ਲੋਕ ਕਾਫ਼ੀ ਗ਼ੁੱਸੇ 'ਚ ਨਜ਼ਰ ਆਏ। ਉਨ੍ਹਾਂ ਭਾਈਚਾਰੇ ਨੂੰ ਕਾਂਗਰਸੀ ਉਮੀਦਵਾਰ ਗੁਰਜੀਤ ਔਜਲਾ ਦਾ ਬਾਈਕਾਟ ਕਰਨ ਤਕ ਦਾ ਸਦਾ ਦਿੱਤਾ। ਭਾਈਚਾਰੇ ਦਾ ਕਹਿਣਾ ਹੈ ਕਿ ਜਿਹੜਾ ਬੰਦਾ ਐਸ ਸੀ ਭਾਈਚਾਰੇ ਬਾਰੇ ਨਕਾਰਾਤਮਿਕ ਸੋਚ ਰੱਖਦਾ ਹੈ ਉਹ ਪਾਰਲੀਮੈਂਟ 'ਚ ਸਾਡੀ ਕੀ ਪ੍ਰਤੀਨਿਧਤਾ ਕਰੂ ਅਤੇ ਸਾਡੇ ਹੱਕਾਂ ਦੀ ਪੈਰਵੀ ਕੀ ਕਰੇਗਾ? ਰੋਸ ਪ੍ਰਦਰਸ਼ਨ ਦੌਰਾਨ ਸਾਬਕਾ ਰਾਜ ਸਭਾ ਮੈਂਬਰ ਤੇ ਸੂਬਾ ਪ੍ਰਧਾਨ ਅਤੇ ਜ਼ਿਲ੍ਹਾ ਤੇ ਲੋਕ ਸਭਾ ਕਨਵੀਨਰ ਸ਼ਵੇਤ ਮਲਿਕ ਨੇ ਦੋਸ਼ ਲਾਇਆ ਕਿ ਕਾਂਗਰਸੀ ਸੰਸਦ ਮੈਂਬਰ ਵੱਲੋਂ ਦਲਿਤ ਭਾਈਚਾਰੇ ਖ਼ਿਲਾਫ਼ ਇਤਰਾਜ਼ਯੋਗ ਟਿੱਪਣੀਆਂ ਕਰਦਿਆਂ ਭਾਈਚਾਰੇ ਦਾ ਅਪਮਾਨ ਕੀਤਾ ਹੈ। ਜੋ ਕਿ ਨਾ ਬਰਦਾਸ਼ਤਯੋਗ ਹਨ ਅਤੇ ਨਿੰਦਣਯੋਗ ਹਨ। ਪ੍ਰਧਾਨ ਮੰਤਰੀ ਮੋਦੀ ਨੇ ਡਾ. ਅੰਬੇਡਕਰ ਸਮਾਜ ਨੂੰ ਗਲੇ ਲਾਇਆ ਹੈ। ਉਨ੍ਹਾਂ ਕਿਹਾ ਕਿ ਇੱਕ ਪਾਸੇ ਸੰਵਿਧਾਨ ਦੇ ਨਿਰਮਾਤਾ ਡਾਕਟਰ ਬੀ ਆਰ ਅੰਬੇਡਕਰ ਨੇ ਇਨ੍ਹਾਂ ਭਾਈਚਾਰਿਆਂ ਨੂੰ ਉੱਪਰ ਚੁੱਕਣ ਲਈ ਯਤਨ ਕੀਤੇ ਹਨ ਪਰ ਦੂਜੇ ਪਾਸੇ ਸਿਆਸਤਦਾਨ ਇਨ੍ਹਾਂ ਦੇ ਖਿਲਾਫ ਇਤਰਾਜ਼ਯੋਗ ਸ਼ਬਦ ਵਰਤ ਰਹੇ ਹਨ। ਨਿਹੰਗ ਜਥੇਬੰਦੀ ਬਾਬਾ ਨਿਧਾਨ ਸਿੰਘ ਦੇ ਆਗੂ ਪੰਜਾਬ ਸਿੰਘ ਸੁਲਤਾਨਵਿੰਡ ਨੇ ਆਖਿਆ ਕਿ ਮੈਂ ਗੁਰਜੀਤ ਔਜਲਾ ਨੂੰ ਸੂਝਵਾਨ ਲੀਡਰ ਸਮਝਦਾ ਸੀ। ਸਾਡੇ 'ਤੇ ਟਿੱਪਣੀ ਕਰਕੇ ਉਸ ਨੇ ਆਪਣੀ ਸਚਾਈ ਸਭ ਦੇ ਸਾਹਮਣੇ ਲਿਆਂਦੀ ਹੈ। ਉਨ੍ਹਾਂ ਕਿਹਾ ਕਿ ਅਸੀਂ ਉਹ ਭਾਈਚਾਰਾ ਹਾਂ ਜਿਨ੍ਹਾਂ ਨੇ ਦਿਲੀ ਚਾਂਦਨੀ ਚੌਕ ਤੋਂ ਗੁਰੂ ਤੇਗ. ਬਹਾਦਰ ਸਾਹਿਬ ਜੀ ਦਾ ਪਾਵਨ ਸੀਸ ਚੁੱਕ ਕੇ ਲਿਆਂਦਾ। ਕਿਹਾ ਕਿ ਨਿਹੰਗ ਜਥੇਬੰਦੀ ਇਸ ਕਾਂਗਰਸੀ ਆਗੂ ਨੂੰ ਕਦੇ ਵੀ ਮੁਆਫ਼ ਨਹੀਂ ਕਰੇਗੀ ਅਤੇ ਉਨ੍ਹਾਂ ਐਸ ਸੀ ਸਮਾਜ ਨੂੰ ਕਾਂਗਰਸ ਉਮੀਦਵਾਰ ਦਾ ਬਾਈਕਾਟ ਕਰਨ ਦਾ ਸਦਾ ਦਿੱਤਾ।

ਇਸ ਪੁਤਲਾ ਫੂਕ ਰੋਸ ਪ੍ਰਦਰਸ਼ਨ ਵਿੱਚ ਭਾਜਪਾ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਸੰਧੂ, ਕੁਮਾਰ ਅਮਿਤ, ਐਸ ਪੀ ਕੇਵਲ, ਸ਼ਿਵ ਕੁਮਾਰ, ਸੰਦੀਪ ਕੁਮਾਰ, ਉੱਤਮ ਕੈਰੋਂ, ਓਮ ਪ੍ਰਕਾਸ਼ ਅਨਾਰੀਆ, ਰਾਕੇਸ਼ ਗਿੱਲ, ਸ਼ਕਤੀ ਕਲਿਆਣ, ਨਰਿੰਦਰ ਗੋਲਡੀ, ਦਵਿੰਦਰ ਪਹਿਲਵਾਨ, ਗੌਰਵ ਗਿੱਲ, ਸ਼ਸ਼ੀ ਗਿੱਲ ਆਦਿ ਸ਼ਾਮਲ ਸਨ।

ਕਾਂਗਰਸ ਕਮੇਟੀ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦੇ ਮੀਤ ਪ੍ਰਧਾਨ ਟੱਕਰ ਦੀ ਭੂਆ ਦੇ ਨਮਿੱਤ

# ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਵੱਖ-ਵੱਖ ਆਗੂਆਂ ਸ਼ਰਧਾਂਜਲੀ ਭੇਟ ਕੀਤੀ



**ਜੰਡਿਆਲਾ ਗੁਰੂ, 16 ਮਈ ( ਕੁਲਵੰਤ ਸਿੰਘ ਵਿਰਦੀ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦੇ ਮੀਤ ਪ੍ਰਧਾਨ ਅਤੇ ਖਾਲਸਾ ਆਟੋ ਰਿਕਸ਼ਾ ਯੂਨੀਅਨ ਜੰਡਿਆਲਾ ਗੁਰੂ ਦੇ ਸਾਬਕਾ ਪ੍ਰਧਾਨ ਅਵਤਾਰ ਸਿੰਘ ਟੱਕਰ ਜਾਣੀਆਂ ਦੇ ਭੂਆ ਸ੍ਰੀ ਮਤੀ ਸੁਮਿੱਤਰਾ ਰਾਣੀ ਜੋ ਬੀਤੇ ਦਿਨ ਆਕਾਲ ਪੁਰਖ ਵੱਲੋਂ ਮਿਲੀ ਸਵਾਸਾਂ ਦੀ ਪੂੰਜੀ ਨੂੰ ਭੋਗਦਿਆਂ ਹੋਇਆਂ ਸਦੀਵੀਂ ਵਿਛੋੜਾ ਦੇ ਕਿ ਆਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ ਅੱਜ ਉਨ੍ਹਾਂ ਦੇ ਨਮਿਤ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਉਨ੍ਹਾਂ ਦੇ ਨਮਿੱਤ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਅੰਤਿਮ ਅਰਦਾਸ ਕੋਟਿ ਈਸੇ ਖਾਂ ਗੁਰਦੁਆਰਾ ਸਾਹਿਬ ਵਿਖੇ ਕੀਤੀ ਗਈ ਇਸ ਮੋਕੇ ਗੁਰੂ ਘਰ ਦੇ ਕੀਰਤਨੀ ਜਥੇ ਵੱਲੋਂ ਵੈਰਾਗਮਈ ਕੀਰਤਨ ਕੀਤਾ ਗਿਆ ਅਤੇ ਹਾਜ਼ਰ ਸੰਗਤਾਂ ਨੂੰ ਗੁਰੂ ਸਾਹਿਬ ਜੀ ਦਾ ਹੁਕਮ ਮੰਨਣ ਅਤੇ ਭਾਣਾ ਮੰਨਣ ਲਈ ਪ੍ਰੇਰਿਤ ਕੀਤਾ ਇਸ ਮੋਕੇ ਆਈਆਂ ਸਖਸ਼ੀਅਤਾਂ ਵੱਲੋਂ ਸ੍ਰੀ ਮਤੀ ਸੁਮਿੱਤਰਾ ਰਾਣੀ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਹੋਇਆਂ ਸਰਦਾਰ ਜਸਵਿੰਦਰ ਸਿੰਘ ਸਿੱਧੂ ਅਤੇ ਅਵਤਾਰ ਸਿੰਘ ਟੱਕਰ ਜਾਣੀਆ ਨੇ ਸਰਧਾ ਦੇ ਫੁੱਲ ਭੇਟ ਕੀਤੇ ਇਸ ਮੋਕੇ ਹੋਰਨਾ ਤੋ ਇਲਾਵਾ ਪ੍ਰਕਾਸ ਸਿੰਘ ਰਾਜਪੂਤ ਪ੍ਰਧਾਨ ਨਗਰ ਕੌਂਸਲ ਕੋਟਿ ਈਸੇ ਖਾਂ ਕਿਰਸਨ ਤਿਵਾੜੀ ਜਰਨਲ ਸਕੱਤਰ ,ਵਿਕਰਮ ਸਰਮਾ ਬਿੱਲਾ ਐਮ ਸੀ ਕੋਟ ਈਸੇ ਖਾਂ ,ਬਲਰਾਜ ਬੋਬੀ ,ਅਵਤਾਰ ਸਿੰਘ ਮੋਗਾ ਕਸਮੀਰ ਸਿੰਘ ਜਗਦੀਸ ਰਾਏ ਜੰਡਿਆਲਾ ਗੁਰੂ ਪ੍ਰੇਮ ਕੁਮਾਰ ਬਿੱਟੂ ਗੁਰਦੇਵ ਸਿੰਘ ਟੱਕਰ ਜਾਣੀਆ ਬੋਬੀ ਅਮ੍ਰਿਤਸਰ ਔਸਕ ਕੁਮਾਰ ਮੱਖੂ ਰਾਜੇਸ ਕੁਮਾਰ ਬੱਬੂ ਜਲੰਧਰ ਜੁਗਰਾਜ ਸਿੰਘ ਟੱਕਰ ਜਾਣੀਆਂ ,ਹਰਜਿੰਦਰਜੀਤ ਬਿੱਟੂ ਸੰਦੀਪ ਕੁਮਾਰ ਕੋਟਿ ਈਸੇ ਖਾਂ ਆਦਿ ਸੰਗਤਾਂ ਵੱਲੋਂ ਹਾਜ਼ਰੀਆਂ ਭਰ ਕੇ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਵਿਛੜੀ ਰੂਹ ਦੇ ਨਮਿੱਤ ਅਰਦਾਸ ਬੇਨਤੀ ਕੀਤੀ।

# ਸੰਧੂ ਸਮੁੰਦਰੀ ਨੇ ਜਦੋਂ ਆਪਣੇ ਰੁਝੇਵਿਆਂ 'ਚੋਂ ਸਮਾਂ ਕੱਢ ਕੇ ਆਪਣੇ ਵਰਕਰ ਦੀਆਂ ਖ਼ੁਸ਼ੀਆਂ ਨੂੰ ਦੂਣ ਸਵਾਏ ਕੀਤਾ



**ਅਟਾਰੀ / ਅੰਮ੍ਰਿਤਸਰ, 16 ਮਈ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਚੋਣਾਂ ਦਾ ਮਾਹੌਲ ਇਸ ਸਮੇਂ ਸਿਖ਼ਰਾਂ ਵਲ ਜਾ ਰਿਹਾ ਹੈ। ਤੇ ਚੋਣ ਲੜ ਰਹੇ ਉਮੀਦਵਾਰਾਂ ਦੇ ਕੋਲ ਸਮੇਂ ਦੀ ਬਹੁਤ ਘਾਟ ਹੈ। ਇਨ੍ਹਾਂ ਅਤਿ ਰੁਝੇਵਿਆਂ ਭਰੀਆਂ ਸਰਗਰਮੀਆਂ ਵਿਚੋਂ ਜਦੋਂ ਕੋਈ ਲੀਡਰ ਆਪਣੇ ਚਹੇਤਿਆਂ ਦੀ ਖ਼ੁਸ਼ੀ ਵਿਚ ਸ਼ਾਮਿਲ ਹੁੰਦਾ ਹੈ ਤਾਂ ਉਸ ਦਾ ਇਕ ਆਪਣਾ ਹੀ ਪ੍ਰਭਾਵ ਪੈਦਾ ਹੈ। ਤਰਨਜੀਤ ਸਿੰਘ ਸੰਧੂ ਸਮੁੰਦਰੀ ਜਦੋਂ ਵਿਧਾਨ ਸਭਾ ਹਲਕਾ ਅਟਾਰੀ ਦੇ ਪਿੰਡ ਛੋਟੀ ਅਟਾਰੀ ਦੇ ਨਵੀਂ ਅਬਾਦੀ 'ਚ ਰਹਿੰਦੇ ਆਪਣੇ ਵਰਕਰ ਦੇ ਘਰ ਉਦੋਂ ਪੁੱਜੇ ਜਦੋਂ ਉਨ੍ਹਾਂ ਦੇ ਘਰ ਖ਼ੁਸ਼ੀਆਂ ਨੇ ਦਸਤਕ ਦਿੱਤੀ ਸੀ। ਦਲਿਤ ਦੰਪਤੀ ਕਬੀਰ ਸਿੰਘ ਦੇ ਦੇ ਘਰ ਬੇਟੇ ਕ੍ਰਿਸ਼ਨਾ ਦਾ ਜਨਮ ਹੋਇਆ ਹੈ। ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੀ ਉਨ੍ਹਾਂ ਦੇ ਘਰ ਅਚਾਨਕ ਹੋਈ ਆਮਦ ਨੇ ਉਨ੍ਹਾਂ ਦੀਆਂ ਖ਼ੁਸ਼ੀਆਂ ਹੋਰ ਵੀ ਦੂਣ ਸਵਾਈਆਂ ਕਰ ਦਿੱਤੀਆਂ। ਸੰਧੂ ਸਮੁੰਦਰੀ ਨੇ ਜਿੱਥੇ ਕ੍ਰਿਸ਼ਨਾ ਨੂੰ ਪਿਆਰ ਨਾਲ ਆਪਣੀ ਗੋਦ ਵਿਚ ਲਿਆ ਅਤੇ ਸਾਰੇ ਪਰਿਵਾਰ ਨੂੰ ਨਵੇਂ ਜੀਅ ਦੇ ਆਉਣ ਦੀਆਂ ਖ਼ੁਸ਼ੀਆਂ ਦੀ ਵਧਾਈ ਦਿੱਤੀ। ਉਨ੍ਹਾਂ ਨੇ ਇਸ ਮੌਕੇ ਇਹ ਵੀ ਕਿਹਾ ਕਿ ਉਹ ਪ੍ਰਮਾਤਮਾ ਅੱਗੇ ਅਰਦਾਸ ਕਰਨਗੇ ਕਿ ਇਹ ਬੱਚਾ ਵੱਡਾ ਹੋਕੇ ਪਰਿਵਾਰ ਅਤੇ ਸਮਾਜ ਦਾ ਨਾਮ ਉੱਚਾ ਕਰੇਗਾ। ਉਨ੍ਹਾਂ ਬੱਚੇ ਨੂੰ ਚੰਗੀ ਤਾਲੀਮ ਦੇਣ ਲਈ ਕਿਹਾ। ਉਨ੍ਹਾਂ ਨੇ ਕਿਹਾ ਕਿ ਭਾਜਪਾ ਕੇਂਦਰ 'ਤੇ ਮੁੜ ਸਰਕਾਰ ਬਣਾਉਣ ਜਾ ਰਹੀ ਹੈ। ਉਹ ਇਸ ਗਲ ਨੂੰ ਯਕੀਨੀ ਬਣਾਉਣਗੇ ਕਿ ਹੇਠਲੇ ਗ਼ਰੀਬ ਅਤੇ ਦਲਿਤ ਤਬਕੇ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਮੋਦੀ ਸਰਕਾਰ ਦੀਆਂ ਸਕੀਮਾਂ ਨੂੰ ਜਾਰੀ ਰੱਖਣਗੇ। ਇਸ ਮੌਕੇ 'ਤੇ ਪਰਿਵਾਰ ਵੱਲੋਂ ਵੀ ਸੰਧੂ ਸਮੁੰਦਰੀ ਦਾ ਲੱਡੂਆਂ ਨਾਲ ਮੂੰਹ ਮਿੱਠਾ ਕਰਾਇਆ ਗਿਆ ਅਤੇ ਉਨ੍ਹਾਂ ਦੀ ਖ਼ੁਸ਼ੀ 'ਚ ਉਚੇਚੇ ਤੌਰ 'ਤੇ ਸ਼ਾਮਿਲ ਹੋਣ ਲਈ ਧੰਨਵਾਦ ਦੇ ਤੌਰ 'ਤੇ ਸਨਮਾਨ ਕੀਤਾ। ਇਸ ਮੌਕੇ ਜ਼ਿਲ੍ਹਾ ਦਿਹਾਤੀ ਪ੍ਰਧਾਨ ਡਾ. ਸੁਸ਼ੀਲ ਦੇਵਗਨ, ਹਲਕਾ ਇੰਚਾਰਜ ਬਲਵਿੰਦਰ ਕੌਰ, ਖਾਨ ਮੁਰਾਦ ਪਾਲ ਸਿੰਘ ਅਤੇ ਜੌਨੀ ਨਵੀਂ ਅਬਾਦੀ ਅਟਾਰੀ ਵੀ ਮੌਜੂਦ ਸਨ।

# ਸਿਹਤ ਵਿਭਾਗ ਨੇ ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਲਹਿਰੀ ਵਿਖੇ ਮਨਾਇਆ ਕੌਮੀ ਡੇਂਗੂ ਦਿਵਸ



ਤਲਵੰਡੀ ਸਾਬੋ, 16 ਮਈ (ਗੁਰਜੰਟ ਸਿੰਘ ਨਥੇਹਾ)-ਸਿਵਲ ਸਰਜਨ ਬਠਿੰਡਾ ਡਾ. ਤੇਜਵੰਤ ਸਿੰਘ, ਜਿਲਾ ਸਿਹਤ ਅਫਸਰ ਡਾ. ਊਸ਼ਾ ਗੋਇਲ, ਜਿਲਾ ਐਪੀਡੀਮੋਲੋਜਿਸਟ ਡਾ. ਮਯੰਕਜੋਤ ਸਿੰਘ ਅਤੇ ਡਾ. ਰੁਪਾਲੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ, ਸੀਨੀਅਰ ਮੈਡੀਕਲ ਅਫਸਰ ਐਸ.ਡੀ.ਐਚ ਤਲਵੰਡੀ ਸਾਬੋ ਡਾ. ਦਰਸ਼ਨ ਕੌਰ ਅਤੇ ਜਿਲਾ ਏ.ਐਮ.ਓ ਸ਼੍ਰੀ ਹਰਵਿੰਦਰ ਸਿੰਘ ਦੀ ਅਗਵਾਈ ਹੇਠ ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਲਹਿਰੀ ਵਿਖੇ ਕੌਮੀ ਡੇਂਗੂ ਦਿਵਸ ਮਨਾਇਆ ਗਿਆ। ਇਸ ਮੌਕੇ ਸਿਹਤ ਕਰਮੀ ਸ੍ਰ. ਕੁਲਦੀਪ ਸਿੰਘ ਮ.ਪ. ਹ.ਵ. ਨੇ ਦੱਸਿਆ ਕਿ ਤੇਜ਼ ਬੁਖਾਰ, ਸਿਰ ਦਰਦ, ਮਾਸ-ਪੇਸ਼ੀਆਂ ਵਿੱਚ ਦਰਦ, ਚਮੜੀ ਤੇ ਦਾਣੇ ਹੋਣੇ, ਅੱਖਾਂ ਦੇ ਪਿਛਲੇ ਪਾਸੇ ਦਰਦ ਅਤੇ ਮਸੂੜਿਆਂ ਤੇ ਨੱਕ ਵਿੱਚੋਂ ਖੂਨ ਵਗਣਾ ਡੇਂਗੂ ਬੁਖਾਰ ਦੇ ਲੱਛਣ ਹਨ। ਵਿਅਕਤੀ ਨੂੰ ਇਨਾਂ ਹਲਾਤਾਂ ਵਿੱਚ ਨੇੜੇ ਦੀ ਸਿਹਤ ਸੰਸਥਾ ਨਾਲ ਸੰਪਰਕ ਕਰਨਾ ਚਾਹੀਦਾ ਹੈ। ਇਸ ਦੌਰਾਨ ਗੁਰਸਿਮਰਤ ਕੌਰ ਬੀ.ਈ.ਈ ਨੇ ਦੱਸਿਆ ਕਿ ਬਰਸਾਤੀ ਮੌਸਮ ਦੌਰਾਨ ਡੇਂਗੂ/ਮਲੇਰੀਆ ਦਾ ਮੱਛਰ ਪੈਦਾ ਹੋਣ ਦੀ ਸੰਭਾਵਨਾ ਵਧ ਜਾਂਦੀ ਹੈ ਕਿਉਂਕਿ ਇਹ ਮੱਛਰ ਸਾਫ ਖੜੇ ਪਾਣੀ ਤੇ ਪੈਦਾ ਹੁੰਦਾ ਹੈ। ਇਸ ਕਰਕੇ ਸਾਨੂੰ ਕਿਤੇ ਵੀ ਪਾਣੀ ਖੜਾ ਨਹੀਂ ਹੋਣ ਦੇਣਾ ਚਾਹੀਦਾ। ਟੋਏ ਮਿੱਟੀ ਨਾਲ ਭਰ ਦੇਣੇ ਚਾਹੀਦੇ ਹਨ। ਪੰਜਾਬ ਸਰਕਾਰ ਵੱਲੋਂ ਸ਼ੁੱਕਰਵਾਰ ਨੂੰ ਡਰਾਈ ਡੇਅ ਘੋਸ਼ਿਤ ਕੀਤਾ ਗਿਆ ਹੈ। ਸਾਨੂੰ ਹਰ ਸ਼ੁੱਕਰਵਾਰ ਨੂੰ ਆਪਣੇ ਘਰਾਂ ਦੇ ਕੂਲਰ, ਫਰਿੱਜਾਂ ਦੀਆਂ ਟਰੇਆਂ, ਪਾਣੀ ਦੀਆਂ ਹੌਦੀਆਂ ਨੂੰ ਸੁਕਾਉਣ ਉਪਰੰਤ ਸਾਫ ਕਰਨਾ ਚਾਹੀਦਾ ਹੈ। ਉਹਨਾਂ ਅਪੀਲ ਕੀਤੀ ਕਿ ਕੂਲਰਾਂ, ਕੰਟੇਨਰਾਂ, ਫਰਿਜ ਦੇ ਪਿਛੇ ਲੱਗੀਆ ਟ੍ਰੇਆਂ, ਗਮਲਿਆਂ, ਘਰਾਂ ਦੀਆਂ ਛੱਤਾਂ ਉਪਰ ਪਏ ਕਬਾੜ ਆਦਿ ਵਿਚ ਸਾਫ ਪਾਣੀ ਖੜਾ ਨਾ ਹੋਣ ਦਿੱਤਾ ਜਾਵੇ। ਕਪੜੇ ਅਜਿਹੇ ਪਹਿਨੋ ਕਿ ਸਰੀਰ ਪੂਰੀ ਤਰਾਂ ਢੱਕਿਆ ਰਹੇ। ਸੌਣ ਵੇਲੇ ਮੱਛਰਦਾਨੀਆਂ ਦੀ ਵਰਤੋਂ ਕਰੋ। ਹਰ ਸ਼ੁੱਕਰਵਾਰ ਦਾ ਦਿਨ ਫਰਾਈ-ਡੇ ਡਰਾਈ-ਡੇ ਦੇ ਤੌਰ 'ਤੇ ਮਨਾਇਆ ਜਾਵੇ। ਬਰਸਾਤਾਂ ਦੇ ਮੌਸਮ ਵਿਚ ਸਾਫ ਪੀਣ ਵਾਲੇ ਪਾਣੀ ਦਾ ਵਰਤੋ ਕੀਤੀ ਜਾਵੇ। ਜੇਕਰ ਸੰਭਵ ਹੋਵੇ ਤਾਂ ਪਾਣੀ ਨੂੰ ਉਬਾਲ ਕੇ ਵਰਤਿਆ ਜਾਵੇ। ਖਾਣਾ ਖਾਣ ਤੋਂ ਪਹਿਲਾ ਪਖਾਨਾ ਜਾਣ ਤੋਂ ਬਾਅਦ ਹੱਥਾਂ ਨੂੰ ਚੰਗੀ ਤਰਾਂ ਨਾਲ ਸਾਬਣ ਨਾਲ ਧੋ ਲਿਆ ਜਾਵੇ। ਜ਼ਿਆਦਾ ਕੱਚੇ/ਪੱਖੇ ਫੱਲ ਨਾ ਖਾਓ। ਤਾਜ਼ਾ ਭੋਜਣ ਖਾਣਾ ਚਾਹੀਦਾ ਹੈ। ਉਕਤ ਸਾਵਧਾਨੀਆਂ ਵਰਤੀਆਂ ਜਾਣ ਤਾਂ ਜੋ ਮੌਸਮੀ ਬਿਮਾਰੀਆਂ ਤੋਂ ਬਚਿਆ ਜਾ ਸਕੇ। ਸਿਹਤ ਵਿਭਾਗ ਵੱਲੋ ਡੇਂਗੂ, ਚਿਕਨਗੁਨੀਆ ਬੁਖਾਰ ਤੋ ਬਚਾਓ ਸਬੰਧੀ ਗਤਿਵਿਧੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਪੋਜਟਿਵ ਡੇਂਗੂ ਕੇਸਾਂ ਦਾ ਸਪੋਰਟਿਵ ਇਲਾਜ਼ ਸਿਹਤ ਵਿਭਾਗ ਵੱਲੋਂ ਮੁਫ਼ਤ ਕੀਤਾ ਜਾਂਦਾ ਹੈ। ਸਿਹਤ ਕਰਮੀ ਸ਼੍ਰੀਮਤੀ ਰਾਜਵੀਰ ਕੌਰ ਨੇ ਕਿਹਾ ਕਿ ਇਹ ਮੱਛਰ ਸਿਰਫ ਦਿਨ ਵੇਲੇ ਹੀ ਕੱਟਦਾ ਹੈ ਇਸ ਲਈ ਕੱਪੜੇ ਅਜਿਹੇ ਪਾਓ ਕਿ ਸਾਰਾ ਸਰੀਰ ਢਕਿਆ ਰਹੇ। ਸੌਣ ਵੇਲੇ ਮੱਛਰਦਾਨੀ, ਅਤੇ ਮੱਛਰ ਭਜਾਉਣ ਵਾਲੀਆਂ ਕਰੀਮਾ ਦੀ ਵਰਤੋਂ ਕਰਨੀ ਚਾਹੀਦੀ ਹੇ ਤਾਂ ਕਿ ਮੱਛਰ ਨਾਂ ਕੱਟ ਸਕਣ। ਛੱਤਾਂ ਉਪਰ ਪਾਣੀ ਵਾਲੀਆਂ ਟੈਂਕੀਆਂ ਢੱਕ ਕੇ ਰਖਣੀਆਂ ਚਾਹੀਦੀਆਂ ਹਨ, ਘਰਾਂ ਵਿੱਚ ਫਾਲਤੂ ਟੁੱਟੇ ਬਰਤਨ, ਟਾਇਰ, ਡਰੰਮ ਆਦਿ ਨੂੰ ਖੁੱਲੇ ਵਿੱਚ ਨਹੀਂ ਰੱਖਣਾ ਚਾਹੀਦਾ। ਉਨਾਂ ਦਸਿਆ ਕਿ ਪੰਜਾਬ ਸਰਕਾਰ ਵੱਲੋਂ ਡੇਂਗੂ ਦਾ ਟੈਸਟ ਅਤੇ ਇਲਾਜ ਮੁਫਤ ਕੀਤਾ ਜਾਂਦਾ ਹੈ। ਬੁਖਾਰ ਹੋਣ ਦੀ ਸੂਰਤ ਵਿੱਚ ਨੇੜੇ ਦੇ ਸਰਕਾਰੀ ਹਸਪਤਾਲ ਨਾਲ ਸੰਪਰਕ ਕਰਨਾ ਚਾਹੀਦਾ ਹੈ। ਉਨਾਂ ਦਸਿਆ ਕਿ ਸਿਹਤ ਵਿਭਾਗ ਦੇ ਸਟਾਫ ਵੱਲੋਂ ਲੋਕਾਂ ਦੇ ਘਰ ਘਰ ਜਾ ਕਿ ਗਰਮੀ ਦੀਆਂ ਬਿਮਾਰੀਆਂ ਤੋਂ ਬਚਾਓ ਦੇ ਨਾਲ ਨਾਲ ਡੇਂਗੂ/ਮਲੇਰੀਆ ਬੁਖਾਰ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ। ਇਸ ਮੌਕੇ ਪ੍ਰਿੰਸੀਪਲ ਸ੍ਰ. ਲਖਵਿੰਦਰ ਸਿੰਘ ਸਿੱਧੂ ਨੇ ਜਿਥੇ ਸਮੁੱਚੀ ਟੀਮ ਦਾ ਧੰਨਵਾਦ ਕੀਤਾ ਉਥੇ ਬੱਚਿਆਂ ਨੂੰ ਡੇਂਗੂ ਤੋਂ ਬਚਣ ਲਈ ਸਾਵਧਾਨੀਆਂ ਵਰਤਣ ਦੀ ਅਪੀਲ ਕੀਤੀ। ਇਸ ਮੌਕੇ ਪ੍ਰਧਾਨ ਸ਼੍ਰੀਮਤੀ ਜਸਵਿੰਦਰ ਕੌਰ ਸਿੱਧੂ, ਪਰਮਜੀਤ ਕੌਰ ਅਤੇ ਸਮੁੱਚਾ ਸਟਾਫ ਹਾਜਰ ਸੀ।

### ਸੁਖਬੀਰ ਬਾਦਲ ਵੱਲੋਂ ਭਾਜਪਾ ਉਮੀਦਵਾਰਾਂ ਦਾ ਸਮਰਥਨ ਕਰਨ ਵਾਲੇ ਸਿੱਖਾਂ ਬਾਰੇ ਟਿੱਪਣੀ ਸੰਵਿਧਾਨ ਦੁਆਰਾ ਮਿਲੇ ਵੋਟ ਅਧਿਕਾਰ ਦਾ ਸਿੱਧਾ ਸਿੱਧਾ ਹਨਨ

# ਭਾਜਪਾ ਬਾਰੇ ਸੋਚ ਸਮਝ ਕੇ ਬੋਲਣ ਸੁਖਬੀਰ ਬਾਦਲ - ਪ੍ਰੋ. ਸਰਚਾਂਦ ਸਿੰਘ ਖਿਆਲਾ

## ਇਹ ਕਿਹੋ ਜਿਹੀ ਸਿੱਖ ਹਿਤੈਸ਼ੀ ਪਾਰਟੀ ਹੈ ਜਿਸ ਕੋਲ ਸਿੱਖਾਂ ਦੀ ਧਾਰਮਿਕ ਰਾਜਧਾਨੀ ਤੇ ਗੁਰੂ ਨਗਰੀ ਅੰਮ੍ਰਿਤਸਰ 'ਚ ਉਤਾਰੇ ਜਾਣ ਲਈ ਕੋਈ ਸਿੱਖ ਚਿਹਰਾ ਤਕ ਨਹੀਂ ਰਿਹਾ

**ਅੰਮ੍ਰਿਤਸਰ, 16 ਮਈ (ਆਵਾਜ਼ਿ ਕੌਮ ਬਿਊਰੋ)**-ਭਾਜਪਾ ਦੇ ਸੂਬਾਈ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਸ਼ਰਮਨਾਕ ਹਾਰ ਬਾਰੇ ਕੰਧ 'ਤੇ ਲਿਖਿਆ ਦੇਖ ਹਤਾਸ਼ ਤੇ ਬੁਰੀ ਤਰਾਂ ਬੁਖਲਾ ਗਏ ਹਨ। ਉਨ੍ਹਾਂ ਵੱਲੋਂ ਭਾਜਪਾ ਉਮੀਦਵਾਰਾਂ ਦਾ ਸਮਰਥਨ ਕਰਨ ਵਾਲੇ ਸਿੱਖਾਂ 'ਤੇ ਕੀਤੀ ਗਈ ਟਿੱਪਣੀ ਸ਼ਰਮਨਾਕ ਹੀ ਨਹੀਂ ਸਗੋਂ ਸੰਵਿਧਾਨ ਦੁਆਰਾ ਮਿਲੇ ਵੋਟ ਅਧਿਕਾਰ ਦਾ ਸਿੱਧਾ ਸਿੱਧਾ ਹਨਨ ਹੈ।

ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਪੰਥਕ ਸਰੂਪ ਤੇ ਸਿਧਾਂਤਾਂ ਦੀ ਰਾਖੀ ਲਈ ਜਾਣੇ ਜਾਂਦੇ ਅਕਾਲੀ ਦਲ ਲਈ ਇਸ ਤੋਂ ਵੱਧ ਨਮੋਸ਼ੀ ਕੀ ਹੋ ਸਕਦੀ ਹੈ ਕਿ ਸਿੱਖਾਂ ਦੀ ਧਾਰਮਿਕ ਰਾਜਧਾਨੀ ਤੇ ਗੁਰੂ ਨਗਰੀ ਅੰਮ੍ਰਿਤਸਰ 'ਚ ਉਤਾਰੇ ਜਾਣ ਲਈ ਉਸ ਕੋਲ ਕੋਈ ਸਿੱਖ ਚਿਹਰਾ ਤਕ ਨਹੀਂ ਰਿਹਾ। ਜਦੋਂ ਕਿ ਅਕਾਲੀ ਦਲ ਹਮੇਸ਼ਾਂ ਅੰਮ੍ਰਿਤਸਰ ਲਈ ਸਿੱਖ ਉਮੀਦਵਾਰ ਅਤੇ ਪ੍ਰਸ਼ਾਸਨ 'ਚ ਸਿੱਖ ਡੀ ਸੀ ਅਤੇ ਸਿੱਖ ਸੀ ਪੀ ਜਾਂ ਐਸ ਐਸ ਪੀ ਦੀ ਤਾਇਨਾਤੀ ਦੀ ਵਕਾਲਤ ਕਰਦੇ ਆ ਰਹੇ ਹਨ।

ਉਨ੍ਹਾਂ ਕਿਹਾ ਕਿ ਬਾਦਲ ਪਰਿਵਾਰ ਦੇ ਗੁਨਾਹ ਹੀ ਇੰਨੇ ਵੱਡੇ ਹਨ ਕਿ ਵਾਰ ਵਾਰ ਮੁਆਫ਼ੀ ਮੰਗਣ 'ਤੇ ਵੀ ਸਿੱਖ ਸਮਾਜ ਨੇ ਉਨ੍ਹਾਂ ਨੂੰ ਮੁਆਫ਼ ਨਹੀਂ ਕੀਤਾ ਹੈ। ਉਨ੍ਹਾਂ ਕਿਹਾ ਕਿ ਸੁਖਬੀਰ ਬਾਦਲ ਵੱਲੋਂ ਭਾਜਪਾ ਖ਼ਿਲਾਫ਼ ਝੂਠਾ ਬਿਰਤਾਂਤ ਬਿਠਾਉਣ ਦੀ ਗੁਮਰਾਹਕੁਨ ਕੋਸ਼ਿਸ਼ ਨੂੰ ਸਿੱਖ ਕੌਮ ਸਮਝ ਚੁੱਕੀ ਹੈ। ਸਿੱਖ ਹੁਣ ਉਸ ਦੀਆਂ ਗੱਲਾਂ 'ਚ ਨਹੀਂ ਆਉਣ ਲੱਗੇ ਹਨ। ਉਨ੍ਹਾਂ ਬਾਦਲ 'ਤੇ ਮੌਕਾ ਪ੍ਰਸਤ ਹੋਣ ਦਾ ਦੋਸ਼ ਲਾਉਂਦਿਆਂ ਸਵਾਲ ਉਠਾਇਆ ਕਿ ਕੀ ਬਾਦਲ ਸਿੱਖਾਂ ਨੂੰ ਇਹ ਦੱਸਣ ਦੀ ਖੇਚਲ ਕਰੇਗਾ ਕਿ ਜਿਸ ਭਾਜਪਾ 'ਤੇ ਉਹ ਹੁਣ ਤਲਖ਼ੀ ਜਤਾ ਰਹੇ ਹਨ, ਉਸ ਨਾਲ ਕਰੀਬ ਤਿੰਨ ਦਹਾਕਿਆਂ ਦੀ ਸਾਂਝ ਕਿਉਂ ਰੱਖੀ ਗਈ? ਸਿੱਖ ਸੰਗਤ ਨੂੰ ਭਾਜਪਾ ਪ੍ਰਤੀ ਗੁਮਰਾਹ ਕਰਨ ਦੀ ਸੁਖਬੀਰ ਬਾਦਲ ਨਾਕਾਮ ਕੋਸ਼ਿਸ਼ ਕਰ ਰਿਹਾ ਹੈ, ਉਸੇ ਪਾਰਟੀ ਦੀ ਸਰਕਾਰ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਸਿੱਖ ਮਸਲਿਆਂ ਨੂੰ ਲੈ ਕੇ ਕੀਤੀਆਂ ਗਈਆਂ ਪਹਿਲ ਕਦਮੀਆਂ ਦੇ ਲਈ ਅਕਾਲੀ ਦਲ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਪੰਥਕ ਸਟੇਜ ਤੋਂ ਨਰਿੰਦਰ ਮੋਦੀ ਦੀ 'ਮਸੀਹਾ' ਕਹਿ ਕੇ ਵਡਿਆਈ ਕੀਤੀ ਗਈ ਸੀ। ਉਨ੍ਹਾਂ ਸੁਖਬੀਰ ਬਾਦਲ ਨੂੰ ਯਾਦ ਦਿਵਾਉਂਦਿਆਂ ਕਿਹਾ ਕਿ ਸ੍ਰੀ ਕਰਤਾਰਪੁਰ ਸਾਹਿਬ ਲਾਂਘੇ ਦੀ ਸਿੱਖ ਕੌਮ ਵੱਲੋਂ 70 ਸਾਲਾਂ ਤੋਂ ਕੀਤੀ ਜਾ ਰਹੀ ਮੰਗ ਪੂਰੀ ਕਰਨ 'ਤੇ 2019 ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਕੌਮੀ ਸੇਵਾ ਅਵਾਰਡ ਨਾਲ ਸਨਮਾਨਿਤ ਕਰਨ ਸਮੇਂ ਸ਼੍ਰੋਮਣੀ ਕਮੇਟੀ ਨੇ ਲਿਖਤੀ ਸਨਮਾਨ ਪੱਤਰ 'ਚ ਖ਼ੁਦ ਲਿਖਿਆ ਕਿ "ਸਤਿਗੁਰੂ ਸੱਚੇ ਪਾਤਿਸ਼ਾਹ ਜੀ ਦੇ 550 ਵੇਂ ਪ੍ਰਕਾਸ਼ ਪੁਰਬ 'ਤੇ ਸਿੱਖ ਸੰਗਤ ਨੂੰ ਇਸ ਤੋਂ ਵੱਡੀ ਰੱਬੀ ਦਾਤ ਕੀ ਮਿਲ ਸਕਦੀ ਸੀ ਕਿ ਦੇਸ਼ ਦਾ ਕੋਈ ਮੁਖੀਆ 'ਮਸੀਹਾ' ਬਣਕੇ ਸਿੱਖ ਜਗਤ ਦੀ ਇਸ ਸੱਧਰ ਦੀ ਪੂਰਤੀ ਲਈ ਸਿਆਸੀ, ਪ੍ਰਸ਼ਾਸਨਿਕ ਅਤੇ ਕੂਟਨੀਤਕ ਦਲੇਰੀ ਦਾ ਮੁਜ਼ਾਹਰਾ ਕਰੇ।" । ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਨੇ ਗੁਰੂ ਸਾਹਿਬਾਨ ਦਾ ਹਮੇਸ਼ਾਂ ਦਿਲੋਂ ਸਤਿਕਾਰ ਕੀਤਾ। ਜਿਸ ਲਾਲ ਕਿਲ੍ਹੇ ਤੋਂ ਗੁਰੂ ਤੇਗ. ਬਹਾਦਰ ਸਾਹਿਬ ਜੀ ਲਈ ਸ਼ਹੀਦੀ ਦਾ ਫ਼ਰਮਾਨ ਜਾਰੀ ਹੋਇਆ, ਭਾਜਪਾ ਸਰਕਾਰ ਵੱਲੋਂ ਉਸੇ ਲਾਲ ਕਿਲ੍ਹੇ 'ਤੇ ਗੁਰੂ ਤੇਗ. ਬਹਾਦਰ ਸਾਹਿਬ ਦਾ ਪ੍ਰਕਾਸ਼ ਦਿਹਾੜਾ ਮਨਾਇਆ ਗਿਆ। ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਿੱਜਦਾ ਕਰਨ ਲਈ ਹਰ ਸਾਲ ਵੀਰ ਬਾਲ ਦਿਵਸ ਮਨਾਇਆ ਜਾਂਦਾ ਹੈ। ਇਥੇ ਹੀ ਗਲ ਨਹੀਂ ਮੁੱਕ ਦੀ ਪ੍ਰਧਾਨ ਮੰਤਰੀ ਮੋਦੀ ਨੇ ਸਿੱਖ ਜਜ਼ਬਾਤਾਂ ਦੀ ਤਰਜਮਾਨੀ ਕਰਦਿਆਂ ਪਾਰਲੀਮੈਂਟ 'ਚ ਜੂਨ '84 'ਚ ਸ੍ਰੀ ਦਰਬਾਰ ਸਾਹਿਬ 'ਤੇ ਕਾਂਗਰਸ ਵੱਲੋਂ ਕਰਾਏ ਗਏ ਹਮਲੇ ਨੂੰ 'ਹਮਲਾ' ਕਰਾਰ ਦਿੱਤਾ। ਨਵੰਬਰ '84ਦੇ ਸਿੱਖ ਕਤਲੇਆਮ ਨੂੰ 'ਭਿਆਨਕ ਨਰਸੰਹਾਰ' ਕਰਾਰ ਦਿੱਤਾ। ਸਿੱਖ ਕਤਲੇਆਮ ਦੇ ਦੋਸ਼ੀਆਂ ਖਿਲਾਫ ਸਖ਼ਤ ਕਾਰਵਾਈ ਕੀਤੀ। ਕਤਲੇਆਮ ਪੀੜਤਾਂ ਨੂੰ ਮਾਲੀ ਮਦਦ ਦਿੱਤੀ। ਜੋਧਪੁਰ ਨਜ਼ਰਬੰਦਾਂ ਨੂੰ ਮੁਆਵਜ਼ਾ ਦੇਣ ਦੀ ਪਹਿਲਕਦਮੀ ਕੀਤੀ। ਕਾਂਗਰਸ ਸਰਕਾਰ ਵੱਲੋਂ ਜਾਰੀ ਕਾਲੀ ਸੂਚੀ ਦਾ ਖ਼ਾਤਮਾ ਕੀਤਾ। ਅਫ਼ਗ.ਾਨਿਸਤਾਨ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਤਿੰਨ ਪਾਵਨ ਸਰੂਪ ਅਤੇ ਅਨੇਕਾਂ ਸਿੱਖਾਂ ਨੂੰ ਸੁਰੱਖਿਅਤ ਲਿਆਂਦੇ ਗਏ। ਸਿੱਖ ਸ਼ਰਨਾਰਥੀਆਂ ਲਈ ਨਾਗਰਿਕਤਾ ਸੋਧ ਕਾਨੂੰਨ ਦਾ ਲਾਭ ਦਿੱਤਾ। ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਅੱਗੇ ਕਿਹਾ ਕਿ ਅਕਾਲੀ ਦਲ ਦਾ ਜੋ ਹੁਣ ਹਸ਼ਰ ਹੋ ਰਿਹਾ ਹੈ ਉਹ ਸਿੱਖ ਪੰਥ ਨੂੰ ਪਿੱਠ ਦਿਖਾਉਣ ਅਤੇ ਸਿੱਖੀ ਸਿਧਾਂਤਾਂ ਨਾਲ ਖਿਲਵਾੜ ਦਾ ਨਤੀਜਾ ਹੈ। ਸਿੱਖ ਸੰਗਤ ਵੱਲੋਂ ਬਾਦਲ ਕੇ ਅਕਾਲੀਆਂ ਨੂੰ ਮੂੰਹ ਤੋੜ ਜਵਾਬ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਸੁਖਬੀਰ ਬਾਦਲ ਦਾ "ਬੇਅਦਬੀ ਦੇ ਦੋਸ਼ੀਆਂ ਨੂੰ ਫੜਨ ਦਾ ਮੌਕਾ ਨਹੀਂ ਮਿਲਿਆ" ਕਹਿਣਾ ਵੀ ਕੋਰਾ ਝੂਠ ਹੈ।





ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰੋ. ਸਰਚਾਂਦ ਸਿੰਘ ਨੇ ਸਿੱਖ ਸੰਗਤਾਂ ਨੂੰ ਸੁਖਬੀਰ ਬਾਦਲ ਵੱਲੋਂ ਦਿੱਲੀ, ਪਟਨਾ, ਹਜ਼ੂਰ ਸਾਹਿਬ ਅਤੇ ਹਰਿਆਣਾ ਗੁਰਦੁਆਰਾ ਕਮੇਟੀਆਂ ਬਾਰੇ ਕੀਤੀ ਜਾ ਰਹੀ ਗ.ਲਤ ਬਿਆਨੀ ਬਾਰੇ ਸੁਚੇਤ ਰਹਿਣ ਲਈ ਕਿਹਾ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਦੀ ਜਥੇਦਾਰੀ ਕਰਦਿਆਂ ਗਿਆਨੀ ਹਰਪ੍ਰੀਤ ਸਿੰਘ ਦਾ ਇਹ ਕਹਿਣਾ ਬਿਲਕੁਲ ਦਰੁਸਤ ਸੀ ਕਿ ਅਕਾਲੀ ਦਲ ਜੋ ਕਿਸਾਨਾਂ ਅਤੇ ਮਜ਼ਦੂਰਾਂ ਦੀ ਪਾਰਟੀ ਸੀ, ਹੁਣ ਸਰਮਾਏਦਾਰਾਂ ਦੇ ਹੱਥਾਂ 'ਚ ਚਲੀ ਗਈ ਹੈ। ਉਨ੍ਹਾਂ ਕਿਹਾ ਕਿ ਗੁਰਧਾਮਾਂ ਦੀ ਅਜ਼ਾਦੀ ਅਤੇ ਸੇਵਾ ਸੰਭਾਲ ਦੀ ਲਹਿਰ ਵਿਚੋਂ ਹੋਂਦ 'ਚ ਆਇਆ ਅਕਾਲੀ ਦਲ ਕੌਮੀ ਪਰਵਾਨਿਆਂ ਦੀ ਪਾਰਟੀ ਸੀ, ਜਿਸ ਦੇ ਚੋਣ ਨਿਸ਼ਾਨ 'ਤੱਕੜੀ' ਦਾ ਮਤਲਬ 'ਪੰਥ' ਹੋਇਆ ਕਰਦਾ ਸੀ। ਲੀਡਰਾਂ ਦੀ ਜੀਵਨ ਸ਼ੈਲੀ ਦੂਜਿਆਂ ਲਈ ਪ੍ਰੇਰਨਾ ਸਰੋਤ ਹੋਇਆ ਕਰਦਾ ਸੀ, ਪਾਰਟੀ ਦੀ ਕਮਾਨ ਜਦੋਂ ਤੋਂ ਸੁਖਬੀਰ ਸਿੰਘ ਬਾਦਲ ਦੇ ਹੱਥ ਆਈ ਹੈ, ਪਾਰਟੀ ਨੂੰ ਬਹੁਤ ਤੇਜ਼ੀ ਨਾਲ ਖੋਰਾ ਲੱਗਾ ਤੇ ਪਤਨ ਵਲ ਵਧਿਆ ਹੈ। ਅਕਾਲੀ ਦਲ ਦੇ ਅਪਰਾਧੀਕਰਨ ਤੇ ਇਸ ਉਪਰ ਹੁੱਲੜਬਾਜ਼ ਅਨਸਰਾਂ ਦੇ ਭਾਰੂ ਹੋਣ ਦਾ ਅਮਲ ਸ਼ੁਰੂ ਹੋਇਆ। ਅੱਜ ਦੀ ਲੀਡਰਸ਼ਿਪ 'ਚ ਵਪਾਰਕ ਬਿਰਤੀ ਤੋਂ ਇਲਾਵਾ ਕਈਆਂ ਦਾ ਨਸ਼ਿਆਂ ਦੇ ਧੰਦਿਆਂ 'ਚ ਜ਼ਮਾਨਤਾਂ 'ਤੇ ਹੋਣਾ ਪਾਰਟੀ ਅਤੇ ਨੈਤਿਕ ਪਤਨ ਦਾ ਕਾਰਨ ਬਣਿਆ। ਉਨ੍ਹਾਂ ਕਿਹਾ ਕਿ ਕਿਸੇ ਵੀ ਕੀਮਤ ਉੱਤੇ ਚੋਣਾਂ ਜਿੱਤਣਾ ਸੁਖਬੀਰ ਦਾ ਇਕਲੌਤਾ ਮਕਸਦ ਸੀ ਅਤੇ ਉਸ ਨੇ ਆਪਣੇ ਇਸ ਕਾਰਜ ਨੂੰ ਐਨੀ ਸੰਜੀਦਗੀ ਨਾਲ ਲਿਆ ਕਿ ਨਾਸਤਿਕਾਂ, ਕਾਨੂੰਨ ਨੂੰ ਟਿੱਚ ਜਾਣਨ ਵਾਲਿਆਂ, ਨਸ਼ੇੜੀਆਂ ਅਤੇ ਇੱਥੋਂ ਤਕ ਕਿ ਮੁਜਰਮਾਂ ਲਈ ਵੀ ਪਾਰਟੀ ਦੇ ਦਰ ਖੋਲ੍ਹ ਦਿੱਤੇ। ਅਕਾਲੀ ਦਲ ਵਿਚ ਜਿੱਥੇ ਵਿਚਾਰਧਾਰਾ ਦੀ ਪ੍ਰਾਥਮਿਕਤਾ ਸੀ ਪਰਿਵਾਰਵਾਦ ਦੇ ਭਾਰੂ ਹੋਣ ਨਾਲ ਮਲਾਈ ਖਾਣ ਵਾਲੇ, ਅਹੁਦਿਆਂ ਦੇ ਲਾਲਚੀ ਤੇ ਚਾਪਲੂਸਾਂ ਦੇ ਟੋਲਿਆਂ ਨੇ ਆਪਣੀ ਜਗਾ ਬਣਾ ਲਈ। ਚੋਣਾਂ ਵੇਲੇ ਟਿਕਟ ਦੇਣ ਦਾ ਮਾਪਦੰਡ ਲੋਕਾਂ ਲਈ ਜੇਲ੍ਹ ਕੱਟਣਾ ਜਾਂ ਕੁਰਬਾਨੀ ਹੁੰਦਾ ਸੀ। ਹੁਣ ਮਹਿੰਗੇ ਚਿੱਟੇ ਕੁੜਤੇ ਪਜਾਮੇ, ਬੂਟ, ਲੈਂਡ ਕਰੂਜ਼ਰ ਤੇ ਫਾਰਚੂਨਰ ਗੱਡੀਆਂ ਨਾਲ ਲੈਸ ਅਕਾਲੀ ਕਾਕਿਆਂ ਨੂੰ ਅਹਿਮੀਅਤ ਮਿਲਣਾ ਪਿਛਲੇ ਦੋ ਦਹਾਕਿਆਂ ਤੋਂ ਅਕਾਲੀ ਸਿਆਸਤ ਵਿਚ ਆਈਆਂ ਵੱਡੀਆਂ ਤਬਦੀਲੀਆਂ ਦਾ ਸਬੂਤ ਹੈ। ਇਸ ਸਭ ਲਈ ਸੁਖਬੀਰ ਬਾਦਲ ਜ਼ਿੰਮੇਵਾਰ ਹੈ।

### ਸ਼ਹੀਦ ਭਾਈ ਗੁਰਦੇਵ ਸਿੰਘ ਦੇਬੂ ਦੀ ਭਾਣਜੀ ਅਤੇ ਜਥੇਦਾਰ ਰੇਸ਼ਮ ਸਿੰਘ ਬੱਬਰ ਦੀ ਸਪੁੱਤਰੀ

# ਬਲਜੀਤ ਕੌਰ ਬਣੀ ਜਰਮਨੀ ਦੀ ਪਹਿਲੀ ਦਸਤਾਰਧਾਰੀ ਡਾਕਟਰ





ਨਵੀਂ ਦਿੱਲੀ 16 ਮਈ (ਮਨਪ੍ਰੀਤ ਸਿੰਘ ਖਾਲਸਾ):- ਗੁਰਦੁਆਰਾ ਦਸ਼ਮੇਸ਼ ਸਿੰਘ ਸਭਾ ਕਲੋਨ ਵਿਖੇ ਪਰਿਵਾਰ ਵਲੋਂ ਉਨ੍ਹਾਂ ਦੀ ਸਪੁੱਤਰੀ ਬੀਬੀ ਬਲਜੀਤ ਕੌਰ ਦੀ ਡਿਗਰੀ (ਡਾਕਟਰ ਆਫ ਡੈਂਟਲ ਸਰਜਰੀ) ਪ੍ਰਾਪਤ ਹੋਣ ਤੇ ਗੁਰੂ ਸਾਹਿਬ ਦੇ ਸ਼ੁਕਰਾਨੇ ਵਜੋਂ ਸ੍ਰੀ ਸਾਹਿਜ ਪਾਠ ਦੇ ਭੋਗ ਪਾਏ ਗਏ। ਮਾਣ ਵਾਲੀ ਗੱਲ ਹੈ ਕਿ ਡਾ.ਬਲਜੀਤ ਕੌਰ ਨੇ ਪੂਰਨ ਤੌਰ ਤੇ ਸਿੱਖੀ ਸਰੂਪ ਵਿੱਚ ਵਿਚਰਦਿਆਂ ਅੰਮ੍ਰਿਤ ਛੱਕ, ਪਹਿਲੀ ਜਰਮਨੀ ਦੀ ਪਹਿਲੀ ਦਸਤਾਰਧਾਰੀ ਡਾਕਟਰ ਬਣ ਕੇ ਸਮੁੱਚੀ ਕੌਮ ਦਾ ਮਾਣ ਵਧਾਇਆ। ਸਮਾਗਮ ਮੌਕੇ ਭਾਈ ਰਣਜੀਤ ਸਿੰਘ ਨੇ ਸ਼ਬਦ ਕੀਰਤਨ ਦੀ ਆਰੰਭਤਾ ਕੀਤੀ, ਡਾ.ਬਲਜੀਤ ਕੌਰ ਨੇ ਵੀ ਕੀਰਤਨ ਗਾਇਨ ਕੀਤਾ। ਉਪਰੰਤ ਭਾਈ ਮਨਦੀਪ ਸਿੰਘ ਦੇ ਰਾਗੀ ਜੱਥੇ ਨੇ ਸੰਗਤਾਂ ਨੂੰ ਕੀਰਤਨ ਦਵਾਰਾ ਨਿਹਾਲ ਕੀਤਾ। ਗੁਰਦੁਆਰਾ ਸਾਹਿਬ ਦੇ ਵਜ਼ੀਰ ਭਾਈ ਜਗਜੀਤ ਸਿੰਘ ਨੇ ਕਥਾ ਦੁਆਰਾ ਬਹੁਤ ਹੀ ਵਿਸਥਾਰ ਨਾਲ ਜੀਵਨ ਦੇ ਅਤੇ ਕੌਮ ਦੇ ਹਰ ਪੱਖ ਨੂੰ ਛੋਹਦਿਆਂ ਸੰਗਤਾਂ ਨੂੰ ਜਾਗਰੂਕ ਕਰਨ ਵਾਲੇ ਸ਼ਬਦਾਂ ਨਾਲ ਚਾਨਣਾ ਪਾਇਆ ਅਤੇ ਕਿਹਾ ਕੇ ਬੱਚੀ ਬਲਜੀਤ ਕੌਰ ਅੱਜ ਦੇ ਬੱਚਿਆਂ ਲਈ ਰੋਲ ਮਾਡਲ ਹੈ ਅਤੇ ਸਾਨੂੰ ਆਪਣੇ ਬੱਚਿਆਂ ਤੇ ਮਿਹਨਤ ਕਰਨੀ ਚਾਹੀਦੀ ਹੈ ਤਾਂ ਜੋ ਉਹ ਵੀ ਆਪਣੀ ਸਿੱਖ ਕੌਮ ਦਾ ਮਾਣ ਵਧਾਉਣ। ਪ੍ਰਬੰਧਕ ਕਮੇਟੀ ਵੱਲੋਂ ਗੁਰੂ ਘਰ ਦੇ ਵਜ਼ੀਰ ਵੱਲੋਂ ਡਾ.ਬਲਜੀਤ ਕੌਰ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਜਥੇਦਾਰ ਰੇਸ਼ਮ ਸਿੰਘ ਬੱਬਰ ਹੋਰਾਂ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਆਪਣੀ ਹੱਡ ਬੀਤੀ ਦੱਸੀ ਅਤੇ ਕਿਹਾ ਕੀ ਉਹ ਇੱਕ ਗ.ਰੀਬ ਪਰਿਵਾਰ ਵਿੱਚੋ ਸਨ ਅਤੇ ਉਨ੍ਹਾਂ ਦੀ ਦਿੱਲੀ ਖੁਆਇਸ਼ ਸੀ ਕਿ ਉਨ੍ਹਾਂ ਦੇ ਬੱਚੇ ਉੱਚ ਵਿੱਦਿਆ ਪ੍ਰਾਪਤ ਕਰਨ ਜੋ ਕਿ ਉਨ੍ਹਾਂ ਸਮਿਆਂ ਵੇਲ਼ੇ ਉਨ੍ਹਾਂ ਵਾਸਤੇ ਸੰਭਵ ਨਹੀਂ ਸੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦਾ ਓਟ ਆਸਰਾ ਲੈਂਦਿਆਂ ਅਤੇ ਸ਼ਹੀਦਾਂ ਸਿੰਘਾ ਦੇ ਪਹਿਰੇ ਸਦਕਾ ਬੱਚੀ ਦੀ ਪੜ੍ਹਾਈ ਅਤੇ ਉਨ੍ਹਾਂ ਦਾ ਸੁਪਨਾ ਸਾਕਾਰ ਹੋਇਆ। ਉਪ੍ਰੰਤ ਜਰਮਨੀ ਦੀਆਂ ਪੰਥਕ ਜੱਥੇਬੰਦੀਆਂ ਦੇ ਨੁਮਾਇੰਦੇ ਇੰਟਰਨੈਸ਼ਨਲ ਸਿੱਖ ਫੈਡਰੇਸ਼ਨ ਜਰਮਨੀ ਦੇ ਪ੍ਰਧਾਨ ਭਾਈ ਲਖਵਿੰਦਰ ਸਿੰਘ ਮੱਲ੍ਹੀ ਅਤੇ ਫੈਡਰੇਸ਼ਨ ਦੇ ਆਗੂ ਭਾਈ ਜਤਿੰਦਰਵੀਰ ਸਿੰਘ ਨੇ ਇਸ ਖੁਸ਼ੀ ਦੀ ਘੜੀ ਸਮੇਂ ਜਿੱਥੇ ਸੰਗਤਾਂ ਨੂੰ ਆਪਣੇ ਬੱਚਿਆਂ ਦੀ ਉਚੇਰੀ ਵਿੱਦਿਆ ਲਈ ਚਾਨਣਾ ਪਾਇਆ ਤਾਂ ਕਿ ਸਾਡੇ ਬੱਚੇ ਇਨ੍ਹਾਂ ਦੇਸ਼ਾਂ ਵਿੱਚ ਉੱਚ ਅਹੁਦਿਆਂ ਤੇ ਬਿਰਾਜਮਾਨ ਹੋ ਕੇ ਸਿੱਖ ਕੌਮ ਦੀ ਪਹਿਚਾਣ ਨੂੰ ਹੋਰ ਚਾਰ ਚੰਨ ਲਾ ਸਕਣ, ਉਥੇ ਹੀ ਬੀਬੀ ਬਲਜੀਤ ਕੌਰ ਦੀ ਮਿਸਾਲ ਦੇਂਦਿਆਂ ਸਿੱਖੀ ਸਰੂਪ ਵਿੱਚ ਵਿਚਰਦਿਆਂ ਆਪਣੀ ਪੜ੍ਹਾਈ ਪੂਰੀ ਕਰਨ ਲਈ ਪ੍ਰੇਰਿਆ । ਕਿਉਂ ਕਿ ਕਈ ਵਾਰ ਬੱਚੇ ਕੇਸ ਕਤਲ ਕਰਵਾਉਣ ਲਈ ਵਿਦਿਅਕ ਅਦਾਰਿਆਂ ਅੰਦਰ ਆਉਣ ਵਾਲੀਆਂ ਛੋਟੀਆਂ, ਮੋਟੀਆਂ ਸਮੱਸਿਆਵਾਂ ਨੂੰ ਬਹਾਨਾ ਬਣਾ ਲੈਂਦੇ ਹਨ। ਨਾਲ ਹੀ ਬੁਲਾਰਿਆਂ ਵਲੋਂ ਸਿੱਖ ਸੰਘਰਸ਼ ਤੇ ਝਾਤ ਪਾਈ ਗਈ। ਬੁਲਾਰਿਆਂ ਵੱਲੋ ਇਹ ਖ਼ਾਸ ਤੌਰ ਤੇ ਕਿਹਾ ਗਿਆ ਕਿ ਖ਼ਾਲਸਾ ਰਾਜ ਦੀ ਪ੍ਰਾਪਤੀ ਲਈ ਉੱਚ ਵਿੱਦਿਆ ਹਾਸਲ ਕਰਨਾ ਬਹੁਤ ਹੀ ਜ਼ਰੂਰੀ ਹੈ। ਆਈਆਂ ਪੰਥਕ ਸਖਸ਼ੀਅਤਾਂ ਵਿੱਚੋਂ ਭਾਈ ਰਾਜਿੰਦਰ ਸਿੰਘ ਬੱਬਰ, ਭਾਈ ਸਤਨਾਮ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ, ਭਾਈ ਜਸਵੰਤ ਸਿੰਘ ਬੱਬਰ, ਭਾਈ ਅਮਰਜੀਤ ਸਿੰਘ ਬੱਬਰ, ਭਾਈ ਬਲਵਿੰਦਰ ਸਿੰਘ, ਭਾਈ ਪ੍ਰਤਾਪ ਸਿੰਘ ਬੱਬਰ, ਭਾਈ ਰਾਮਪਾਲ ਸਿੰਘ ਬੱਬਰ, ਭਾਈ ਅਵਤਾਰ ਸਿੰਘ ਪੱਡਾ ਆਦਿ ਮੌਜੂਦ ਸਨ।

ਅੰਤ ਵਿੱਚ ਸ਼ਹੀਦ ਭਾਈ ਗੁਰਦੇਵ ਸਿੰਘ ਦੇਬੂ ਦੇ ਭਰਾਤਾ ਭਾਈ ਸਰਦੂਲ ਸਿੰਘ ਨੇ ਆਈਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਬਹੁਤ ਹੀ ਭਾਵੁਕ ਹੁੰਦਿਆਂ ਉਸ ਸਮੇਂ ਦੌਰਾਨ ਉਨ੍ਹਾਂ ਦੇ ਸਾਰੇ ਪਰਿਵਾਰ ਨੇ ਕਿਵੇਂ ਜਾਬਰ ਹਕੂਮਤ ਦਾ ਕਹਿਰ ਝੱਲਿਆ ਦਾ ਵਰਨਣ ਕੀਤਾ ਅਤੇ ਕਿਵੇਂ ਉਨ੍ਹਾਂ ਦੀ ਭੈਣ ਜੀ ਨੇ ਤਸੀਹੇ ਝੱਲਣ ਅਤੇ ਅਤੀ ਬਿਮਾਰ ਹੋਣ ਦੇ ਬਾਵਜੂਦ ਬੱਚੀ ਦੀ ਬਿਹਤਰੀਨ ਪਰਵਰਿਸ਼ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

## ਸੰਤ ਬਾਬਾ ਸਾਧੂ ਸਿੰਘ ਨਾਨਕਸਰ ਕਲੇਰਾਂ ਵਾਲਿਆਂ ਦੀ 16 ਵੀਂ ਬਰਸੀ ਮੌਕੇ ਜੰਡਿਆਲਾ ਗੁਰੂ ਤੋਂ ਸੰਗਤਾਂ ਦੀ ਬੱਸ ਰਵਾਨਾ ਹੋਈ : ਬਾਬਾ ਬਿਬੇਕ ਸਿੰਘ



**ਜੰਡਿਆਲਾ ਗੁਰੂ, 16 ਮਈ ( ਕੁਲਵੰਤ ਸਿੰਘ ਵਿਰਦੀ)**-ਬੀਤੇ ਦਿਨ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਤੋਂ ਗੁਰਦੁਆਰਾ ਨਾਨਕਸਰ ਕਲੇਰਾਂ ਅਤੇ ਗੁਰਦੁਆਰਾ ਮਹਿੰਦੀਆਣਾ ਸਾਹਿਬ ਜੀ ਦੇ ਦਰਸ਼ਨਾਂ ਲਈ ਸੰਗਤਾਂ ਦੀ ਬੱਸ ਰਵਾਨਾ ਹੋਈ ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਗੁਰਦੁਆਰਾ ਨਾਨਕਸਰ ਸਾਹਿਬ ਜੀ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਕਿ ਸੰਤ ਮਹਾਂਪੁਰਖ ਸੱਚਖੰਡ ਵਾਸੀ ਸੰਤ ਬਾਬਾ ਸਾਧੂ ਸਿੰਘ ਕਲੇਰਾਂ ਵਾਲੇ 2009 ਵਿੱਚ ਸੱਚਖੰਡ ਪਿਆਨਾ ਕਰ ਗਏ ਸਨ ਅਤੇ ਅੱਜ ਸੰਤ ਬਾਬਾ ਸਾਧੂ ਸਿੰਘ ਜੀ ਦੀ 16 ਵੀਂ ਬਰਸੀ ਨੂੰ ਸਬੰਧਤ ਅਤੇ ਭਾਈ ਅੰਮ੍ਰਿਤਪਾਲ ਸਿੰਘ ਜੀ ਦੀ ਚੜ੍ਹਦੀ ਕਲ੍ਹਾ ਲਈ ਇਹ ਸੰਗਤਾਂ ਦੀ ਬੱਸ ਰਵਾਨਾ ਹੋਈ ਹੈ ਅੱਗੇ ਉਨ੍ਹਾ ਕਿਹਾ ਕਿ ਇਸ ਬੱਸ ਵਿੱਚ ਜੰਡਿਆਲਾ ਗੁਰੂ ਨਾਨਕਸਰ ਕਲੋਨੀ ਅਤੇ ਪਿੰਡ ਸਰਜੇ ਦੀਆਂ ਵੱਡੇ ਭਾਗਾਂ ਵਾਲੀਆਂ ਸੰਗਤਾਂ ਨਾਨਕਸਰ ਕਲੇਰਾਂ ਅਤੇ ਗੁਰਦੁਆਰਾ ਮਹਿੰਦੀਆਣਾ ਸਾਹਿਬ ਜੀ ਦੇ ਦਰਸ਼ਨਾਂ ਨੂੰ ਜਾ ਰਹੀਆਂ ਹਨ ਅਤੇ ਸ਼ਾਮ ਨੂੰ ਇਹ ਬੱਸ ਵਾਪਸ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਵਿਖੇ ਪਹੁੰਚੇਗੀ ਅੱਗੇ ਉਨ੍ਹਾ ਸੰਗਤਾਂ ਨੂੰ ਬੇਨਤੀ ਕਰਦਿਆਂ ਹੋਇਆਂ ਕਿਹਾ ਕਿ ਗੁਰਧਾਮਾਂ ਦੇ ਦਰਸ਼ਨਾਂ ਦੇ ਨਾਲ ਨਾਲ ਸਾਨੂੰ ਗੁਰਬਾਣੀ ਗਾਉਣੀ ਚਾਹੀਦੀ ਹੈ ਅਤੇ ਬਾਣੇ ਦੇ ਧਾਰਨੀ ਵੀ ਹੋਣਾ ਚਾਹੀਦਾ ਹੈ ਤਾਂ ਕਿ ਸਾਡੇ ਜੀਵਨ ਤੋਂ ਸਾਡੇ ਬੱਚੇ ਗੁਰਮਤਿ ਦੀ ਸੇਧ ਲੈ ਕਿ ਆਪਣਾ ਜੀਵਨ ਗੁਰੂ ਆਸ਼ੇ ਅਨੁਸਾਰ ਅਤੇ ਗੁਰੂ ਵਾਲੇ ਬਣ ਕਿ ਬਤੀਤ ਕਰ ਸਕਣ।




ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM

ਅੱਜ 'ਤੇ ਵਿਸ਼ੇਸ਼

# ਛੋਟਾ ਘੱਲੂਘਾਰਾ ਕਾਹਨੂੰਵਾਨ (ਗੁਰਦਾਸਪੁਰ) ਇੱਕ ਖ਼ੂਨੀ ਦੁਖਾਂਤ



**ਇਸਨੂੰ** ਛੋਟਾ ਘੱਲੂਘਾਰਾ ਜਾਂ ਪਹਿਲਾ ਘੱਲੂਘਾਰਾ ਕਿਹਾ ਜਾਂਦਾ ਹੈ।ਇਤਿਹਾਸ ਦੇ ਪੰਨੇ ਫਰੋਲਿਆਂ ਪਤਾ ਲੱਗਦਾ ਹੈ ਕਿ 1726 ਈ: ਨੂੰ ਅਬਦੁਸ-ਸੱਮਦ ਖਾਂ ਦੀ ਥਾਂ ਤੇ ਉਸਦੇ ਪੁੱਤਰ ਜਕਰੀਆਂ ਖਾਂ (ਖਾਨ ਬਹਾਦਰ) ਨੂੰ ਲਾਹੌਰ ਦਾ ਗਵਰਨਰ ਨਿਯੁਕਤ ਕੀਤਾ ਗਿਆ ਸੀ। ਅੱਗੇ ਜਕਰੀਆਂ ਖਾਂ ਦਾ ਪੁੱਤਰ ਯਹੀਆਂ ਖਾਂ ਸੀ। ਜੋ ਆਪਣੇ ਪਿਤਾ ਜਕਰੀਆਂ ਖਾਂ ਦੀ ਤਰ੍ਹਾਂ ਹੀ ਜਾਲਮ ਤੇ ਬਹੁਤ ਨਿਰਦਈ ਸੀ। ਯਹੀਆਂ ਖਾਂ ਨੇ ਲੱਖਪਤ ਰਾਏ ਤੇ ਉਸਦੇ ਭਰਾ ਜਸਪਤ ਰਾਏ ਨੂੰ ਜੋ ਏਮਨਾਬਾਦ ਦਾ ਫੌਜਦਾਰ ਨਿਯੁਕਤ ਕੀਤਾ ਸੀ। ਉਸਨੇ ਇੰਨ੍ਹਾਂ ਨੂੰ ਬਹੁਤ ਜ਼ਿਆਦਾ ਅਧਿਕਾਰ ਦੇ ਰੱਖੇ ਸਨ। ਸੰਨ 1746 ਈ: ਵਿੱਚ ਜਸਪਤ ਰਾਏ ਨੇ ਆਮ ਜਨਤਾ ਤੇ ਹੱਦੋਂ ਵੱਧ ਸਖਤੀ ਕਰਕੇ ਜ਼ਜ਼ੀਆ ਵਸੂਲਣਾ ਸ਼ੁਰੂ ਕਰ ਦਿੱਤਾ ਤਾਂ ਬਹੁਤ ਲੋਕ ਤੰਗ ਆ ਕੇ ਖਾਲਸਾ ਫੌਜ ਵਿੱਚ ਭਰਤੀ ਹੋ ਗਏ। ਸਿੱਖਾਂ ਦਾ ਇਹ ਜਥਾ ਘੁੰਮਦਾ ਘੁੰਮਾਉਂਦਾ ਏਮਨਾਬਾਦ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਦੁਆਰਾ ਰੋੜੀ ਸਾਹਬ ਪਹੁੰਚ ਗਿਆ ਫੌਜਦਾਰ ਜਸਪਤ ਰਾਏ ਨੂੰ ਇਤਲਾਹ ਮਿਲੀ ਕਿ ਸਿੱਖਾਂ ਦਾ ਇੱਕ ਜਥਾ ਗੁ: ਰੋੜੀ ਸਾਹਬ ਆ ਕੇ ਠਹਿਰਿਆ ਹੋਇਆ ਹੈ। ਜਸਪਤ ਰਾਏ ਫੌਜ ਲੈ ਕੇ ਉੱਥੇ ਪਹੁੰਚ ਗਿਆ ਤੇ ਸਿੱਖਾਂ ਨੂੰ ਕਹਿਣ ਲੱਗਾ ਕਿ 'ਤੁਸੀ ਇੱਥੋ ਚਲੇ ਜਾਉ' ਤਾਂ ਅੱਗੋਂ ਸਿੱਖਾਂ ਨੇ ਕਿਹਾ ਕਿ 'ਸਾਡੇ ਪਾਸ ਰਸਦ ਪਾਣੀ ਖਤਮ ਹੋ ਚੁੱਕਾ ਹੈ।ਅਸੀ ਇੱਕ ਰਾਤ ਇੱਥੇ ਠਹਿਰ ਕੇ ਰਸਦ ਪਾਣੀ ਇੱਕਠਾ ਕਰਕੇ ਸੁਭਾ ਹੁੰਦਿਆਂ ਹੀ ਇੱਥੋਂ ਚਲੇ ਜਾਵਾਂਗੇ।' ਪਰ ਜਸਪਤ ਰਾਏ ਕਿੱਥੇ ਮੰਨਣ ਵਾਲਾ ਸੀ। ਉਹ ਤਾਂ ਮੌਕੇ ਦੀ ਭਾਲ ਵਿੱਚ ਸੀ।ਉਸਨੇ ਸਿੱਖਾਂ ਉੱਪਰ ਹਮਲਾ ਕਰ ਦਿੱਤਾ। ਸਿੱਖਾਂ ਨੂੰ ਨਾ ਚਾਹੁੰਦੇ ਹੋਏ ਵੀ ਇਹ ਲੜਾਈ ਲੜਨੀ ਪਈ।ਦੋਹਾਂ ਪਾਸਿਉਂ ਗਹਿਗੱਚ ਲੜਾਈ ਹੋਈ। ਇਸੇ ਲੜਾਈ ਦੌਰਾਨ ਹੀ ਨਿਰਭੈ ਸਿੰਘ ਨਾਂ ਦੇ ਇੱਕ ਸਿੱਖ ਨੇ ਬਿਜਲੀ ਦੀ ਤਰ੍ਹਾਂ ਫੁਰਤੀ ਦਿਖਾਉਂਦਿਆ ਫੌਜਦਾਰ ਜਸਪਤ ਰਾਏ ਦੇ ਹਾਥੀ ਦੀ ਪੂਛ ਫੜ ਕੇ ਹਾਥੀ ਉੱਪਰ ਚੜ੍ਹ ਕੇ ਬੈਠੇ ਜਸਪਤ ਰਾਏ ਦੀ ਗਰਦਨ ਉਡਾ ਦਿੱਤੀ। ਜਸਪਤ ਰਾਏ ਦੀ ਮੌਤ ਨਾਲ ਮੁਗਲ ਫੌਜ ਵਿੱਚ ਭਗਦੜ ਮੱਚ ਗਈ ਤੇ ਫੌਜ ਉੱਥੋਂ ਭੱਜ ਗਈ। ਸਿੱਖਾਂ ਮੌਕਾ ਸੰਭਾਲਦਿਆਂ ਜਿੰਨ੍ਹਾਂ ਹੋ ਸਕਦਾ ਸੀ ਏਮਨਾਬਾਦ ਸ਼ਹਿਰ ਵਿੱਚੋਂ ਰਸਦ ਪਾਣੀ ਇੱਕਠਾ ਕਰ ਲਿਆ। ਜਸਪਤ ਰਾਏ ਦੀ ਮੌਤ ਦੀ ਖਬਰ ਜਦ ਉਸਦੇ ਭਰਾ ਲਖਪਤ ਰਾਏ ਨੂੰ ਲੱਗੀ ਤਾਂ ਉਹ ਲਾਹੌਰ ਪਹੁੰਚ ਗਿਆ ਤੇ ਲਾਹੌਰ ਦਰਬਾਰ ਮਿੰਨਤਾਂ ਤਰਲੇ ਕਰਨ ਲੱਗਾ। ਆਪਣੇ ਸਿਰ ਤੋਂ ਪੱਗੜੀ ਉਤਾਰ ਕੇ ਕਸਮ ਖਾਧੀ ਕਿ ਜਿੰਨ੍ਹਾਂ ਚਿਰ ਸਿੱਖਾਂ ਦਾ ਖੁਰਾ ਖੋਜ ਨਹੀ ਮਿਟਾ ਲੈਂਦਾ, ਮੈਂ ਆਪਣੇ ਸਿਰ ਤੇ ਪੱਗ ਨਹੀ ਬੰਨ੍ਹਾਂਗਾ। ਇਸ ਜਾਲਮਾਨਾ ਕਾਰਵਾਈ ਦੀ ਆਰੰਭਤਾ ਉਸਨੇ ਲਾਹੌਰ ਸ਼ਹਿਰ ਤੋਂ ਹੀ ਕਰ ਦਿੱਤੀ। ਜਿੱਥੇ ਵੀ ਸਿੱਖ ਦਿਖਾਈ ਦਿੱਤਾ ਮੌਤ ਦੇ ਘਾਟ ਉਤਾਰ ਦਿੱਤਾ ਗਿਆ। ਲਖਪਤ ਰਾਏ ਨੇ ਐਲਾਨ ਕਰਵਾ ਦਿੱਤਾ ਕਿ ਕੋਈ ਵੀ ਸਿੱਖਾਂ ਨਾਲ ਵਾਹ ਵਾਸਤਾ ਨਾ ਰੱਖੇ। ਇਹਨਾਂ ਦੀ ਬਾਣੀ ਨਾ ਪੜ੍ਹੇ।ਉਸਨੇ 'ਗੁੜ' ਸ਼ਬਦ ਤੇ ਵੀ ਪਾਬੰਦੀ ਲਗਾ ਦਿੱਤੀ ਕਿਉਂ ਜੋ 'ਗੁੜ' ਸ਼ਬਦ ਦਾ ਉਚਾਰਨ ਕਰਨ ਲੱਗਿਆਂ 'ਗੁਰੂ' ਸ਼ਬਦ ਦਾ ਭੁਲੇਖਾ ਲੱਗਦਾ ਸੀ।ਉਸਨੇ 'ਗੁੜ' ਸ਼ਬਦ ਦੀ ਥਾਂ 'ਰੋੜੀ' ਸ਼ਬਦ ਬੋਲਣ ਲਈ ਕਿਹਾ। ਗੁਰੂ ਗ੍ਰੰਥ ਸ਼ਬਦ ਦੀ ਥਾਂ 'ਪੋਥੀ' ਸ਼ਬਦ ਵਰਤਣ ਲਈ ਕਿਹਾ।ਗੁਰੂ ਗ੍ਰੰਥ ਸਾਹਿਬ ਜੀ ਦੀਆਂ ਪਾਵਨ ਪਵਿੱਤਰ ਬੀੜਾਂ ਦੀ ਰੱਜ ਕੇ ਬੇਅਦਬੀ ਕੀਤੀ। ਲਖਪਤ ਰਾਏ ਦੀ ਇਸ ਦਰਿੰਦਗੀ ਦੀ ਖਬਰ ਜਦ ਕਪੂਰ ਸਿੰਘ ਨੂੰ ਲੱਗੀ ਤਾਂ ਉਸਨੇ ਸਿਰਕੱਢ ਸਿੱਖ ਆਗੂਆਂ ਤੇ ਵੱਖ-ਵੱਖ ਸਿੱਖ ਜਥੇਬੰਦੀਆਂ ਨੂੰ ਸੁਨੇਹੇ ਭੇਜ ਕੇ ਗੁਰਦਾਸਪੁਰ ਜਿਲ੍ਹੇ ਦੀ ਕਾਹਨੂੰਵਾਨ ਛੰਭ ਜੋ ਮੁਕੇਰੀਆਂ ਨੂੰ ਜਾਂਦੀ ਸੜਕ ਤੇ 8 ਕਿ: ਦੂਰ ਫੌਜੀ ਛਾਉਣੀ ਤਿੱਬੜ ਤੋਂ ਸੱਜੇ ਪਾਸੇ ਨੂੰ 4 ਕਿ: ਤੇ ਸਥਿੱਤ ਹੈ, ਵਿਖੇ ਇੱਕਠੇ ਹੋਣ ਦੇ ਸੰਦੇਸ਼ੇ ਭੇਜੇ। ਸ੍. ਜੱਸਾ ਸਿੰਘ ਆਹਲੂਵਾਲੀਆਂ ਵੀ ਇਸ ਲੜਾਈ ਵਿੱਚ ਅੱਗੇ ਹੋ ਕੇ ਲੜੇ। ਇਸ ਗੱਲ ਦੇ ਪ੍ਰਮਾਣ ਰਤਨ ਸਿੰਘ ਭੰਗੂ ਰਚਿਤ 'ਪੰਥ ਪ੍ਰਕਾਸ਼' ਵਿੱਚ ਮਿਲਦੇ ਹਨ।ਇਸ ਛੰਭ ਵਿੱਚ ਕੋਈ 15000 ਸਿੱਖ ਇੱਕਠੇ ਹੋ ਗਏ।ਕਈ ਇਤਹਾਸਕਾਰਾਂ ਨੇ ਇਹ ਗਿਣਤੀ 25000 ਹਜ਼ਾਰ ਵੀ ਲਿਖੀ ਹੈ। ਸੂਹ ਮਿਲਣ ਤੇ ਜਕਰੀਆਂ ਖਾਂ ਦਾ ਪੁੱਤਰ ਯਹੀਆਂ ਖਾਂ ਤੇ ਲਖਪਤ ਰਾਏ ਆਪਣੀ ਭਾਰੀ ਭਰਕਮ ਗੋਲੇ ਬਾਰੂਦ ਨਾਲ ਲੈਸ ਫੌਜ ਲੈ ਕੇ ਹਮਲਾ ਕਰਨ ਲਈ ਆਣ ਪਹੁੰਚੇ।ਤੋਪਾਂ ਬੀੜ ਕੇ ਅੱਗ ਦੇ ਗੋਲੇ ਸਿੱਖਾਂ ਉੱਪਰ ਬਰਸਾਏ ਗਏ। ਸਿੰਘ ਰਾਤ ਸਮੇਂ ਹਨੇਰੇ ਦਾ ਫਾਇਦਾ ਉਠਾ ਕੇ ਲੱਖਪਤ ਰਾਏ ਦੀਆਂ ਫੌਜਾਂ ਦਾ ਰਾਸ਼ਣ ਪਾਣੀ ਲੁੱਟ ਕੇ ਫਿਰ ਛੰਭ ਵਿੱਚ ਵੜ ਜਾਂਦੇ ਤੇ ਅਗਲੇ ਦਿਨ ਦੇ ਹਮਲੇ ਲਈ ਤਿਆਰ ਹੋ ਜਾਂਦੇ।ਭੁੱਖਣ ਭਾਣੇ ਸਿੰਘ ਕਈ ਮਹੀਨਿਆਂ ਤੱਕ ਇਸੇ ਤਰ੍ਹਾਂ ਲੜਦੇ ਰਹੇ। ਜਦੋਂ ਇਸ ਗੱਲ ਦਾ ਪਤਾ ਮੁਲਤਾਨ ਦੇ ਵਜ਼ੀਰ ਕੌੜਾ ਮੱਲ ਨੂੰ ਲੱਗਿਆ ਤਾਂ ਉਸਨੇ ਘੋੜਿਆਂ, ਖੱਚਰਾਂ ਤੇ ਰਾਸ਼ਣ ਲੱਦ ਕੇ ਜੰਮੂ ਕਸ਼ਮੀਰ ਭੇਜਣ ਦੇ ਬਹਾਨੇ ਨਾਲ ਉਸੇ ਰਸਤੇ ਭੇਜ ਦਿੱਤਾ ਤੇ ਉਧਰ ਆਪਣੇ ਗੁਪਤਚਰ ਰਾਹੀਂ ਸਿੰਘਾਂ ਨੂੰ ਸੁਨੇਹਾ ਭੇਜ ਦਿੱਤਾ ਕਿ ਜਦੋਂ ਇਹ ਰਾਸ਼ਣ ਇਸ ਰਸਤਿਉਂ ਲੰਘੇ ਤਾਂ ਲੁੱਟ ਲਿਆ ਜਾਵੇ। ਸਿੰਘਾਂ ਨੇ ਇਸੇ ਤਰਾਂ ਕੀਤਾ। ਕੌੜਾ ਮੱਲ ਦੀ ਇਸ ਹਮਦਰਦੀ ਕਰਕੇ ਇਤਿਹਾਸ ਕੌੜਾ ਮੱਲ ਨੂੰ ਮਿੱਠਾ ਮੱਲ ਕਹਿ ਕੇ ਯਾਦ ਕਰਦਾ ਹੈ।ਇਹ ਲੜਾਈ ਕਾਫੀ ਲੰਬੀ ਲਗਭਗ ਤਿੰਨ ਮਹੀਨੇ ਤੋਂ ਵੀ ਜ਼ਿਆਦਾ ਸਮੇਂ ਤੱਕ ਚੱਲੀ।ਏਨੀ ਲੰਬੀ ਲੜਾਈ ਚੱਲਣ ਕਰਕੇ ਸਿੰਘਾਂ ਦਾ ਕੌੜਾ ਮੱਲ ਵੱਲੋਂ ਭੇਜਿਆ ਹੋਇਆ ਰਾਸ਼ਣ ਪਾਣੀ ਵੀ ਖਤਮ ਹੋ ਗਿਆ। ਗੋਲੀ ਸਿੱਕਾ ਖਤਮ ਹੋ ਗਿਆ, ਲੜ੍ਹਦੇ-ਲੜ੍ਹਦੇ ਹਥਿਆਰ ਵੀ ਖੁੰਡੇ ਹੋ ਗਏ। ਲਖਪਤ ਰਾਏ ਦਾ ਮਾਮਾ ਤੇ ਪੁੱਤਰ ਸਿੰਘਾਂ ਹੱਥੋਂ ਮਾਰੇ ਗਏ। ਲਖਪਤ ਰਾਏ ਨੇ ਗੁੱਸੇ ਵਿੱਚ ਅੰਨੇ ਹੋਏ ਨੇ ਛੰਭ ਨੂੰ ਅੱਗ ਲਗਵਾ ਦਿੱਤੀ ਤੇ ਮਜ਼ਬੂਰ ਹੋ ਕੇ ਭੁੱਖਣ ਭਾਣੇ ਸਿੰਘਾਂ ਨੂੰ ਛੰਭ ਵਿੱਚੋਂ ਨਿਕਲਣਾ ਪਿਆ। ਸਿੱਖ ਛੰਭ ਵਿੱਚੋਂ ਨਿਕਲ ਕੇ ਮੁਗਲ ਫੌਜ਼ਾਂ ਨਾਲ ਲੜਦੇ-ਲੜਦੇ ਬਿਆਸ ਦਰਿਆ ਵੱਲ ਨੂੰ ਹੋ ਤੁਰੇ, ਪਰ ਅੱਗੇ ਬਿਆਸ ਦਰਿਆ ਵੀ ਚੜ੍ਹਿਆਂ ਹੋਇਆ, ਠਾਠਾਂ ਮਾਰ ਰਿਹਾ ਸੀ। ਘੋੜੇ ਵੀ ਬੜਾ ਕਮਜ਼ੋਰ ਹੋ ਚੁੱਕੇ ਸਨ। ਅੱਗੇ ਟੋਇਆ ਤੇ ਪਿੱਛੇ ਖਾਈ ਵਾਲੀ ਗੱਲ ਹੋ ਗਈ।ਲੜਾਈ ਸ਼ੁਰੂ ਹੋ ਗਈ, ਕਈ ਸਿੱਖ ਮੁਗਲਾਂ ਨਾਲ ਲੜਦੇ ਸ਼ਹੀਦ ਹੋ ਗਏ।ਇਹਨਾਂ ਵਿੱਚੋਂ ਇੱਕ ਜਥੇ ਦੇ ਮੋਢੀ ਸੁੱਖਾ ਸਿੰਘ ਵਰਗਿਆਂ ਨੇ ਮੁਗਲ ਫੌਜ ਦੇ ਚੰਗੇ ਆਹੂ ਲਾਹੇ ਤੇ ਆਪ ਵੀ ਜ਼ਖਮੀ ਹੋ ਗਿਆ। ਕਾਫੀ ਜਦੋ- ਜਹਿਦ ਕਰਦਿਆਂ ਸਿੱਖ ਦਰਿਆ ਵਿੱਚ ਠਿੱਲ ਪਏ। ਕਈ ਰੁੜ ਗਏ, ਕਈ ਬੱਚ ਕੇ ਪਹਾੜਾਂ ਵੱਲ ਚਲੇ ਗਏ ਤੇ ਕਈ ਕੀਰਤਪੁਰ ਸਾਹਬ ਵੱਲ ਚਲੇ ਗਏ। ਕਈ ਮੁਗਲਾਂ ਨੇ ਕੈਦ ਕਰ ਲਏ। ਇਸ ਲੜਾਈ ਵਿੱਚ ਲਗਭਗ 7000 ਹਜ਼ਾਰ ( ਕਈ ਇਤਹਾਸਕਾਰਾਂ ਮੁਤਾਬਿਕ ਗਿਣਤੀ 11000 ਹਜ਼ਾਰ) ਦੇ ਕਰੀਬ ਸ਼ਹੀਦੀਆਂ ਹੋਈਆਂ ਤੇ 3000 ਹਜ਼ਾਰ ( ਕਈਆਂ ਨੇ ਇੱਥੇ ਗਿਣਤੀ 2000 ਲਿਖੀ ਹੈ) ਦੇ ਕਰੀਬ ਸਿੱਖਾਂ ਨੂੰ ਕੈਦ ਕਰਕੇ ਲਖਪਤ ਰਾਏ ਲਾਹੌਰ ਲੈ ਗਿਆ। ਲਾਹੌਰ ਦੇ ਨਾਖਾਸ ਚੌਂਕ ਵਿੱਚ ਬੜੇ ਹੀ ਜਾਲਮਾਨਾ ਤਰੀਕੇ ਨਾਲ ਤਸੀਹੇ ਦੇ ਕੇ ਸਿਰਾਂ ਦੇ ਢੇਰ ਲਗਾ ਦਿੱਤੇ। ਸਰੀਰਾਂ ਨੂੰ ਮਸੀਤਾਂ ਦੀਆਂ ਦੀਵਾਰਾਂ ਵਿੱਚ ਦੱਬ ਦਿੱਤਾ ਗਿਆ। ਖ਼ੂਨ ਨਾਲ ਮਸੀਤਾਂ ਦੇ ਫਰਸ਼ ਧੋਤੇ ਗਏ।ਇਸ ਮੰਦਭਾਗੀ ਘਟਨਾ ਨੂੰ ਛੋਟਾ ਘੱਲੂਘਾਰਾ ਜਾਂ ਪਹਿਲਾ ਘੱਲੂਘਾਰਾ ਦੇ ਨਾਂ ਨਾਲ ਯਾਦ ਕੀਤਾ ਜਾਂਦਾ ਹੈ।ਪ੍ਰਣਾਮ ਸ਼ਹੀਦਾਂ ਨੂੰ।

**-ਧਰਮਿੰਦਰ ਸਿੰਘ (ਚੱਬਾ),**
**ਪਿੰਡ ਤੇ ਡਾਕ:ਚੱਬਾ, ਤਰਨਤਾਰਨ ਰੋਡ, ਅੰਮ੍ਰਿਤਸਰ**

# ਹਜ਼ਾਰਾਂ ਸ਼ਹਾਦਤਾਂ ਦੀ ਦਾਸਤਾਨ- ਘੱਲੂਘਾਰਾ ਕਾਹਨੂੰਵਾਨ

**ਭਾਰਤ** ਬਾਰੇ ਜਦ ਵੀ ਕਿਤੇ ਪੜ੍ਹਿਆ ਜਾਂ ਪੜ੍ਹਾਇਆ ਗਿਆ ਤਾਂ ਉੱਥੇ ਇਹ ਵੇਰਵਾ ਜ਼ਰੂਰ ਮਿਲ਼ਿਆ ਕਿ ਭਾਰਤ 'ਮੇਲਿਆਂ ਤੇ ਤਿਉਹਾਰਾਂ ਦਾ ਦੇਸ' ਹੈ ਪਰ ਜਦ ਕਿਤੇ ਵੀ ਪੰਜਾਬ ਦੀ ਗੱਲ ਤੁਰੀ ਹੈ ਜਾਂ ਅੱਗੇ ਤੁਰੇਗੀ ਤਾਂ ਇਹ ਕਹਿਣਾ ਕਿ "ਪੰਜਾਬ ਸ਼ਹਾਦਤਾਂ ਦੀ ਧਰਤੀ" ਹੈ ਤਾਂ ਇਹ ਦੇ 'ਚ ਕੋਈ ਅਤਿਕਥਨੀ ਨਹੀਂ ਹੋਵੇਗੀ। ਪੰਜਾਬ ਦਾ ਅਸਲ ਇਤਿਹਾਸ ਫਰੋਲਿਆਂ ਹਰ ਪੰਨਾ ਯੋਧਿਆਂ ਦੀਆਂ ਕੁਰਬਾਨੀਆਂ ਨੂੰ ਸਜਦਾ ਕਰਦਾ ਨਜ਼ਰੀਂ ਪੈਂਦਾ ਹੈ। ਸਿੱਖ ਇਤਿਹਾਸ ਕੌਮੀ ਮਰਜੀਵੜਿਆਂ ਦਾ ਇਤਿਹਾਸ ਹੈ। ਸਿੱਖ ਕੌਮ ਨੂੰ ਤਬਾਹ ਕਰਨ ਵਾਲੀਆਂ ਘਟਨਾਵਾਂ ਨੂੰ ਸਾਡੀ ਕੌਮ ਨੇ ਇੱਕ ਦਰਦ ਦੇ ਰੂਪ 'ਚ ਹਮੇਸ਼ਾ 'ਘੱਲੂਘਾਰੇ' ਵਜੋਂ ਯਾਦ ਕੀਤਾ ਤਾਂ ਜੋ ਆਉਣ ਵਾਲ਼ੀ ਪੀੜ੍ਹੀ ਨੂੰ ਅਣਖਾਂ ਦੀ ਗੁੜ੍ਹਤੀ ਮਿਲ਼ਦੀ ਰਹੇ।

'ਘੱਲੂਘਾਰਾ' ਸ਼ਬਦ ਦਾ ਸੰਬੰਧ ਅਫ਼ਗਾਨੀ ਬੋਲੀ ਨਾਲ ਹੈ;ਜਿਸ ਦੇ ਅੱਖਰੀ ਅਰਥ ਹਨ ਸਭ ਕੁਝ ਤਬਾਹ ਹੋ ਜਾਣਾ, ਵੱਡੇ ਪੱਧਰ 'ਤੇ ਕਤਲੇਆਮ ਹੋਣਾ, ਨਸਲਘਾਤ ਜਾਂ ਸਰਬਨਾਸ਼। ਸਿੱਖਾਂ ਦਾ ਸੁਭਾਅ ਮੁੱਢ ਤੋਂ ਹੀ ਜ਼ੁਲਮ ਦੇ ਵਿਰੁੱਧ ਲੜਨ ਵਾਲ਼ਾ ਰਿਹਾ, ਕਿਸੇ ਦੀ ਗੁਲਾਮੀ ਜਾਂ ਈਨ ਨਾ ਮੰਨਣਾ ਤਾਂ ਇਹਨਾਂ ਨੇ ਕਦੇ ਕਬੂਲਿਆ ਹੀ ਨਹੀਂ। ਇਸ ਲਈ ਸਮੇਂ- ਸਮੇਂ ਮੌਕੇ ਦੀਆਂ ਸਰਕਾਰਾਂ ਵੱਲੋਂ ਹਮੇਸ਼ਾਂ ਹੀ ਘੱਟ-ਗਿਣਤੀ ਕੌਮ ਨੂੰ ਖ਼ਤਮ ਕਰਨ ਦੇ ਮਨਸੂਬੇ ਬਣਾ ਕੇ ਕੋਝੇ ਯਤਨ ਕੀਤੇ ਜਾਂਦੇ ਰਹੇ ਹਨ।

ਛੋਟਾ ਘੱਲੂਘਾਰਾ 17 ਮਈ 1746 (1 ਜੇਠ 1803 ਸੰਮਤ) ਨੂੰ ਸਿੱਖਾਂ ਅਤੇ ਮੁਸਲਮਾਨਾਂ ਵਿਚਕਾਰ ਜ਼ਿਲ੍ਹਾ ਗੁਰਦਾਸਪੁਰ ਦੇ ਕਾਹਨੂੰਵਾਨ ਛੰਭ 'ਚ ਵਾਪਰਿਆ। ਜੋ ਕਿ ਗੁਰਦਾਸਪੁਰ ਤੋਂ ਮੁਕੇਰੀਆਂ ਨੂੰ ਜਾਂਦੀ ਸੜਕ ਉੱਤੇ 8 ਕਿਲੋਮੀਟਰ ਦੂਰ ਫੌਜੀ ਛਾਉਣੀ ਤਿੱਬੜ ਤੋਂ ਸੱਜੇ ਪਾਸੇ ਨੂੰ 4 ਕਿਲੋਮੀਟਰ ਦੂਰ ਸਥਿਤ ਹੈ।

ਇਸ ਖ਼ੂਨੀ ਦੁਖਾਂਤ ਦਾ ਮੁੱਢ ਦੀਵਾਨ ਲਖਪਤ ਰਾਏ ਨੇ ਬੰਨ੍ਹਿਆ ਸੀ।

18ਵੀਂ ਸਦੀ ਦੇ ਅੱਧ ਵਿਚ ਜਦੋਂ ਦੀਵਾਨ ਲਖਪਤ ਰਾਏ ਦੇ ਭਰਾ ਤੇ ਐਮਨਾਬਾਦ ਦੇ ਫੌਜਦਾਰ ਜਸਪਤ ਰਾਏ ਦੀ ਪਿੰਡ ਖੋਖਰਾਂ ਵਿਖੇ ਸਿੰਘਾਂ ਨਾਲ਼ ਲੜਾਈ ਦੌਰਾਨ ਮੌਤ ਹੋ ਗਈ ਤਾਂ ਦੀਵਾਨ ਲਖਪਤ ਰਾਏ ਨੇ ਭਰਾ ਦੀ ਮੌਤ ਦਾ ਬਦਲਾ ਲੈਣ ਦਾ ਫ਼ੈਸਲਾ ਕੀਤਾ। ਉਸ ਨੇ ਲਾਹੌਰ ਦੇ ਸੂਬੇ ਯਹੀਆ ਖਾਨ ਦੀ ਸਹਿਮਤੀ ਨਾਲ਼ ਲਾਹੌਰ ਦੀਆਂ ਫੌਜਾਂ ਨੂੰ ਲਾਮਬੰਦ ਕੀਤਾ ਤੇ ਮੁਲਤਾਨ, ਬਹਾਵਲਪੁਰ ਅਤੇ ਜਲੰਧਰ ਤੋਂ ਫੌਜੀ ਮਦਦ ਮੰਗ ਲਈ।

ਇਸ ਤੋਂ ਇਲਾਵਾ ਪਹਾੜੀ ਰਾਜਿਆਂ ਨੂੰ ਵੀ ਸੁਚੇਤ ਕੀਤਾ ਕਿ ਸਿੱਖ ਪਹਾੜਾਂ ਵੱਲ ਨਾ ਨਿਕਲਣ। ਇਸ ਤੋਂ ਬਾਅਦ ਉਸ ਨੇ ਤਕੜੀ ਸੈਨਾ ਲੈ ਕੇ ਕਾਹਨੂੰਵਾਨ ਵਿੱਚ ਸਿੱਖਾਂ ਨੂੰ ਲੱਭਣਾ ਸ਼ੁਰੂ ਕਰ ਦਿੱਤਾ,ਪਹਿਲਾਂ ਤਾਂ ਸਿੱਖ ਫੌਜ ਦਾ ਮੁਕਾਬਲਾ ਕਰਦੇ ਰਹੇ ਪਰ ਗਿਣਤੀ ਘੱਟ ਹੋਣ ਕਾਰਨ ਉਹਨਾਂ ਨੇ ਬਸੋਲੀ ਵੱਲ ਜਾਣਾ ਸ਼ੁਰੂ ਕੀਤਾ। ਇਸ ਦੌਰਾਨ ਪਹਾੜੀ ਰਾਜਿਆਂ ਦੀਆਂ ਫੌਜਾਂ ਨੇ ਵੀ ਸਿੱਖਾਂ 'ਤੇ ਹਮਲਾ ਕਰ ਦਿੱਤਾ। ਜਿਸ ਕਾਰਨ ਕਈ ਸਿੱਖ ਸ਼ਹੀਦ ਹੋ ਗਏ। ਇਸ ਤੋਂ ਬਾਅਦ ਸਿੱਖਾਂ ਨੇ ਲਖਪਤ ਰਾਏ ਦੇ ਘੇਰੇ ਨੂੰ ਤੋੜ ਕੇ ਸਤਲੁਜ ਅਤੇ ਬਿਆਸ ਪਾਸ ਕਰ ਲਿਆ। ਆਪਣੀ ਹਾਰ ਨੂੰ ਵੇਖ ਕੇ ਲਖਪਤ ਰਾਏ ਘਟੀਆ ਤੌਰ-ਤਰੀਕਿਆਂ ਉੱਤੇ ਉਤਰ ਆਇਆ। ਉਸ ਨੇ ਸੋਚਿਆ ਕਿ ਉਹ ਦਿੱਲੀ ਦਰਬਾਰ ਜਾ ਕੇ ਕੀ ਮੂੰਹ ਵਿਖਾਏਗਾ ? ਉਸ ਨੇ ਨੇੜਲੇ ਪਿੰਡਾਂ ਦੇ ਲੁਹਾਰ, ਤਰਖਾਣ ਇਕੱਠੇ ਕਰ ਕੇ ਇਸ ਛੰਭਨੁਮਾ ਜੰਗਲ ਦੇ ਰੁੱਖਾਂ ਨੂੰ ਕਟਵਾ ਕੇ ਚੁਫੇਰਿਉਂ ਅੱਗ ਲਗਵਾ ਦਿੱਤੀ, ਜਿਸ ਨਾਲ਼ ਸਿੰਘਾਂ ਨੂੰ ਚਾਰ-ਚੁਫੇਰਿਉਂ ਮੁਸੀਬਤਾਂ ਪੈ ਗਈਆਂ।

ਇਸ ਛੰਭ ਦਾ ਘੇਰਾ ਲਗਭਗ 3 ਮਹੀਨੇ ਚੱਲਿਆ। ਇੰਨ੍ਹੇ ਲੰਬੇ ਸਮੇਂ ਦੌਰਾਨ ਸਿੱਖ ਗੁਰੀਲਾ ਯੁੱਧ ਪ੍ਰਣਾਲੀ ਰਾਹੀਂ ਡਟੇ ਰਹੇ। ਲੰਬੇ ਸਮੇਂ ਕਰਕੇ ਹੌਲ਼ੀ-ਹੌਲ਼ੀ ਸਿੱਖਾਂ ਦਾ ਰਾਸ਼ਨ ਪਾਣੀ ਖ਼ਤਮ ਹੋਣ ਲੱਗਾ ਪਰ ਸਿੱਖ ਆਪਣੇ ਇਤਿਹਾਸ ਨੂੰ ਚੇਤਿਆਂ 'ਚ ਵਸਾ ਕੇ ਫਿਰ ਵੀ ਲੜਾਈ ਲੜਦੇ ਰਹੇ। ਸਿੱਖਾਂ ਦੇ ਰਾਸ਼ਨ ਦੀ ਕਮੀ ਪੈਣ ਦੀ ਖ਼ਬਰ ਜਦੋਂ ਮੁਲਤਾਨ ਦੇ ਵਜ਼ੀਰ ਕੌੜਾ ਮੱਲ ਨੂੰ ਲੱਗੀ ਤਾਂ ਉਸ ਨੇ ਹਜ਼ਾਰਾਂ ਖੱਚਰਾਂ, ਘੋੜਿਆਂ ਉੱਤੇ ਰਾਸ਼ਨ ਲੱਦ ਕੇ ਜੰਮੂ ਨੂੰ ਭੇਜਣ ਲਈ ਇੱਕ ਵਪਾਰੀ ਨੂੰ ਤੋਰ ਦਿੱਤਾ ਤੇ ਦੂਸਰੇ ਪਾਸੇ ਖ਼ੁਫ਼ੀਆ ਤੌਰ ਉੱਤੇ ਸਿੰਘਾਂ ਨੂੰ ਸੁਨੇਹਾ ਭੇਜ ਦਿੱਤਾ ਕਿ ਜਦੋਂ ਇਹ ਰਾਸ਼ਨ ਵਾਲੇ ਘੋੜੇ, ਖੱਚਰਾਂ ਤੁਹਾਡੇ ਨੇੜਿਉਂ ਗੁਜ਼ਰਨ ਤਾਂ ਲੁੱਟ ਲਏ ਜਾਣ। ਇਹ ਸਿੱਖਾਂ ਲਈ ਇੱਕ ਖ਼ੁਸ਼ੀ ਵਾਲ਼ੀ ਖ਼ਬਰ ਸੀ ਤੇ ਉਨ੍ਹਾਂ ਨੇ ਇੰਞ ਹੀ ਕੀਤਾ। ਜਦੋਂ ਵਪਾਰੀ ਕਾਹਨੂੰਵਾਨ ਦੇ ਛੰਭ ਨੇੜਿਓਂ ਗੁਜ਼ਰ ਰਿਹਾ ਸੀ ਤਾਂ ਸਿੰਘਾਂ ਨੇ ਇਹ ਸਾਰਾ ਰਾਸ਼ਨ ਆਪਣੇ ਹੱਥਾਂ 'ਚ ਕਰ ਲਿਆ, ਜਿਸ ਨਾਲ਼ ਸਿੱਖ ਜਰਨੈਲਾਂ ਨੂੰ ਭਾਰੀ ਰਾਹਤ ਮਿਲ਼ੀ ਤੇ ਸਿੱਖਾਂ ਦੇ ਹੌਸਲੇ ਹੋਰ ਬੁਲੰਦ ਹੋਏ।

ਇੱਕ ਜੇਠ-ਹਾੜ੍ਹ ਦੀ ਅੱਤ ਦੀ ਗਰਮੀ, ਦੂਜਾ ਜੰਗਲ ਦੀ ਅੱਗ, ਤੀਜਾ ਉੱਚੇ ਪਹਾੜ ਤੇ ਵਿਰੋਧੀ ਪਹਾੜੀ ਰਾਜੇ ਤੇ ਚੌਥਾ ਚੜ੍ਹਦੇ ਪਾਸੇ ਸ਼ੂਕਦਾ ਬਿਆਸ ਦਰਿਆ। ਸਿੱਖ ਜਰਨੈਲਾਂ ਨੇ ਸਿੱਖੀ ਦੀ ਸ਼ਾਨ ਬਚਾਉਣ ਲਈ ਮਤਾ ਪਾਸ ਕਰ ਕੇ ਮੈਦਾਨੇ-ਜੰਗ 'ਚ ਦੁਸ਼ਮਣ ਨਾਲ਼ ਜੂਝ ਕੇ ਲੜਨ ਤੇ ਸ਼ਹੀਦੀਆਂ ਪ੍ਰਾਪਤ ਕਰਨ ਦਾ ਅਟੱਲ ਫ਼ੈਸਲਾ ਕੀਤਾ ਤੇ ਸਿੰਘ ਚੜ੍ਹਦੀ ਕਲਾ ਦੇ ਜੈਕਾਰੇ ਲਗਾਉਂਦਿਆਂ ਦੁਸ਼ਮਣ ਖਿਲਾਫ਼ ਜੰਗ ਦੇ ਮੈਦਾਨ ਵਿੱਚ ਜੂਝ ਪਏ। ਵੱਖ-ਵੱਖ ਸਰੋਤਾਂ ਤੋਂ ਮਿਲ਼ੀ ਜਾਣਕਾਰੀ ਮੁਤਾਬਕ ਇਸ ਘੱਲੂਘਾਰੇ ਦੌਰਾਨ 11,000 ਤੋਂ ਵੱਧ ਸਿੰਘ-ਸਿੰਘਣੀਆਂ ਨੇ ਸ਼ਹੀਦੀ ਪ੍ਰਾਪਤ ਕੀਤੀ ਤੇ 2000 ਦੇ ਕਰੀਬ ਸਿੰਘ ਜੰਗਲ ਵਿੱਚ ਲੱਗੀ ਅੱਗ ਤੇ ਬਿਆਸ ਦਰਿਆ ਨੂੰ ਪਾਰ ਕਰਦਿਆਂ ਸ਼ਹੀਦੀਆਂ ਪ੍ਰਾਪਤ ਕਰ ਗਏ। ਸੈਂਕੜੇ ਸਿੰਘਾਂ ਨੂੰ ਲਖਪਤ ਰਾਏ ਬੰਦੀ ਬਣਾ ਕੇ ਲਾਹੌਰ ਲੈ ਗਿਆ। ਗ੍ਰਿਫ਼ਤਾਰ ਸਿੱਖਾਂ ਨੂੰ ਲਾਹੌਰ ਲਿਜਾ ਕੇ ਸ਼ਾਹੀ ਕਿਲੇ ਦੇ ਪਿੱਛੇ ਚੌਂਕ ਵਿਚ ਸ਼ਹੀਦ ਕਰ ਦਿੱਤਾ ਗਿਆ। ਜਿਸ ਸਥਾਨ 'ਤੇ ਸਿੱਖਾਂ ਨੂੰ ਸ਼ਹੀਦ ਕੀਤਾ ਗਿਆ, ਉੱਥੇ ਗੁਰਦੁਆਰਾ ਸ਼ਹੀਦ ਗੰਜ ਭਾਈ ਮਨੀ ਸਿੰਘ ਜੀ ਬਣਿਆ ਹੋਇਆ ਸੀ। ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ ਵਿੱਚ ਗੁਰਦਾਸਪੁਰ ਵਿੱਚ ਛੰਭ ਕਾਹਨੂੰਵਾਨ ਵਿੱਚ ਗੁਰਦੁਆਰਾ ਛੋਟਾ ਘੱਲੂਘਾਰਾ ਸਾਹਿਬ ਸੁਸ਼ੋਭਿਤ ਹੈ। ਪੰਜਾਬ ਸਰਕਾਰ ਵੱਲੋਂ ਇਨ੍ਹਾਂ ਸ਼ਹੀਦਾਂ ਦੀ ਯਾਦ ਵਿੱਚ ਗੁਰਦੁਆਰੇ ਨੇੜੇ ਚੱਕ ਅਬਦੁਲ ਬਾਰੀ ਕਾਹਨੂੰਵਾਨ ਵਿੱਚ ਛੋਟਾ ਘੱਲੂਘਾਰਾ ਮੈਮੋਰੀਅਲ ਬਣਾਇਆ ਗਿਆ ਹੈ।

**-ਸ.ਸੁਖਚੈਨ ਸਿੰਘ ਕੁਰੜ**
**(ਪੰਜਾਬੀ ਅਧਿਆਪਕ)**

### ਦਮਦਮੀ ਟਕਸਾਲ ਵੱਲੋਂ ਪਿੰਡ ਮੀਕੇ ਵਿਖੇ

# ਸ਼ਹੀਦੀ ਦੀਵਾਨ ਸਜਾਏ ਗਏ



**ਚੌਂਕ ਮਹਿਤਾ, 16 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਵਲੋਂ ਪਿੰਡ ਮੀਕੇ ਵਿਖੇ ਰਾਤਰੀ ਦੇ ਸ਼ਹੀਦੀ ਦੀਵਾਨ ਸਜਾਏ ਗਏ। ਸਮਾਗਮ ਵਿੱਚ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਪੰਜਵੇਂ ਪਾਤਿਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨਾਲ ਸਬੰਧਿਤ ਪ੍ਰਸੰਗ ਸੰਗਤਾਂ ਨੂੰ ਸਰਵਣ ਕਰਾਇਆ ਅਤੇ ਇਸ ਮੌਕੇ ਬੋਲਦਿਆਂ ਉਹਨਾਂ ਨੇ ਕਿਹਾ ਕਿ ਹਰ ਇੱਕ ਸਿੱਖ ਨੂੰ ਆਪਣੇ ਘਰ ਵਿੱਚ ਗੁਰਬਾਣੀ ਪੜ੍ਹਨੀ ਚਾਹੀਦੀ ਹੈ ।ਗੁਰਬਾਣੀ ਪੜ੍ਹਨ ਨਾਲ ਸਿੱਖਾਂ ਦੇ ਘਰਾਂ ਵਿੱਚ ਸਿੱਖੀ ਦੀ ਜੜ੍ਹ ਲੱਗੀ ਰਹਿੰਦੀ ਹੈ।ਉਹਨਾਂ ਨੇ ਸਿੱਖ ਜਗਤ ਨੂੰ ਅੰਮ੍ਰਿਤ ਛੱਕ ਕੇ, ਬਾਣੀ ਬਾਣੇ ਦੇ ਧਾਰਨੀ ਬਣਨ ਦੀ ਪ੍ਰੇਰਨਾ ਦਿੱਤੀ ।

ਸ਼ਹੀਦੀ ਸਮਾਗਮਾਂ ਵਿੱਚ ਬਾਬਾ ਅਜੀਤ ਸਿੰਘ ਮੁਖੀ ਤਰਨਾ ਦਲ ਮਹਿਤਾ, ਜਥੇਦਾਰ ਕਸ਼ਮੀਰ ਸਿੰਘ ਬਰਿਆਰ ਸਾਬਕਾ ਮੈਂਬਰ ਸ਼੍ਰੋਮਣੀ ਕਮੇਟੀ, ਬਾਬਾ ਬੀਰ ਸਿੰਘ ਭੰਗਾਲੀ ਵਾਲੇ, ਗਿਆਨੀ ਮੋਹਕਮ ਸਿੰਘ ਕਥਾਵਾਚਕ ,ਮੈਨੇਜਰ ਸੁਖਜਿੰਦਰ ਸਿੰਘ ਭਾਮ, ਪ੍ਰਿੰਸੀਪਲ ਅਰਜਨ ਸਿੰਘ ਰਾਮ ਥੰਮਣ,ਡਾਕਟਰ ਅਵਤਾਰ ਸਿੰਘ ਬੁੱਟਰ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ) ਬਾਬਾ ਮਲਵਿੰਦਰ ਸਿੰਘ, ਮਾਸਟਰ ਸੁਖਦੇਵ ਸਿੰਘ,ਸਾਧੂ ਸਿੰਘ ਗੱਗੜ ਭਾਣਾ, ਭਾਈ ਸੁਰਿੰਦਰ ਸਿੰਘ, ਭਾਈ ਕਸ਼ਮੀਰ ਸਿੰਘ, ਗੁਰਮੇਲ ਸਿੰਘ ਕਰਤਾਰਪੁਰ, ਬਾਪੂ ਮੰਗਲ ਸਿੰਘ ਮੰਡਿਆਲੇ ਵਾਲੇ, ਬਾਬਾ ਬਲਵਿੰਦਰ ਸਿੰਘ ਮੀਕੇ, ਜਗਪ੍ਰੀਤ ਸਿੰਘ ਟਪਿਆਲਾ, ਸਰਪੰਚ ਕਸ਼ਮੀਰ ਸਿੰਘ ਮਹਿਤਾ, ਭਾਈ ਗੁਰ ਬਰਿੰਦਰ ਸਿੰਘ ਮੀਕੇ,ਰਮਨਬੀਰ ਸਿੰਘ ਲੱਧਾ ਮੁੰਡਾ, ਭਾਈ ਅੰਤਰਪ੍ਰੀਤ ਸਿੰਘ, ਸਰਪੰਚ ਪ੍ਰਤਾਪ ਸਿੰਘ, ਬਿਕਰਮਜੀਤ ਸਿੰਘ ਤਲਵੰਡੀ ਭਿੰਡਰ, ਬਾਬਾ ਸੁਖਵਿੰਦਰ ਸਿੰਘ ਵੀਲ੍ਹਾ ਬੱਜੂ ਅਤੇ ਹੋਰ ਬਹੁਤ ਸਾਰੀਆਂ ਸੰਗਤਾਂ ਹਾਜ਼ਰ ਸਨ।

### ਦਮਦਮੀ ਟਕਸਾਲ ਵੱਲੋਂ 15ਵੇਂ ਦਿਨ ਦੇ

# ਸ਼ਹੀਦੀ ਦੀਵਾਨ ਪਿੰਡ ਭਾਮ ਵਿਖੇ ਸਜੇ



ਚੌਂਕ ਮਹਿਤਾ, 16 ਮਈ(ਬਾਬਾ ਸੁਖਵੰਤ ਸਿੰਘ ਚੰਨਣਕੇ)-ਦਮਦਮੀ ਟਕਸਾਲ ਮਹਿਤਾ ਵੱਲੋਂ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਰਹਿਨੁਮਾਈ ਹੇਠ 6 ਜੂਨ ਨੂੰ ਟਕਸਾਲ ਹੈੱਡ ਕੁਆਟਰ ਗੁ.ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਮਨਾਈ ਜਾ ਰਹੀ ਤੀਸਰੇ ਘੱਲੂਘਾਰੇ ਦੇ ਸਮੂਹ ਸ਼ਹੀਦੀ ਦੀ 40ਵੀਂ ਸ਼ਹੀਦੀ ਵਰ੍ਹੇਗੰਢ ਦੇ ਚੱਲਦਿਆਂ 1 ਮਈ ਤੋਂ ਵੱਖ ਵੱਖ ਨਗਰਾਂ 'ਚ ਆਰੰਭ ਕੀਤੇ ਗਏ ਸ਼ਬਦ ਕੀਰਤਨ ਤੇ ਕਥਾ ਸਮਾਗਮ ਦੀ ਲੜੀ ਤਹਿਤ ਬੀਤੀਂ ਸ਼ਾਮ ਦਾ ਪੰਦਰਵਾਂ ਸ਼ਹੀਦੀ ਦੀਵਾਨ ਪਿੰਡ ਭਾਮ ਦੇ ਗੁਰਦੁਆਰਾ ਵਿਖੇ ਸਜਾਏ ਗਏ।

ਦੀਵਾਨ ਦੀ ਆਰੰਭਤਾ ਰਸਮਈ ਸ਼ਬਦ ਕੀਰਤਨ ਨਾਲ ਕੀਤੀ ਗਈ,ਜਿਸਦੀ ਸੇਵਾ ਦਮਦਮੀ ਟਕਸਾਲ ਦੇ ਵਿਦਿਆਰਥੀ ਰਾਗੀ ਜਥੇ ਵੱਲੋਂ ਨਿਭਾਈ ਗਈ,ਉਪਰੰਤ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਸੂਰਜ ਪ੍ਰਕਾਸ਼ ਗ੍ਰੰਥ ਦੀ ਲੜੀਵਾਰ ਕਥਾ ਨੂੰ ਅੱਗੇ ਤੋਰਦੇ ਹੋਏ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਤੋਂ ਬਾਅਦ ਸੰਗਤਾਂ ਦਾ ਮਾਤਾ ਗੰਗਾ ਜੀ ਤੇ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਕੋਲ ਜਾ ਕੇ ਉਨ੍ਹਾਂ ਨਾਲ ਦੁੱਖ ਵੰਡਾਉਣ ਜਾਣਾ ਤੇ ਗੁਰੂ ਸਾਹਿਬ ਜੀ ਦੇ ਦੁਸਹਿਰਾ ਮੌਕੇ ਦਾ ਬਿਰਤਾਂਤ ਸੰਗਤਾਂ ਨੂੰ ਸਰਵਣ ਕਰਾਇਆ ।ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਅਸੀਂ ਕਿਸੇ ਦੇ ਸੁੱਖ 'ਚ ਸ਼ਾਮਿਲ ਹੋਈਏ ਜਾਂ ਨਾ ਹੋਈਏ ਪਰ ਦੁੱਖ ਵੇਲੇ ਕਿਸੇ ਦੀ ਬਾਂਹ ਫੜਨਾ ਤੇ ਉਸਦਾ ਦੁੱਖ ਵੰਡਾਉਣਾ ਹੀ ਗੁਰਸਿੱਖੀ ਦਾ ਧਰਮ ਹੈ। ਸਮਾਗਮ ਦੌਰਾਨ ਪੋਥੀ ਦੀ ਸੇਵਾ ਭਾਈ ਸਤਨਾਮ ਸਿੰਘ ਤੇ ਮੰਚ ਸੰਚਾਲਕ ਦੀ ਸੇਵਾ ਹਰ ਵਾਰ ਦੀ ਤਰ੍ਹਾਂ ਪ੍ਰਿੰ.ਗੁਰਦੀਪ ਸਿੰਘ ਰੰਧਾਵਾ ਨੇ ਨਿਭਾਈ। ਇਸ ਦੌਰਾਨ ਦੀਵਾਨ ਅੰਦਰ ਜਥੇ.ਬਾਬਾ ਅਜੀਤ ਸਿੰਘ ਮੁਖੀ ਤਰਨਾ ਦਲ ਮਹਿਤਾ, ਜਥੇ.ਕਸ਼ਮੀਰ ਸਿੰਘ ਸਾਬਕਾ ਮੈਂਬਰ ਐੱਸ.ਜੀ.ਪੀ.ਸੀ.,ਡਾ. ਅਵਤਾਰ ਸਿੰਘ ਬੁੱਟਰ ਤੇ ਪ੍ਰਿੰ. ਹਰਸ਼ਦੀਪ ਸਿੰਘ ਰੰਧਾਵਾ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ ),ਗਿਆਨੀ ਮੋਹਕਮ ਸਿੰਘ,ਮੈਨੇਜਰ ਸੁਖਜਿੰਦਰ ਸਿੰਘ ਸਰਪੰਚ ਭਾਮ,ਬਾਬਾ ਮਲਵਿੰਦਰ ਸਿੰਘ,ਮਾ.ਸੁਖਦੇਵ ਸਿੰਘ,ਭਾਈ ਮਨਜੀਤ ਸਿੰਘ,ਭਾਈ ਕੁਲਵੰਤ ਸਿੰਘ,ਭਾਈ ਭੁਪਿੰਦਰ ਸਿੰਘ,ਭਾਈ ਹਰਦੀਪ ਸਿੰਘ, ਰਮਨਦੀਪ ਸਿੰਘ ਲੱਧਾਮੁੰਡਾ ਤੇ ਅੰਤਰਪ੍ਰੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਮੌਜੂਦ ਸਨ।

# ਭਾਈ ਅੰਮ੍ਰਿਤਪਾਲ ਸਿੰਘ ਦੇ ਖ਼ਡੂਰ ਸਾਹਿਬ ਤੋਂ ਨਾਮਜ਼ਦਗੀ ਪੱਤਰ ਮਨਜ਼ੂਰ ਹੋਣ ਨਾਲ ਕਈਆਂ ਦੇ ਸਾਹ ਸੁੱਕੇ : ਸ਼ਮਸ਼ੇਰ ਸਿੰਘ ਪੱਧਰੀ

## ਖਡੂਰ ਸਾਹਬ ਲੋਕ ਸਭਾ ਹਲਕੇ ਦੇ ਲੋਕਾਂ ਦਾ ਇਕ ਸਹੀ ਫੈਸਲਾ ਪੰਜਾਬ ਤੇ ਸਿੱਖ ਪੰਥ ਦੀ ਤਵਾਰੀਖ ਬਦਲਕੇ ਰੱਖ ਦੇਵੇਗਾ



**ਅੰਮ੍ਰਿਤਸਰ, 16 ਮਈ (ਆਵਾਜ਼ਿ ਕੌਮ ਬਿਊਰੋ)**-ਸੰਨ 1984 ਦੇ ਦੁਖਾਂਤ ਤੋਂ ਬਾਅਦ ਇੰਜ ਸੀ ਜਿਵੇਂ ਕਿ ਪੰਜਾਬ ਨੂੰ ਇਕ ਗ੍ਰਹਿਣ ਲੱਗ ਚੁੱਕਿਆ ਹੋਵੇ, ਸਿੱਖ ਨੌਜਵਾਨਾਂ ਦੇ ਝੂਠੇ ਮੁਕਾਬਲਿਆਂ ਦਾ ਦੌਰ ਤੇ ਉਸਤੋਂ ਬਾਅਦ ਪੰਜਾਬ ਨੂੰ ਨੇਸਤੋ-ਨਾਬੂਦ ਕਰਨ ਲਈ ਭਾਰਤੀ ਖੁਫੀਆ ਏਜੰਸੀਆਂ ਵੱਲੋਂ ਕਈ ਤਰਾਂ ਦੇ ਹੱਥਕੰਡੇ ਵਰਤੇ ਗਏ। ਜਿੰਨਾਂ ਵਿੱਚ ਸਿਆਸੀ ਚਾਲਾਂ ਤੋਂ ਲੈਕੇ ਇਥੋਂ ਤੱਕ ਕੇ ਇਥੋਂ ਦੀਆਂ ਅਗਲੀਆਂ ਪੀੜੀਆਂ ਨੂੰ ਖ਼ਤਮ ਕਰਨ ਲਈ, ਇਥੋਂ ਦੀਆਂ ਉਪਜਾਊ ਜਮੀਨਾਂ ਨੂੰ ਹੜੱਪਣ ਲਈ ਹਰ ਹੀਲਾ ਵਰਤਿਆ ਜਾ ਰਿਹਾ ਹੈ। ਪਰ ਸਿੱਖ ਕੌਮ ਦਾ ਵਿਸ਼ਵਾਸ ਅਟੁੱਟ ਹੈ ਜੋ ਆਪਣੇ ਗੁਰੂ ਨਾਲੋਂ ਨਾਂ ਕਦੀ ਟੁੱਟਿਆ ਹੈ ਅਤੇ ਨਾਂ ਹੀ ਕਦੀ ਟੁੱਟੇਗਾ। ਹੁਣ ਜਦੋਂ ਹਲਾਤ ਬਦ ਤੋਂ ਵੀ ਬਦਤਰ ਹੋ ਚੁੱਕੇ ਸਨ ਤਾਂ ਉਸੇ ਗੁਰੂ ਦੀ ਅਪਾਰ ਕ੍ਰਿਪਾ ਸਦਕਾ ਤੇ ਉਸੇ ਗੁਰੂ ਦੇ ਅਟੱਲ ਬਚਨ ਪ੍ਰਤੱਖ ਹੁੰਦੇ ਨਜਰ ਆਏ।

**ਆਵਨਿ ਅਠਤਰੈ ਜਾਨਿ ਸਤਾਨਵੈ ਹੋਰੁ ਭੀ ਉਠਸੀ ਮਰਦ ਕਾ ਚੇਲਾ**

ਭਾਈ ਅੰਮ੍ਰਿਤਪਾਲ ਸਿੰਘ ਜੀ ਦਾ ਵਾਰਿਸ ਪੰਜਾਬ ਦੇ ਜਥੇਬੰਦੀ ਰਾਹੀਂ ਸਿੱਖ ਪੰਥਕ ਸਰਗਰਮੀਆਂ ਵਿੱਚ ਜੂਝਣਾਂ ਸਮੂਹ ਸਿੱਖਾਂ ਲਈ ਤੇ ਖ਼ਾਸਕਰ ਸਿੱਖ ਨੌਜਵਾਨਾਂ ਲਈ ਇਕ ਵਾਰ ਫਿਰ ਆਸ ਦੀ ਕਿਰਨ ਦਾ ਜਾਗਣਾਂ ਹੈ ਅਤੇ ਫਿਰ ਤੋਂ ਸਿੱਖ ਕੌਮ ਨੂੰ ਆਪਣੇਂ ਕੌਮੀ ਘਰ ਦੀ ਕਿਰਨ ਨਜ਼ਰ ਆਈ ਹੈ । ਜਿਸ ਧਰਤੀ ਤੋਂ ਗੁਰੂ ਸਾਹਬ ਨੇ ਸਮੁੱਚੇ ਜਗਤ ਲਈ ਗੁਰਬਾਣੀ ਰੂਪੀ ਚਾਨਣ ਫੈਲਾਇਆ ਅੱਜ ਉਸੇ ਹਲਕੇ ਵਿੱਚੋ ਗੁਰੂ ਦਾ ਸਿੰਘ ਸਿੱਖ ਕੌਮ ਦੇ ਹਿੱਤਾਂ ਦੀ ਤਰਜ਼ਮਾਨੀ ਕਰਨ ਲਈ ਉੱਠਿਆ ਹੈ। ਸਮੇਂ ਦੇ ਹਾਕਮਾਂ ਅਤੇ ਸਿੱਖੀ ਭੇਸ ਚ' ਲੁਕੇ ਗੁਰੂ ਨਿੰਦਕਾਂ ਨੇ ਆਪਣੀਂ ਹੋਂਦ ਡਗਮਗਾਉਂਦੀ ਵੇਖ ਕੇ ਅੱਡੀਆਂ ਚੁੱਕ-ਚੁੱਕ ਭਾਈ ਅੰਮ੍ਰਿਤਪਾਲ ਸਿੰਘ ਦੀ ਵਿਰੋਧਤਾ ਕੀਤੀ ਜੋ ਕਿਸੇ ਤੋਂ ਲੁਕੀ ਛਿਪੀ ਨਹੀਂ ਹੈ। ਪਰ ਹੁਣ ਸਮੇਂ ਨੇ ਕਰਵਟ ਲਈ ਹੈ, ਜਿਸ ਦਾ ਅਸਰ ਪੰਜਾਬ ਦੀਆਂ ਸਾਰੀਆਂ ਲੋਕ ਸਭਾ ਸੀਟਾਂ ਤੇ ਨਜ਼ਰ ਆ ਰਿਹਾ ਹੈ ਅਤੇ ਖਡੂਰ ਸਾਹਿਬ ਲੋਕ ਸਭਾ ਹਲਕੇ ਦੇ ਲੋਕਾਂ ਦਾ ਇਕ ਸਹੀ ਫੈਸਲਾ ਪੰਜਾਬ ਅਤੇ ਸਿੱਖ ਪੰਥ ਦੀ ਤਵਾਰੀਖ ਵਿੱਚ ਬਹੁਤ ਵੱਡੀ ਤਬਦੀਲੀ ਲੈਕੇ ਆਵੇਗਾ। ਜਿਥੇ ਗੁਰੂ ਨਾਲ ਪਿਆਰ ਰੱਖਣ ਵਾਲਿਆਂ ਅਤੇ ਸਿੱਖੀ ਦਾ ਸਤਿਕਾਰ ਕਰਨ ਵਾਲਿਆਂ ਨੂੰ ਭਾਈ ਅੰਮ੍ਰਿਤਪਾਲ ਸਿੰਘ ਦੇ ਚੋਣ ਮੈਦਾਨ ਵਿੱਚ ਉਤਰਨ ਨਾਲ ਚਾਅ ਚੜ੍ਹਿਆ ਹੋਇਆ ਹੈ ਉਥੇ ਹੀ ਉਹਨਾਂ ਦੇ ਨਾਮਜ਼ਦਗੀ ਪੱਤਰ ਮਨਜ਼ੂਰ ਹੋ ਜਾਣ ਨਾਲ ਕਈਆਂ ਦੇ ਸਾਹ ਸੁੱਕੇ ਹੋਏ ਹਨ। ਇਥੇ ਇਹ ਵੀ ਜਿਕਰਯੋਗ ਹੈ ਕਿ ਆਉਣ ਵਾਲੇ ਸਮੇਂ ਵਿੱਚ ਜਦੋਂ ਇਤਿਹਾਸ ਦੇ ਪੰਨੇ ਫ਼ਰੋਲੇ ਜਾਣਗੇ ਤਾਂ ਵੱਡੀ ਗਿਣਤੀ ਵਿੱਚ ਸਿੱਖ ਲੀਡਰ ਹੀ ਸਿੱਖ ਹਿੱਤਾ ਦੀ ਬੇਖੌਫ ਹੋਕੇ ਗੱਲ ਕਰਨ ਵਾਲੇ ਭਾਈ ਅੰਮ੍ਰਿਤਪਾਲ ਸਿੰਘ ਦੇ ਵਿਰੋਧ ਵਿੱਚ ਭੁਗਤਦੇ ਨਜ਼ਰ ਆਉਣਗੇ ਅਤੇ ਉਹਨਾਂ ਨੂੰ ਆਉਣ ਵਾਲਾ ਸਮਾਂ ਕਦੀ ਵੀ ਮੁਆਫ ਨਹੀਂ ਕਰੇਗਾ।

# ਨੈਸ਼ਨਲ ਡੇਂਗੂ ਦਿਵਸ ਮੌਕੇ ਕੱਢੀ ਗਈ ਜਾਗਰੂਕਤਾ ਰੈਲੀ




**ਚੌਂਕ ਮਹਿਤਾ, 16 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਵਲ ਸਰਜਨ ਡਾ ਸੁਮੀਤ ਸਿੰਘ ਵਲੋ ਦਫਤਰ ਸਿਵਲ ਸਰਜਨ ਵਿਖੇ ਤੋਂ ਨੈਸ਼ਨਲ ਡੈਂਗੂ ਦਿਵਸ ਮੌਕੇ ਇੱਕ ਜਾਗੂਕਤਾ ਰੈਲੀ ਕੱਢੀ ਗਈ। ਇਸ ਸਾਲ ਦਾ ਥੀਮ "ਆਓ ਸਾਰੇ ਰਲ-ਮਿਲ ਕੇ ਡੇਂਗੂ ਨੂੰ ਕੰਟਰੋਲ ਕਰੀਏ" ਤੇ ਆਧਾਰਿਤ ਇਸ ਜਾਗਰੂਕਤਾ ਰੈਲੀ ਨੂੰ ਹਰੀ ਝੰਡੀ ਦੇ ਕੇ ਸ਼ਹਿਰ ਦੇ ਵੱਖ ਵੱਖ ਹਿੱਸਿਆ ਵਿੱਚ ਰਵਾਨਾ ਕੀਤਾ ਗਿਆ। ਇਸ ਰੈਲੀ ਦੇ ਨਾਲ ਆਈ.ਈ.ਸੀ. ਮਟੀਰੀਅਲ ਰਾਹੀ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ ।ਇਸ ਅਵਸਰ ਤੇ ਸਿਵਲ ਸਰਜਨ ਡਾ ਸੁਮੀਤ ਸਿੰਘ ਨੇ ਕਿਹਾ ਕਿ ਬਰਸਾਤ ਦੇ ਮੌਸਮ ਵਿਚ ਬਹੁਤ ਸਾਰੀਆਂ ਥਾਵਾਂ ਤੇ ਪਾਣੀ ਦਾ ਇੱਕਠਾ ਹੋਣਾਂ ਸੁਭਾਵਿਕ ਹੀ ਹੈ, ਪਰ ਇਸਦੇ ਨਾਲ ਹੀ ਜਿਥੇ ਪਾਣੀ ਇੱਕਠਾ ਹੋਵੇਗਾ ਉਥੇ ਮੱਛਰ ਦੀ ਪੈਦਾਵਾਰ ਵੀ ਹੋਵੇਗੀ, ਇਸ ਲਈ ਸਾਡੀ ਸਾਰਿਆਂ ਦੀ ਇਹ ਜਿੰਮੇਵਾਰੀ ਬਣਦੀ ਹੈ ਕਿ ਮੱਛਰ ਦੀ ਪੈਦਾਵਰ ਨੂੰ ਰੋਕਣ ਲਈ ਸਿਹਤ ਵਿਭਾਗ ਦਾ ਸਹਿਯੋਗ ਕਰੀਏ ਅਤੇ ਹਫਤੇ ਦੇ ਹਰ ਸ਼ੁਕਰਵਾਰ ਵਾਲੇ ਦਿਨ ਆਪਣੇ ਘਰਾਂ ਵਿਚ ਕੂਲਰਾਂ, ਫਰਿਜਾਂ, ਗਮਲਿਆਂ, ਟੈਂਕੀਆਂ, ਛੱਤ ਤੇ ਪਿਆ ਨਾਕਾਰਾ ਸਾਮਾਨ ਅਦਿ ਵਿਚ ਪਾਣੀ ਇੱਕਠਾ ਨਾਂ ਹੋਣ ਦਈਏ ਕਿਓਂਕਿ ਡੇਂਗੂ ਤੋ ਬਚਣ ਲਈ ਸਭ ਤੋ ਜਿਆਦਾ ਜਰੂਰੀ ਹੈ ਕਿ ਮੱਛਰ ਦੀ ਪੈਦਾਵਾਰ ਨੂੰ ਹੀ ਰੋਕਿਆ ਜਾਵੇ। ਇਸ ਦੇ ਨਾਲ ਹੀ ਪੂਰੀ ਬਾਹਵਾਂ ਤੇ ਕੱਪੜੇ ਪਹਿਨੇ ਜਾਣ ਅਤੇ ਮੱਛਰ ਭਜਾਉਣ ਵਾਲੀਆ ਕਰੀਮਾਂ ਆਦੀ ਦਾ ਇਸਤੇਮਾਲ ਵੀ ਸਾਨੂੰ ਡੇਗੂ ਤੋ ਬਚਾ ਸਕਦਾ ਹੈ ।ਇਸ ਸੰਬਧੀ ਜਾਣਕਾਰੀ ਦਿੰਦਿਆ ਜਿਲ੍ਹਾ ਐਪੀਡਿਮੋਲੋਜਿਸਟ ਡਾ ਹਰਜੋਤ ਕੌਰ ਨੇ ਕਿਹਾ ਕਿ ਨੇ ਕਿਹਾ ਕਿ ਡੇਂਗੂ ਇੱਕ ਵਾਇਰਲ ਬੁਖਾਰ ਹੈ ਜੋ ਕਿ ਏਡੀਜ ਅਜਿਪਟੀ ਨਾਂ ਦੇ ਮੱਛਰ ਦੇ ਕੱਟਣ ਨਾਲ ਪੈਦਾ ਹੰਦਾ ਹੈ। ਜਿਸਦੇ ਲੱਛਣ ਤੇਜ ਸਿਰ-ਦਰਦ ਅਤੇ ਤੇਜ ਬੁਖਾਰ, ਮਾਸ ਪੇਸ਼ੀਆ ਅਤੇ ਜੋੜਾ ਦਾ ਦਰਦ, ਅੱਖਾ ਦੇ ਪਿਛਲੇ ਹਿੱਸੇ ਦਰਦ, ਉਲਟੀਆਂ, ਨੱਕ-ਮੂੰਹ ਅਤੇ ਮਸੂੜੀਆ ਵਿੱਚੋ ਖੂਨ ਵਗਣਾ ਆਦੀ ਹੈ। ਡੇਂਗੂ ਬੁਖਾਰ ਦੇ ਸ਼ੱਕ ਹੋਣ, ਦੀ ਸੂਰਤ ਵਿੱਚ ਤੁਰੰਤ ਸਰਕਾਰੀ ਹਸਪਤਾਲ ਤੋ ਫਰੀ ਚੈਕਅੱਪ ਅਤੇ ਇਲਾਜ ਕਰਵਾਉਣ ।ਇਸ ਮੋਕੇ ਤੇ ਸਹਾਇਕ ਸਿਵਲ ਸਰਜਨ ਡਾ ਰਜਿੰਦਰ ਪਾਲ ਕੌਰ, ਗੁਰਦੇਵ ਸਿੰਘ ਢਿਲੋਂ, ਰਾਮ ਮਹਿਤਾ, ਹਰਵਿੰਦਰ ਸਿੰਘ, ਪਰਮਜੀਤ ਸਿੰਘ, ਬਲਵਿੰਦਰ ਸਿੰਘ, ਜਿਲ੍ਹੇ ਭਰ ਦੇ ਸਮੂਹ ਐਸ.ਆਈ. ਅਤੇ ਐਂਟੀ ਲਾਰਵਾ ਸਟਾਫ ਸ਼ਾਮਲ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## 2 ਜੂਨ ਨੂੰ ਸੰਤ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਦੀਆਂ ਤਿਆਰੀਆਂ ਵਾਸਤੇ ਜਥੇਬੰਦੀ ਦੇ ਕਾਰਜਕਾਰੀ ਪੰਜਾਬ ਪ੍ਰਧਾਨ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਵੱਲੋਂ

# ਵੱਖ-ਵੱਖ ਪਿੰਡਾਂ ਵਿੱਚ ਮੀਟਿੰਗਾਂ ਦਾ ਸਿਲਸਿਲਾ ਜਾਰੀ



**ਤਰਨਤਾਰਨ, (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**- ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤੀ ਸਤਿਕਾਰਯੋਗ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ 20ਵੀ ਸਦੀ ਦੇ ਮਹਾਨ ਸਿੱਖ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦਾ ਜਨਮ ਦਿਹਾੜਾ 2 ਜੂਨ ਐਤਵਾਰ ਨੂੰ ਸੰਤ ਭਿੰਡਰਾਂਵਾਲਿਆਂ ਦੇ ਜਨਮ ਅਸਥਾਨ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਜਿਲਾ ਮੋਗਾ ਵਿਖੇ ਬਹੁਤ ਉਚ ਪੱਧਰ ਤੇ ਮਨਾਇਆ ਜਾ ਰਿਹਾ ਹੈ। ਮਾਝਾ ਜੋਨ ਦੇ ਸਮੂਹ ਅਹੁਦੇਦਾਰ ਅਤੇ ਵਰਕਰ ਸਾਹਿਬਾਨਾਂ ਵੱਲੋਂ ਜੰਗੀ ਪੱਧਰ ਤੇ ਤਿਆਰੀਆਂ ਆਰੰਭ ਹੋ ਚੁੱਕੀਆਂ ਹਨ। ਇਸ ਸਬੰਧੀ ਇੰਟਰਨੈਸ਼ਨਲ ਪੰਥਕ ਦਲ ਦੇ ਕਾਰਜਕਾਰੀ ਪੰਜਾਬ ਪ੍ਰਧਾਨ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਵੱਲੋਂ ਪਿੰਡ ਸੇਖਵਾਂ ਹਰਗੋਬਿੰਦਪੁਰ ਵਿਖੇ ਸੰਗਤਾਂ ਨਾਲ ਮੀਟਿੰਗ ਕੀਤੀ ਗਈ । 2 ਜੂਨ ਨੂੰ ਬੱਸਾਂ ਦੇ ਕਾਫਲੇ ਨਾਲ ਪਿੰਡ ਰੋਡੇ ਵਿਖੇ ਸੰਗਤਾਂ ਦੀ ਸ਼ਮੂਲੀਅਤ ਕਰਨ ਲਈ ਸਮੂਹ ਸੰਗਤਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਜਥੇਬੰਦੀ ਦੇ ਜਿਲ੍ਹਾ ਤਰਨ ਤਰਨ ਦੇ ਪ੍ਰੈੱਸ ਸਕੱਤਰ ਸ੍ਰ ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਅਤੇ ਸਮੂਹ ਬਾਬਾ ਪਰਿਵਾਰ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸਲਾਨਾ ਸਮਾਗਮ ਦੀਆਂ ਤਿਆਰੀਆਂ ਪੂਰੀ ਤਨਦੇਹੀ ਅਤੇ ਜਿੰਮੇਵਾਰੀਆਂ ਨਾਲ ਨਿਭਾਈਆਂ ਜਾ ਰਹੀਆਂ ਹਨ। ਅੱਜ ਮਾਝਾ ਖੇਤਰ ਦੇ ਜ਼ਿਲ੍ਹਾ ਗੁਰਦਾਸਪੁਰ ਵਿੱਚ ਜਥੇਬੰਦੀ ਦੇ ਕਾਰਜਕਾਰੀ ਪੰਜਾਬ ਪ੍ਰਧਾਨ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਵੱਲੋਂ ਵੱਖ ਵੱਖ ਪਿੰਡਾਂ ਵਿੱਚ ਮੀਟਿੰਗਾਂ ਕੀਤੀਆਂ ਗਈਆਂ ਅਤੇ 2 ਜੂਨ ਨੂੰ ਪਿੰਡ ਰੋਡੇ ਸਮਾਗਮ ਵਿੱਚ ਪਹੁੰਚਣ ਲਈ ਸੰਗਤ ਨੂੰ ਵੱਧ ਤੋਂ ਵੱਧ ਪ੍ਰੇਰਿਤ ਕੀਤਾ। ਮੀਟਿੰਗ ਵਿੱਚ ਪਹੁੰਚੇ ਸਾਰੇ ਪਤਵੰਤਿਆਂ ਨੇ ਆਪਣੇ ਵਿਚਾਰ ਦੱਸੇ। ਨਾਲ ਹੀ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਨੂੰ ਇੰਟਰਨੈਸ਼ਨਲ ਪੰਥਕ ਦਲ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਬਣਨ ਤੇ ਵੱਖ ਵੱਖ ਨਗਰਾਂ ਦੀਆਂ ਸੰਗਤਾਂ ਵੱਲੋਂ ਸਨਮਾਨ ਕੀਤਾ ਗਿਆ। ਇਸ ਮੌਕੇ ਭਾਈ ਰਜਿੰਦਰ ਸਿੰਘ ਜੀ ਰਾਜਾ ਜਿਲਾ ਪ੍ਰਧਾਨ ਗੁਰਦਾਸਪੁਰ , ਜਥੇਦਾਰ ਬਾਬਾ ਮੁਖਤਿਆਰ ਸਿੰਘ ਜੀ, ਜਥੇਦਾਰ ਭਾਈ ਜੋਗਿੰਦਰ ਸਿੰਘ ਪੱਡਾ, ਭਾਈ ਜੋਰਾਵਾਰ ਸਿੰਘ ਜੀ ਪੱਡਾ, ਭਾਈ ਸੁਖਦੇਵ ਸਿੰਘ ਜੀ ਸੇਖੋਂ ,ਭਾਈ ਅਜਮੇਰ ਸਿੰਘ ਪੱਡਾ ,ਭਾਈ ਸੰਦੀਪ ਸਿੰਘ ਮੰਗਾਂ, ਭਾਈ ਦਲੇਰ ਸਿੰਘ ਖੋਜੇਵਾਲ, ਸ੍ਰ ਗੁਰਪਾਲ ਸਿੰਘ ਪਾਲਾ ਸੰਧੂ, ਸ੍ਰ ਜਗਦੀਪ ਸਿੰਘ ਰਾਮਗੜੀਆ, ਸ੍ਰ ਹਰਜਿੰਦਰ ਸਿੰਘ , ਸ੍ਰ ਰਣਜੋਤ ਸਿੰਘ ਜੋਧਾ, ਸ੍ਰ ਸੁਖਰਾਜ ਸਿੰਘ ਸੇਖੋਂ, ਸ੍ਰ ਗੁਰ ਸਾਗਰ ਸਿੰਘ ਪੱਡਾ , ਸ੍ਰ ਨਵਰਾਜ ਸਿੰਘ, ਬੀਬੀ ਮਹਿੰਦਰ ਕੌਰ, ਬੀਬੀ ਸੁਖਰਾਜ ਕੌਰ, ਬੀਬੀ ਸੰਦੀਪ ਕੌਰ, ਬੀਬੀ ਸਰਬਜੀਤ ਕੌਰ ਹਾਜਰ ਸਨ।

**ਜਥੇਬੰਦੀ ਦੇ ਕਾਰਜਕਾਰੀ ਪੰਜਾਬ ਪ੍ਰਧਾਨ ਬਣਨ ਦੇ ਸੰਤ ਬਾਬਾ ਜਤਿੰਦਰ ਸਿੰਘ ਜੀ ਨੂੰ ਸੰਗਤਾਂ ਵੱਲੋਂ ਕੀਤਾ ਗਿਆ ਸਨਮਾਨਤ**

## ਜਲਾਲ ਉਸਮਾਂ ਸਕੂਲ ਵੱਲੋਂ ਧਾਰਮਿਕ ਸਥਾਨਾਂ ’ਤੇ

# ਸ਼ਰਧਾਲੂਆਂ ਨੂੰ ਵੋਟ ਦੀ ਵਰਤੋਂ ਸਬੰਧੀ ਜਾਗਰੂਕ ਕੀਤਾ



**ਚੌਕ ਮਹਿਤਾ, 16 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਵਿਸ਼ਵ ਦੇ ਸੱਭ ਤੋਂ ਵੱਡੇ ਲੋਕਤੰਤਰਿਕ ਦੇਸ਼ ਭਾਰਤ ਵਿੱਚ ਲੋਕਾਂ ਨੂੰ ਲੋਕ ਸਭਾ ਚੋਣਾਂ 2024 ਸਬੰਧੀ ਹਰ ਪੱਖੋਂ ਜਾਗਰੂਕ ਕਰਨ ਦੀ ਭਰਪੂਰ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਹਨਾਂ ਚੱਲ ਰਹੀਆਂ ਸਵੀਪ ਗਤੀਵਿਧੀਆਂ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜਲਾਲ ਉਸਮਾ ਦੇ ਇੰਚਾਰਜ ਸ਼੍ਰੀਮਤੀ ਸੁਖਜੀਤ ਕੌਰ ਦੀ ਅਗਵਾਈ ਵਿੱਚ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਦੀ ਸਹਾਇਤਾ ਨਾਲ ਰੈਲੀਆਂ, ਨੁੱਕੜ ਨਾਟਕਾਂ ਅਤੇ ਸੈਮੀਨਾਰਾਂ ਰਾਹੀਂ ਜਾਗਰੂਕਤਾ ਪੈਦਾ ਕਰਨ ਦੇ ਪ੍ਰਸ਼ੰਸ਼ਾਯੋਗ ਕਾਰਜ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਬੀਤੇ ਦਿਨੀਂ ਸਕੂਲ ਇੰਚਾਰਜ ਸ਼੍ਰੀਮਤੀ ਸੁਖਜੀਤ ਕੌਰ, ਸ਼੍ਰੀਮਤੀ ਸੰਦੀਪ ਕੌਰ (ਕੰਪਿਊਟਰ), ਸ਼੍ਰੀਮਤੀ ਸੰਦੀਪ ਕੌਰ (ਵੋਕੇਸ਼ਨਲ) ਅਤੇ ਸ਼੍ਰੀਮਤੀ ਰਮਨਦੀਪ ਕੌਰ ਵੱਲੋ ਸਥਾਨਕ ਗੁਰਦੁਆਰਾ ਸਾਹਿਬ ਜਲਾਲ ਉਸਮਾ ਅਤੇ ਚੇਲਿਆਣਾ ਸਾਹਿਬ ਵਿਖੇ ਜਾ ਕੇ ਹਾਜ਼ਰ ਹੋਈਆਂ ਸੰਗਤਾਂ ਨੂੰ ਵੋਟ ਦੇ ਅਧਿਕਾਰ ਦੀ ਸੁਯੋਗ ਵਰਤੋਂ ਸਬੰਧੀ ਜਾਗਰੂਕ ਕੀਤਾ ਗਿਆ। ਇਸ ਮੌਕੇ ਸ਼ਰਧਾਲੂਆਂ ਵੱਲੋਂ ਬੜੇ ਹੀ ਧਿਆਨ ਨਾਲ ਉਨ੍ਹਾਂ ਦੁਆਰਾ ਸਮਝਾਈਆਂ ਗੱਲਾਂ ਨੂੰ ਸੁਣਿਆ ਗਿਆ। ਸ਼੍ਰੀਮਤੀ ਸੁਖਜੀਤ ਕੌਰ ਵੱਲੋਂ ਉਨ੍ਹਾਂ ਨੂੰ ਸੁਝਾਅ ਦਿੱਤਾ ਗਿਆ ਕਿ ਉਹ ਖੁਦ ਦੇ ਨਾਲ-ਨਾਲ ਹੋਰਨਾਂ ਲੋਕਾਂ ਨੂੰ ਵੀ ਆਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਸਬੰਧੀ ਜਾਗਰੂਕ ਕਰਨ।

# ਟਕਸਾਲੀ ਅਕਾਲੀ ਆਗੂ ਜੀਤਮਹਿੰਦਰ ਸਿੰਘ ਸਿੱਧੂ ਦੀ ਹਾਜ਼ਰੀ ’ਚ ਹੋਏ ਕਾਂਗਰਸ ’ਚ ਸ਼ਾਮਿਲ



ਤਲਵੰਡੀ ਸਾਬੋ, 16 ਮਈ (ਗੁਰਜੰਟ ਸਿੰਘ ਨਥੇਹਾ)- ਲੋਕ ਸਭਾ ਹਲਕਾ ਬਠਿੰਡਾ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਜੀਤਮਹਿੰਦਰ ਸਿੰਘ ਸਿੱਧੂ ਦੀ ਚੋਣ ਮੁਹਿੰਮ ਨੂੰ ਉਦੋਂ ਬਲ ਮਿਲਿਆ ਜਦੋਂ ਮਾਨਸਾ ਜਿਲ੍ਹੇ ਦੇ ਪਿੰਡ ਅਨੂਪਗੜ੍ਹ ਵਿਖੇ ਤਲਵੰਡੀ ਸਾਬੋ ਹਲਕੇ ਦੇ ਕਾਂਗਰਸੀ ਆਗੂਆਂ ਦੇ ਯਤਨਾਂ ਬਦੌਲਤ ਪਿੰਡ ਦੇ ਕੁਝ ਟਕਸਾਲੀ ਅਕਾਲੀ ਪਰਿਵਾਰਾਂ ਨੇ ਕਾਂਗਰਸ ਦਾ ਪੱਲਾ ਫੜ ਲਿਆ। ਸੀਨੀਅਰ ਕਾਂਗਰਸੀ ਆਗੂ ਅਤੇ ਲੈਂਡ ਮਾਰਗੇਜ਼ ਬੈਂਕ ਤਲਵੰਡੀ ਸਾਬੋ ਦੇ ਚੇਅਰਮੈਨ ਜਗਤਾਰ ਸਿੰਘ ਮੈਨੂੰਆਣਾ ਵੱਲੋਂ ਮੁਹੱਈਆ ਕਰਵਾਈ ਜਾਣਕਾਰੀ ਮੁਤਾਬਿਕ ਪਿੰਡ ਅਨੂਪਗੜ੍ਹ ਦੇ ਉਕਤ ਪਰਿਵਾਰ ਜੋ ਪਿਛਲੇ ਲੰਬੇ ਸਮੇਂ ਤੋਂ ਅਕਾਲੀ ਦਲ ਨਾਲ ਜੁੜੇ ਹੋਏ ਸਨ ਨੂੰ ਅੱਜ ਕਾਂਗਰਸ ਪਾਰਟੀ ’ਚ ਸ਼ਾਮਿਲ ਕਰਵਾਇਆ ਗਿਆ ਜਿੰਨ੍ਹਾਂ ਦਾ ਕਾਂਗਰਸੀ ਉਮੀਦਵਾਰ ਜੀਤਮਹਿੰਦਰ ਸਿੰਘ ਸਿੱਧੂ ਨੇ ਸਵਾਗਤ ਕਰਦਿਆਂ ਉਨਾਂ ਨੂੰ ਪਾਰਟੀ ਅੰਦਰ ਪੂਰਾ ਮਾਨ ਸਨਮਾਨ ਦੇਣ ਦਾ ਯਕੀਨ ਦਿੱਤਾ। ਉੱਧਰ ਇਸੇ ਪਿੰਡ ਚ ਚੋਣ ਜਨ ਸਭਾ ਨੂੰ ਸੰਬੋਧਨ ਕਰਦਿਆਂ ਜੀਤਮਹਿੰਦਰ ਸਿੰਘ ਸਿੱਧੂ ਨੇ ਪੰਜਾਬ ਵਿੱਚ ਲਗਾਤਾਰ ਵਿਗੜ ਰਹੀ ਅਮਨ ਕਾਨੂੰਨ ਦੀ ਸਥਿੱਤੀ ਲਈ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਉਦਿਆਂ ਕਿਹਾ ਪੰਜਾਬੀਆਂ ਦਾ ਮਾਣ, ਪੰਜਾਬੀ ਮਾਂ ਬੋਲੀ ਦਾ ਸੱਚਾ ਸਪੂਤ,ਸਟਾਰ ਗਾਇਕ ਸ਼ੁਭਦੀਪ ਸਿੰਘ ਸਿੱਧੂ ਮੂਸੇਵਾਲਾ ਇਸੇ ਸਰਕਾਰ ਦੀ ਨਲਾਇਕੀ ਕਾਰਣ ਸਾਡੇ ਕੋਲੋਂ ਸਦਾ ਲਈ ਖੁੱਸ ਗਿਆ। ਉਨਾਂ ਕਿਹਾ ਕਿ ਭਾਵੇਂ ਸਿੱਧੂ ਦਾ ਘਾਟਾ ਦਾ ਪੂਰਾ ਨਹੀ ਕੀਤਾ ਜਾ ਸਕਦਾ ਪਰ ਲੋਕ ਮੇਰਾ ਸਾਥ ਦਿੰਦੇ ਹੋਏ ਜਿਤਾ ਕੇ ਸੰਸਦ ਭੇਜਣ ਤਾਂ ਮਰਹੂਮ ਸਿੱਧੂ ਦੇ ਕਤਲ ਦਾ ਇਨਸਾਫ ਪਰਿਵਾਰ ਨੂੰ ਦਵਾਉਣ ਲਈ ਮੈਂ ਸੰਸਦ ਚ ਜ਼ੋਰ ਸ਼ੋਰ ਨਾਲ ਆਵਾਜ਼ ਬੁਲੰਦ ਕਰਾਂਗਾ ।ਇਸ ਮੌਕੇ ਵਿਸ਼ਾਲ ਇਕੱਠ ਨੂੰ ਮਰਹੂਮ ਗਾਇਕ ਸਿੱਧੂ ਮੂਸੇਵਾਲਾ ਦੇ ਚਾਚਾ ਚਮਕੌਰ ਸਿੰਘ ਨੇ ਵੀ ਸੰਬੋਧਨ ਦੌਰਾਨ ਜਜ਼ਬਾਤੀ ਅਪੀਲ ਕੀਤੀ ਕਿ ਐਤਕੀ ਕੋਤਾਹੀ ਨਾ ਕਰ ਜਾਇਓ, ਵੋਟਾਂ ਜੀਤਮਹਿੰਦਰ ਸਿੰਘ ਸਿੱਧੂ ਨੂੰ ਪਾਉ ਤਾਂ ਕਿ ਸਿੱਧੂ ਦੇ ਇਨਸਾਫ ਦੀ ਲੜਾਈ ਤਕੜੇ ਹੋ ਲੜੀ ਜਾ ਸਕੇ। ਇਸੇ ਮੌਕੇ ਮਾਨਸਾ ਜਿਲ੍ਹੇ ਦੇ ਕਾਂਗਰਸੀ ਆਗੂਆਂ ਤੋਂ ਇਲਾਵਾ ਤਲਵੰਡੀ ਸਾਬੋ ਹਲਕੇ ਦੇ ਸੀਨੀਅਰ ਕਾਂਗਰਸੀ ਸੁਖਦੀਪ ਸਿੰਘ ਬੰਟੀ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਰਾਮਾਂ, ਡਾ. ਮਲਕੀਤ ਸਿੰਘ ਮਿਰਜ਼ੇਆਣਾ, ਅੰਗਰੇਜ਼ ਸਿੰਘ ਸਾਬਕਾ ਸਰਪੰਚ ਪੱਕਾ ਆਦਿ ਕਾਂਗਰਸੀ ਆਗੂ ਮੌਜੂਦ ਰਹੇ।

# ਆਓ ਸਾਰੇ ਰਲ ਮਿਲ ਕੇ ਡੇਂਗੂ ਨੂੰ ਕੰਟਰੋਲ ਕਰੀਏ: ਡਾ ਸੰਜੀਵ



**ਚੌਕ ਮਹਿਤਾ, 16 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਹਤ ਵਿਭਾਗ ਤਰਨਤਾਰਨ ਨੈਸ਼ਨਲ ਡੇਂਗੂ ਦਿਵਸ ਮੌਕੇ ਜਾਗਰੂਕਤਾ ਰੈਲੀ ਕੱਢੀ ਗਈ ਇਸ ਸਾਲ ਦਾ ਥੀਮ “ਆਓ ਸਾਰੇ ਰਲ-ਮਿਲ ਕੇ ਡੇਂਗੂ ਨੂੰ ਕੰਟਰੋਲ ਕਰੀਏ ਤੇ ਆਧਾਰਿਤ ਇਸ ਜਾਗਰੂਕਤਾ ਰੈਲੀ ਨੂੰ ਸਿਵਲ ਸਰਜਨ ਡਾ ਸੰਜੀਵ ਕੋਹਲੀ ਵਲੋਂ ਹਰੀ ਝੰਡੀ ਦੇ ਕੇ ਸ਼ਹਿਰ ਦੇ ਵੱਖ ਵੱਖ ਹਿੱਸਿਆ ਵਿੱਚ ਰਵਾਨਾ ਕੀਤਾ ਗਿਆ। ਇਸ ਰੈਲੀ ਦੇ ਨਾਲ ਆਈ.ਈ.ਸੀ. ਮਟੀਰੀਅਲ ਰਾਹੀ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ ।ਇਸ ਅਵਸਰ ਤੇ ਸਿਵਲ ਸਰਜਨ ਡਾ ਸੰਜੀਵ ਕੋਹਲੀ ਨੇ ਕਿਹਾ ਕਿ ਬਰਸਾਤ ਦੇ ਮੌਸਮ ਵਿਚ ਬਹੁਤ ਸਾਰੀਆਂ ਥਾਵਾਂ ਤੇ ਪਾਣੀ ਦਾ ਇੱਕਠਾ ਹੋਣਾਂ ਸੁਭਾਵਿਕ ਹੀ ਹੈ, ਪਰ ਇਸਦੇ ਨਾਲ ਹੀ ਜਿਥੇ ਪਾਣੀ ਇੱਕਠਾ ਹੋਵੇਗਾ ਉਥੇ ਮੱਛਰ ਦੀ ਪੈਦਾਵਾਰ ਵੀ ਹੋਵੇਗੀ, ਇਸ ਲਈ ਸਾਡੀ ਸਾਰਿਆਂ ਦੀ ਇਹ ਜਿੰਮੇਵਾਰੀ ਬਣਦੀ ਹੈ ਕਿ ਮੱਛਰ ਦੀ ਪੈਦਾਵਰ ਨੂੰ ਰੋਕਣ ਲਈ ਸਿਹਤ ਵਿਭਾਗ ਦਾ ਸਹਿਯੋਗ ਕਰੀਏ ਅਤੇ ਹਫਤੇ ਦੇ ਹਰ ਸ਼ੁਕਰਵਾਰ ਵਾਲੇ ਦਿਨ ਆਪਣੇ ਘਰਾਂ ਵਿਚ ਕੂਲਰਾਂ, ਫਰਿਜਾਂ, ਗਮਲਿਆਂ, ਟੈਂਕੀਆਂ, ਛੱਤ ਤੇ ਪਿਆ ਨਾਕਾਰਾ ਸਾਮਾਨ ਅਦਿ ਵਿਚ ਪਾਣੀ ਇੱਕਠਾ ਨਾਂ ਹੋਣ ਦਈਏ ਕਿਉਂਕਿ ਡੇਂਗੂ ਤੋ ਬਚਣ ਲਈ ਸਭ ਤੋ ਜਿਆਦਾ ਜਰੂਰੀ ਹੈ ਕਿ ਮੱਛਰ ਦੀ ਪੈਦਾਵਾਰ ਨੂੰ ਹੀ ਰੋਕਿਆ ਜਾਵੇ। ਇਸ ਦੇ ਨਾਲ ਹੀ ਪੂਰੀ ਬਾਹਵਾਂ ਤੇ ਕੱਪੜੇ ਪਹਿਨੇ ਜਾਣ ਅਤੇ ਮੱਛਰ ਭਜਾਉਣ ਵਾਲੀਆ ਕਰੀਮਾਂ ਆਦੀ ਦਾ ਇਸਤੇਮਾਲ ਵੀ ਸਾਨੂੰ ਡੇਗੂ ਤੋ ਬਚਾ ਸਕਦਾ ਹੈ ।ਇਸ ਸੰਬਧੀ ਜਾਣਕਾਰੀ ਦਿੰਦਿਆ ਜਿਲ੍ਹਾ ਐਪੀਡਿਮੋਲੋਜਿਸਟ ਡਾ ਸਿਮਰਨ ਕੌਰ ਨੇ ਕਿਹਾ ਕਿ ਨੇ ਕਿਹਾ ਕਿ ਡੇਂਗੂ ਇੱਕ ਵਾਇਰਲ ਬੁਖਾਰ ਹੈ ਜੋ ਕਿ ਏਡੀਜ ਅਜਿਪਟੀ ਨਾਂ ਦੇ ਮੱਛਰ ਦੇ ਕੱਟਣ ਨਾਲ ਪੈਦਾ ਹੰਦਾ ਹੈ। ਜਿਸਦੇ ਲੱਛਣ ਤੇਜ ਸਿਰ-ਦਰਦ ਅਤੇ ਤੇਜ ਬੁਖਾਰ, ਮਾਸ ਪੇਸ਼ੀਆ ਅਤੇ ਜੋੜਾ ਦਾ ਦਰਦ, ਅੱਖਾ ਦੇ ਪਿਛਲੇ ਹਿੱਸੇ ਦਰਦ, ਉਲਟੀਆਂ, ਨੱਕ-ਮੂੰਹ ਅਤੇ ਮਸੂੜੀਆ ਵਿੱਚੋ ਖੂਨ ਵਗਣਾ ਆਦੀ ਹੈ। ਡੇਂਗੂ ਬੁਖਾਰ ਦੇ ਸ਼ੱਕ ਹੋਣ, ਦੀ ਸੂਰਤ ਵਿੱਚ ਤੁਰੰਤ ਸਰਕਾਰੀ ਹਸਪਤਾਲ ਤੋ ਫਰੀ ਚੈਕਅੱਪ ਅਤੇ ਇਲਾਜ ਕਰਵਾਉਣ ।ਇਸ ਮੌਕੇ ਤੇ ਜਿਲ੍ਹਾ ਟੀਕਾਕਰਨ ਅਫਸਰ ਡਾ ਵਰਿੰਦਰਪਾਲ ਕੌਰ, ਜਿਲ੍ਹਾ ਪਰਿਵਾਰ ਭਲਾਈ ਅਫਸਰ ਡਾ ਆਸ਼ੀਸ਼ ਗੁਪਤਾ, ਜਿਲ੍ਹਾ ਸਿਹਤ ਅਫਸਰ ਡਾ ਸੁਖਬੀਰ ਕੌਰ, ਐਸ.ਐਮ.ਓ. ਡਾ ਰਮਨਦੀਪ ਪੱਡਾ, ਡਾ ਅਮਨਦੀਪ ਸਿੰਘ , ਡਾ ਸੁਖਜਿੰਦਰ ਸਿੰਘ, ਡਾ ਰਨਦੀਪ, ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ, ਸਮੂਹ ਐਂਟੀ ਲਾਰਵਾ ਅਤੇ ਪੈਰਾ ਮੈਡੀਕਲ ਸਟਾਫ, ਨਰਸਿੰਗ ਸਟਾਫ ਅਤੇ ਨਰਸਿੰਗ ਸਟੂਡੇਂਟ ਹਾਜਰ ਸਨ।

# Covaxin ਲੈਣ ਵਾਲੇ ਵੀ ਸੁਰੱਖਿਅਤ ਨਹੀਂ, ਵੈਕਸੀਨ ਲੈਣ ਵਾਲੇ 30% ਲੋਕ ਇਨ੍ਹਾਂ ਬਿਮਾਰੀਆਂ ਤੋਂ ਪੀੜਤ, ਖੋਜ ’ਚ ਖ਼ੁਲਾਸਾ

**ਨਵੀਂ ਦਿੱਲੀ, 16 ਮਈ (ਆਵਾਜ਼ਿ ਕੌਮ ਬਿਊਰੋ)**-Covaxine Side Effect: AstraZeneca-Oxford ਦੇ Covid-19 ਵੈਕਸੀਨ Covishield ਦੇ ਸੰਭਾਵਿਤ ਮਾੜੇ ਪ੍ਰਭਾਵਾਂ ਦੀਆਂ ਰਿਪੋਰਟਾਂ ਦੇ ਵਿਚਕਾਰ, Covaxin ਦੇ ਨਿਰਮਾਤਾ, Bharat Biotech ਨੇ ਹਾਲ ਹੀ ਵਿੱਚ ਇੱਕ ਬਿਆਨ ਜਾਰੀ ਕਰਕੇ ਕਿਹਾ ਸੀ ਕਿ ਉਨ੍ਹਾਂ ਦੀ ਵੈਕਸੀਨ ਦਾ ਸੁਰੱਖਿਆ ਰਿਕਾਰਡ ਸ਼ਾਨਦਾਰ ਰਿਹਾ ਹੈ। ਕੰਪਨੀ ਨੇ ਕਿਹਾ ਸੀ ਕਿ ਇਸ ਦੇ ਟੀਕੇ ਨੇ ਖ਼ੂਨ ਦੇ ਥੱਕੇ, ਪਲੇਟਲੇਟ ਦੀ ਕਮੀ ਵਰਗੇ ਕੋਈ ਮਾੜੇ ਪ੍ਰਭਾਵ ਨਹੀਂ ਦਿਖਾਏ ਹਨ, ਪਰ ਬਨਾਰਸ ਹਿੰਦੂ ਯੂਨੀਵਰਸਿਟੀ ਦੇ ਖੋਜਕਰਤਾਵਾਂ ਨੇ ਦਾਅਵਾ ਕੀਤਾ ਹੈ ਕਿ ਕੋਵੈਕਸੀਨ ਲੈਣ ਵਾਲੇ 30 ਪ੍ਰਤੀਸ਼ਤ ਲੋਕਾਂ ਨੂੰ ਕਈ ਗੰਭੀਰ ਬਿਮਾਰੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਭਾਰਤ ਬਾਇਓਟੈਕ ਦੇ ਕੋਵੈਕਸੀਨ ਟੀਕੇ ਦੇ ਲੰਬੇ ਸਮੇਂ ਦੇ ਪ੍ਰਭਾਵਾਂ ਦੀ ਜਾਂਚ ਕਰ ਰਹੇ ਬੀਐਚਯੂ ਖੋਜਕਰਤਾਵਾਂ ਦੁਆਰਾ ਕਰਵਾਏ ਗਏ ਇੱਕ ਅਧਿਐਨ ਵਿੱਚ ਇਹ ਖੁਲਾਸਾ ਹੋਇਆ ਹੈ ਕਿ ’ਵਿਸ਼ੇਸ਼ ਦਿਲਚਸਪੀ ਦੀਆਂ ਪ੍ਰਤੀਕੂਲ ਘਟਨਾਵਾਂ (ਏਈਐਸਆਈ) ਪ੍ਰਭਾਵ ਲਗਭਗ ਇੱਕ ਤਿਹਾਈ ਲੋਕਾਂ ਵਿੱਚ ਦੇਖੇ ਗਏ ਹਨ। ਅਧਿਐਨ ਦੀ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਅਧਿਐਨ ਲਈ ਚੁਣੇ ਗਏ 926 ਭਾਗੀਦਾਰਾਂ ਵਿੱਚੋਂ ਇੱਕ ਤਿਹਾਈ ਵਿੱਚ ਉੱਪਰੀ ਸਾਹ ਦੀ ਨਾਲੀ ਵਿੱਚ ਵਾਇਰਲ ਇਨਫੈਕਸ਼ਨ ਸਭ ਤੋਂ ਆਮ ਸ਼ਿਕਾਇਤ ਸੀ। ਇਸ ਤੋਂ ਇਲਾਵਾ ਲੋਕਾਂ ਵਿਚ ਖ਼ੂਨ ਦੇ ਧੱਬੇ ਅਤੇ ਐਲਰਜੀ ਦਾ ਅਸਰ ਵੀ ਦੇਖਿਆ ਗਿਆ ਹੈ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਇੱਕ ਪ੍ਰਤੀਸ਼ਤ ਵਿਅਕਤੀਆਂ ਵਿੱਚ ਸਟ੍ਰੋਕ ਅਤੇ ਗੁਇਲੇਨ-ਬੈਰੇ ਸਿੰਡਰੋਮ ਵਰਗੇ ਗੰਭੀਰ ਏ.ਈ.ਐਸ.ਆਈ. ਦੀ ਸੂਚਨਾ ਵੀ ਮਿਲੀ ਹੈ।

### ਘਰਾਂ ਦੇ ਅੰਦਰ-ਬਾਹਰ ਸਾਫ-ਸਫਾਈ ਵੱਲ

# ਬਹੁਤਾ ਧਿਆਨ ਦੇਣ ਦੀ ਲੋੜ—ਡਾ: ਦੀਪਕ ਚੰਦੜ



ਫ਼ਿਰੋਜ਼ਪੁਰ, 16 ਮਈ (ਮਨੋਹਰ ਲਾਲ) :— ਸਿਹਤ ਵਿਭਾਗ ਵੱਲੋਂ ਡੇਂਗੂ ਤੇ ਮਲੇਰੀਏ ਦੇ ਡੰਕ ਤੋਂ ਬੱਚਣ ਲਈ ਪੂਰੀ ਤਰ੍ਹਾਂ ਨਾਲ ਕਮਰ ਕਸੇ ਕਰ ਲਏ ਗਏ ਹਨ ਅਤੇ ਇਸੇ ਮੁਹਿੰਮ ਤਹਿਤ ਵਿਭਾਗ ਵੱਲੋਂ ਡਾ: ਦੀਪਕ ਚੰਦੜ ਸੀਨੀਅਰ ਮੈਡੀਕਲ ਅਫਸਰ ਫਿਰੋਜ਼ਸ਼ਾਹ ਦੀ ਅਗਵਾਈ ਹੇਠ ਡੇਂਗੂ ਅਤੇ ਮਲੇਰੀਏ ਦੇ ਪਰਕੋਪ ਤੋਂ ਬਚਾਉ ਸੰਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਗਿਆ ਅਤੇ ਰੈਲੀ ਕੱਢੀ ਗਈ। ਇਸ ਮੌਕੇ ਸ੍ਰੀਮਤੀ ਨੇਹਾ ਭੰਡਾਰੀ ਬੀ.ਈ.ਈ ਨੇ ਕਿਹਾ ਕਿ ਗਰਮੀਆਂ ਦਾ ਮੌਸਮ ਸ਼ੁਰੂ ਹੋ ਗਿਆ ਹੈ ਅਤੇ ਡੇਂਗੂ ਤੇ ਮਲੇਰੀਏ ਦੇ ਡੰਕ ਤੋਂ ਫੈਲਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਲਈ ਸਿਹਤ ਵਿਭਾਗ ਦੀ ਟੀਮ ਲੋਕਾਂ ਨੂੰ ਜਾਗਰੂਕ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਮੱਛਰ ਦੇ ਡੰਕ ਤੋਂ ਬਚਣ ਲਈ ਸਾਨੂੰ ਘਰਾਂ, ਦਫਤਰਾਂ ਆਦਿ ਦੇ ਅੰਦਰ ਤੇ ਬਾਹਰ ਸਾਫ—ਸਫਾਈ ਵੱਲ ਧਿਆਨ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਡੇਂਗੂ ਬੁਖਾਰ ਐਡੀਜ਼ ਨਾਮ ਦੇ ਮੱਛਰ ਨਾਲ ਫੈਲਦਾ ਹੈ ਅਤੇ ਇਹ ਸਾਫ਼ ਪਾਣੀ ਵਿਚ ਪਨਪਦਾ ਹੈ, ਜਦ ਕਿ ਮਲੇਰੀਏ ਦਾ ਮੱਛਰ ਮਾਦਾ ਐਨਾਫਲੀਜ਼ ਰਾਹੀਂ ਫੈਲਦਾ ਹੈ। ਉਨ੍ਹਾਂ ਦੱਸਿਆ ਕਿ ਡੇਂਗੂ ਮੱਛਰ ਦੇ ਕੱਟਣ ਨਾਲ ਕਿ ਜਦੋਂ ਵਿਅਕਤੀ ਦੇ ਪਲੇਟਲੈਟ ਘੱਟਦੇ ਹਨ ਤਾਂ ਉਹ ਤੁਰੰਤ ਨੇੜੇ ਦੇ ਸਰਕਾਰੀ ਹਸਪਤਾਲ ਵਿਚ ਜਾ ਕੇ ਆਪਣਾ ਇਲਾਜ਼ ਕਰਵਾਉਣ। ਉਨ੍ਹਾਂ ਕਿਹਾ ਕਿ ਡੇਂਗੂ ਦਾ ਬੁਖਾਰ ਹੋਣ ਤੇ ਸਿਰਫ ਪੈਰਾਸਿਟਮੋਲ ਦੀ ਗੋਲੀ ਹੀ ਖਾਣੀ ਚਾਹੀਦੀ ਹੈ ਅਤੇ ਐਸਪਰੀਨ ਦੀ ਗੋਲੀ ਦੀ ਵਰਤੋਂ ਨਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਪਾਣੀ ਵੱਧ ਤੋਂ ਵੱਧ ਪੀਣਾ ਚਾਹੀਦਾ ਹੈ ਤਾਂ ਜ਼ੋ ਪਿਸ਼ਾਬ ਵੱਧ ਤੋਂ ਵੱਧ ਆਵੇ। ਇਸ ਮੌਕੇ ਬੋਲਦਿਆਂ ਜਗਪ੍ਰੀਤ ਸਿੰਘ ਮ.ਪ.ਹ.ਵ (ਮੇਲ) ਨੇ ਕਿਹਾ ਕਿ ਜੇਕਰ ਵਿਅਕਤੀ ਦੇ ਸਰੀਰ ਤੇ ਲਾਲ ਧੱਬੇ ਨਜ਼ਰ ਆਉਣ ਤਾਂ ਸਰਕਾਰੀ ਹਸਪਤਾਲ ਵਿਚ ਇਲਾਜ਼ ਲਈ ਪਹੁੰਚ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਮੱਛਰ ਸਾਫ਼ ਤੇ ਖੜੇ ਪਾਣੀ ਵਿਚ ਪਲਦਾ ਹੈ ਅਤੇ ਹਵਾ ਲਈ ਲਗਾਏ ਕੂਲਰਾਂ ਦਾ ਪਾਣੀ ਵੀ ਦਿਨ ਵਿਚ ਦੋ ਵਾਰ ਬਦਲਣਾ ਚਾਹੀਦਾ ਹੈ, ਕਿਉਂਕਿ ਮਲੇਰੀਏ ਤੇ ਡੇਂਗੂ ਦਾ ਮੱਛਰ ਖੜੇ ਪਾਣੀ ਤੋਂ ਪੈਦਾ ਹੋ ਜਾਂਦਾ ਹੈ। ਉਨਾਂ ਦੱਸਿਆ ਕਿ ਡੇਂਗੂ ਦੇ ਪਰਕੋਪ ਨੂੰ ਰੋਕਣ ਲਈ ਹਰ ਸ਼ੁਕਰਵਾਰ ਨੂੰ ਡਰਾਈ ਡੇ ਮਨਾਇਆ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਮੱਛਰ ਪੈਦਾ ਨਾ ਹੋ ਸਕਣ ਪਰ ਜਾਣਕਾਰੀ ਸਾਂਝੀ ਕਰਦਿਆਂ ਸ੍ਰੀਮਤੀ ਨੇਹਾ ਭੰਡਾਰੀ ਬੀ.ਈ.ਈ ਨੇ ਕਿਹਾ ਕਿ ਜਿਆਦਾ ਦਿਨਾਂ ਤੱਕ ਖੜੇ ਪਾਣੀ ਵਿਚ ਸਮੇਂ—ਸਮੇਂ ਤੇ ਮਿੱਟੀ ਦਾ ਤੇਲ ਪਾ ਕੇ ਅੱਗ ਲਗਾਉਣੀ ਅਤਿ ਜ਼ਰੂਰੀ ਹੈ ਤਾਂ ਜੋ ਮਲੇਰੀਏ ਤੇ ਡੇਂਗੂ ਦਾ ਵਾਰ ਕਰਦੇ ਮੱਛਰਾਂ ਦਾ ਖਾਤਮਾ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਜਿਆਦਾ ਦਿਨਾਂ ਤੱਕ ਖੁੱਲੀ ਹਵਾ ਵਿਚ ਖੜ੍ਹੇ ਪਾਣੀ ਉਪਰ ਅਜਿਹਾ ਮੱਛਰ ਪਨਪਨ ਲੱਗਦਾ ਹੈ, ਜੋ ਮਨੁੱਖੀ ਸਰੀਰ ਲਈ ਕਈ ਘਾਤਕ ਬਿਮਾਰੀਆਂ ਦਾ ਕਾਰਣ ਬਣ ਗੁਜਰਦਾ ਹੈ ਅਤੇ ਇਨ੍ਹਾਂ ਮੱਛਰਾਂ ਦੇ ਵਾਰ ਹੇਠ ਆਏ ਮਨੁੱਖ ਨੂੰ ਮਲੇਰੀਆ ਤੇ ਡੇਂਗੂ ਜਿਹੀਆਂ ਬਿਮਾਰੀਆਂ ਆਣ ਘੇਰਦਿਆਂ ਹਨ, ਜਿਸ ਕਰਕੇ ਮਨੁੱਖ ਕਈ ਦਿਨਾਂ ਤੱਕ ਬਿਮਾਰੀ ਨਾਲ ਲਿਪਤ ਹੋਣ ਕਰਕੇ ਉਠਣ ਦੇ ਯੋਗ ਨਹੀਂ ਹੋ ਪਾਉਂਦਾ।

ਮਲੇਰੀਏ ਤੇ ਡੇਂਗੂ ਦੀ ਬਿਮਾਰੀ ਨਾਲ ਲਿਪਤ ਹੋਣ ਵਾਲੇ ਮਰੀਜ਼ ਦੀ ਪਹਿਚਾਣ ਦੱਸਦਿਆਂ ਉਨਾਂ ਕਿਹਾ ਕਿ ਠੰਡ ਲੱਗਣੀ, ਕਾਂਬਾ ਚੜਣਾ, ਪੇਟ ਵਿਚ ਦਰਦ, ਭੁੱਖ ਘੱਟ ਲੱਗਣੀ ਜਾਂ ਨਾ ਲੱਗਣੀ, ਸਿਰ ਵਿਚ ਦਰਦ ਰਹਿਣਾ ਅਤੇ ਬੁਖਾਰ ਰਹਿਣਾ ਜੋ ਪਸੀਨਾ ਆਉਣ ਤੇ ਉਤਰ ਜਾਣਾ ਅਹਿਮ ਕਾਰਣ ਹਨ ਅਤੇ ਅਜਿਹਾ ਮਹਿਸੂਸ ਹੋਣ ਤੇ ਮਰੀਜ਼ ਨੂੰ ਤੁਰੰਤ ਡਾਕਟਰ ਨਾਲ ਸੰਪਰਕ ਕਰਨਾ ਚਾਹੀਦਾ ਹੈ ਤਾਂ ਜੋ ਉਹ ਮਹਿਫੂਜ਼ ਰਹਿ ਸਕੇ। ਉਨ੍ਹਾਂ ਕਿਹਾ ਕਿ ਮੱਛਰ ਦੀ ਮਾਰ ਹੇਠ ਆਇਆ ਮਨੁੱਖ ਬਿਮਾਰੀ ਨਾਲ ਇਸ ਕਦਰ ਜਕੜ ਜਾਂਦਾ ਹੈ ਕਿ ਕਈ ਵਾਰ ਉਸ ਨੂੰ ਖੰਘ ਕਰਨ ਤੇ ਮੂੰਹ ਵਿਚ ਖੂਨ ਆਉਣ ਲੱਗਦਾ ਹੈ, ਜਿਸ ਤੋਂ ਮਨੁੱਖ ਨੂੰ ਘਬਰਾਉਣ ਦੀ ਬਜਾਏ ਡਾਕਟਰ ਨਾਲ ਸੰਪਰਕ ਚਾਹੀਦਾ ਹੈ ਤਾਂ ਜੋ ਸਮਾਂ ਰਹਿੰਦਿਆਂ ਇਲਾਜ ਕੀਤਾ ਜਾ ਸਕੇ। ਇਸ ਮੌਕੇ ਜੈਨਸਿਜ਼ ਡੈਂਟਲ ਕਾਲਜ ਦੇ ਵਿਦਿਆਰਥੀ, ਸਤਯੋਗ ਸਿੰਘ ਮੇਲ ਵਰਕਰ, ਹਰਨੇਕ ਸਿੰਘ ਮੇਲ ਵਰਕਰ, ਸੀ.ਐਚ.ਓ. ਮਨਪ੍ਰੀਤ ਕੋਰ, ਐਲ.ਐਚ.ਵੀ ਰਮਿੰਦਰ ਕੌਰ, ਵੀਰਪਾਲ ਕੋਰ ਸੀ.ਐਚ.ਓ, ਗਗਨਦੀਪ ਸੀ.ਐਚ.ਓ. ਨਵਨੀਤ ਕੋਰ ਐਲ.ਟੀ., ਨਵਿੰਦਰ ਕੋਰ ਐਲ.ਟੀ, ਨਵਦੀਪ ਕੋਰ ਸੀ.ਐਚ.ਓ, ਜਸਬੀਰ ਕੋਰ ਸੀ.ਐਚ.ਓ, ਗਗਨਦੀਪ ਕੋਰ ਸੀ.ਐਚ.ਓ, ਆਸ਼ਾ ਵਰਕਰਾਂ ਆਦਿ ਹਾਜ਼ਰ ਸਨ।

### ਖਾਲਸਾ ਗੁਰਮਤਿ ਅਕੈਡਮੀ ਟੌਰੰਟੋ ਵਿਖੇ

# ਸਲਾਨਾ ਗੁਰਮਤਿ ਸਮਾਗਮ 20 ਮਈ ਨੂੰ—ਭਾਈ ਰਣਜੀਤ ਸਿੰਘ ਖਾਲਸਾ






ਫ਼ਿਰੋਜ਼ਪੁਰ, 16 ਮਈ (ਮਨੋਹਰ ਲਾਲ) :— ਖਾਲਸਾ ਗੁਰਮਤਿ ਅਕੈਡਮੀ ਟੌਰੰਟੋ ਵਿਖੇ ਸੰਤ ਬਾਬਾ ਹਰਨਾਮ ਸਿੰਘ ਜੀ ਬੇਦੀ ਭਿੰਡਰਾਂ ਵਾਲਿਆਂ ਦੀ ਯਾਦ ਵਿਚ ਸਲਾਨਾ ਗੁਰਮਤਿ ਸਮਾਗਮ 20 ਮਈ 2024 ਦਿਨ ਸੋਮਵਾਰ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਇਹ ਜਾਣਕਾਰੀ ਭਾਈ ਰਣਜੀਤ ਸਿੰਘ ਖਾਲਸਾ ਨੇ ਪੱਤਰਕਾਰਾਂ ਨਾਲ ਸਾਂਝੀ ਕਰਦਿਆਂ ਕਿਹਾ ਕਿ ਇਸ ਸਬੰਧ ਵਿਚ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਭੋਗ ਉਪਰੰਤ ਦੀਵਾਨ ਸਜਾਏ ਜਾਣਗੇ, ਜਿਸ ਵਿਚ ਸਿੱਖ ਕੌਮ ਦੀਆਂ ਮਹਾਨ ਸਖਸ਼ੀਅਤਾਂ ਜਿਨ੍ਹਾਂ ਵਿਚ ਗਿਆਨੀ ਭੁਪਿੰਦਰ ਸਿੰਘ ਜੀ ਦਮਦਮੀ ਟਕਸਾਲ, ਗਿਆਨੀ ਜੰਗਬੀਰ ਸਿੰਘ ਦਮਦਮੀ ਟਕਸਾਲ, ਗਿਆਨੀ ਬਲਦੇਵ ਸਿੰਘ ਦਮਦਮੀ ਟਕਸਾਲ, ਗਿਆਨੀ ਅਮਨ ਸਿੰਘ ਦਮਦਮੀ ਟਕਸਾਲ, ਗਿਆਨੀ ਸਾਹਿਬ ਸਿੰਘ ਦਮਦਮੀ ਟਕਸਾਲ, ਰਾਗੀ ਭਾਈ ਹਰਪਾਲ ਸਿੰਘ ਦਮਦਮੀ ਟਕਸਾਲ, ਰਾਗੀ ਭਾਈ ਦੀਪ ਸਿੰਘ ਵਿਸ਼ੇਸ਼ ਤੌਰ ਤੇ ਪਹੁੰਚ ਕੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਭਾਈ ਰਣਜੀਤ ਸਿੰਘ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ 18 ਮਈ 2024 ਦਿਨ ਸ਼ਨੀਵਾਰ ਨੂੰ ਆਰੰਭ ਸ੍ਰੀ ਆਖੰਡ ਪਾਠ ਸਾਹਿਬ ਹੋਣਗੇ, ਭਾਈ ਰਣਜੀਤ ਸਿੰਘ ਖਾਲਸਾ ਅਤੇ ਵਿਦਿਆਰਥੀ ਦਮਦਮੀ ਟਕਸਾਲ ਨੇ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਆਪਣੀ ਹਾਜ਼ਰੀ ਲੁਆਉਣ ਅਤੇ ਆਏ ਹੋਏ ਮਹਾਂਪੁਰਖਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲਾ ਬਣਾਓ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

# ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਦੇ 32ਵੇਂ ਸਮਾਗਮ ਵਿਚ ਪਾਕਿ ਤੋਂ ਆਉਣਗੇ ਵਿਸ਼ੇਸ਼ ਮਹਿਮਾਨ—ਭੁੱਲਰ

**ਫ਼ਿਰੋਜ਼ਪੁਰ, 16 ਮਈ (ਮਨੋਹਰ ਲਾਲ) :—** ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਦੇ 32ਵੇਂ ਸਮਾਗਮ ਮੌਕੇ ਪਾਕਿਸਤਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ: ਰਮੇਸ਼ ਸਿੰਘ ਅਰੋੜਾ ਅਤੇ ਲਹਿੰਦੇ ਪੰਜਾਬ ਦੀ ਡਿਪਟੀ ਚੀਫ ਮਨਿਸਟਰ ਮਰੀਅਮ ਔਰਗਜੇਬ ਨੂੰ ਵਿਸ਼ੇਸ਼ ਤੌਰ ਤੇ ਸੱਦਾ ਪੱਤਰ ਦਿੱਤਾ ਜਾਵੇਗਾ।





ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਪ੍ਰਧਾਨ ਹਰਪਾਲ ਸਿੰਘ ਭੁੱਲਰ, ਮੀਤ ਪ੍ਰਧਾਨ ਹਰਜੀਤ ਸਿੰਘ, ਜਨਰਲ ਸਕੱਤਰ ਸਰਬਜੀਤ ਸਿੰਘ ਛਾਬੜਾ ਨੇ ਦੱਸਿਆ ਕਿ ਇਸ ਵਾਰ 32ਵੇਂ ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਮੌਕੇ ਰਬਾਬੀ ਰਾਗੀ ਭਾਈ ਲਾਲ ਜੀ ਦਾ ਜਥਾ ਰਬਾਬੀ ਨਾਇ ਤਾਇਰ ਅਤੇ ਇਨ੍ਹਾਂ ਦੇ ਭਰਾ—ਭਤੀਜੇ ਜ਼ੋ ਕੀਰਤਨ ਕਰਦੇ ਹਨ ਅਤੇ ਸਾਈ ਮੀਆਂ ਮੀਰ ਜੀ ਦੇ ਗੱਦੀ ਨਸ਼ੀਨ ਸਾਈ ਅਲੀ ਰਾਜਾ ਤੇ ਰਾਇ ਬੁਲਾਰ ਭੱਟੀ ਜੀ ਦੇ ਪਰਿਵਾਰ ਨੂੰ ਵੀ ਸੱਦਾ ਪੱਤਰ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਸਮਾਗਮ ਵਿਚ ਵਿਸ਼ੇਸ਼ ਤੌਰ ਤੇ ਲਹਿੰਦੇ ਪੰਜਾਬ ਦੇ ਵਜੀਰ ਰਮੇਸ਼ ਸਿੰਘ ਅਰੋੜਾ ਨਾਰੋਵਾਲ ਵਾਲੇ ਅਤੇ ਲਹਿੰਦੇ ਪੰਜਾਬ ਦੀ ਡਿਪਟੀ ਮੁੱਖ ਮੰਤਰੀ ਮਰੀਅਮ ਔਰਗਜੇਬ ਨੂੰ ਫ਼ਿਰੋਜ਼ਪੁਰ ਸਮਾਗਮ ਤੇ ਸੱਦਾ ਪੱਤਰ ਦਿੱਤਾ ਜਾਵੇਗਾ ਅਤੇ ਇਨ੍ਹਾਂ ਨੂੰ ਅਪੀਲ ਕੀਤੀ ਜਾਵੇਗੀ ਕਿ ਭਾਈ ਮਰਦਾਨਾ ਜੀ ਦੇ ਪਰਿਵਾਰ ਦੀ ਜੇਕਰ ਕੋਈ ਨਿਸ਼ਾਨੀ ਹੋਵੇ ਤਾਂ ਉਹ ਨਾਲ ਲਿਆਂਦੀ ਜਾਵੇ, ਨਹੀਂ ਤਾਂ ਉਨ੍ਹਾਂ ਦੇ ਘਰ ਦੀਆਂ 5 ਇੱਟਾਂ ਲਿਆਂਦੀਆਂ ਜਾਣ। ਭਾਈ ਮਰਦਾਨਾ ਜੀ ਦੇ ਨਾਮ ਤੇ ਸਭ ਤੋਂ ਪਹਿਲਾਂ ਸੰਸਥਾ ਬਣਾਈ, ਸੋ ਅਤੇ ਉਨ੍ਹਾਂ ਦੀ ਯਾਦ ਮਨਾਈ ਜਾਂਦੀ ਹੈ ਅਤੇ ਰਹਿੰਦੀ ਦੁਨੀਆਂ ਤੱਕ ਮਨਾਈ ਜਾਇਆ ਕਰੇਗੀ। ਇਸ ਸੱਦੇ ਪੱਤਰ ਬਾਰੇ ਨੇ ਜਗਜੀਤ ਸਿੰਘ ਭੁੱਲਰ ਨੇ ਗੱਲਬਾਤ ਵੀ ਕੀਤੀ ਹੋਈ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸੀ, ਐਚ, ਸ, ਤਰਸਿੱਕਾ ਦੇ ਐਸ. ਐਮ ਉ. ਡਾ. ਮੋਨਾ ਜੀ ਅਗਵਾਈ ਹੇਠ ਡੇਂਗੂ ਦਿਵਸ ਮਨਾਇਆ



**ਚੌਕ ਮਹਿਤਾ, 16 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਿਤੀ 16/5/24 ਨੂੰ ਸਿਵਲ ਸਰਜਨ ਅਮ੍ਰਿਤਸਰ ਡਾ ਸੁਮੀਤ ਸਿੰਘ ਤੇ ਜਿਲਾ ਮਲੇਰੀਆ ਅਫਸਰ ਡਾ ਹਰਜੋਤ ਕੋਰ ਜੀ ਦੇ ਦਿਸਾ ਨਿਰਦੇਸਾ ਅਨੁਸਾਰ ਸੀ ਐਚ ਸੀ ਤਰਸਿਕਾ ਵਿਖੇ ਐਸ ਐਮ ਉ ਡਾ ਮੋਨਾ ਜੀ ਦੀ ਅਗਵਾਈ ਹੇਠ ਸੀ ਐਚ ਸੀ ਤਰਸਿੱਕਾ ਵਿਖੇ ਕੌਮੀ ਡੇਗੂ ਦਿਵਸ ਤਰਸਿਕਾ ਮਨਾਈਆ ਗਿਆ ਜਿਸ ਵਿਚ ਲੋਕਾ ਨੂੰ ਡੇਗੂ ਕਿਸ ਤਰਾ ਫੈਲਦਾ ਹੈ ਤੇ ਇਸ ਤੋ ਕਿਸ ਤਰਾ ਬਚਿਆ ਜਾ ਸਕਦਾ ਹੈ ਇਸ ਬਾਰੇ ਐਸ ਐਮ ਉ ਵੱਲੋ ਜਾਣਕਾਰੀ ਦਿਤੀ ਗਈ, ਡੇਗੂ ਏਡੀਜ਼ ਏਜੀਪੱਟੀ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਇਹ ਮੱਛਰ ਦਿਨ ਸਮੇ ਹੀ ਕੱਟਦਾ ਹੈ, ਡੇਗੂ ਦੇ ਲੱਛਣ, ਤੇਜ ਬੁਖਾਰ, ਸਿਰਦਰਦ, ਚਮੜੀ ਤੇ ਚੇਚਕ ਵਰਗੇ ਲਾਲ ਧੱਬੇ, ਮਾਸ ਪੇਸੀਆ ਵਿਚ ਦਰਦ ਤੇ ਜੋੜਾ ਵਿਚ ਦਰਦ, ਅੱਖਾ ਪਿਛੇ ਦਰਦ, ਆਦਿ, ਡੇਗੂ ਤੋ ਬਚਾਅ ਫਰਿਜਾ, ਕੂਲਰਾ, ਟੁੱਟੇ ਭੱਜੇ ਭਾਡੇ, ਫਰਿਜ ਦੀ ਟਰੇਅ, ਆਦਿ ਦੀ ਹਫਤੇ ਵਿਚ ਇਕ ਸਾਫ ਸਫਾਈ ਕੀਤੀ ਜਾਵੇ, ਬਾਰੇ ਜਾਣਕਾਰੀ ਦਿਤੀ ਇਸ ਮੋਕੇ ਡਾਕਟਰ ਸੁਖਮਨਬੀਰ ਸਿੰਘ ਡੈਂਟਲ ਡਾਕਟਰ ਸਿਮਰਨਜੀਤ ਸਿੰਘ ਸੁਰਿੰਦਰਮੋਹਨ ਸਿੰਘ ਗੁਰਮੁੱਖ ਸਿੰਘ ਬੀ ਈ ਈ ਕੁਲਵਿੰਦਰ ਸਿੰਘ ਐਸ ਆਈ ਸਤਿੰਦਰ ਸਿੰਘ SLT ਜਸਮੇਲ ਸਿੰਘ ਫਾਰਮੈਸੀ ਅਫ਼ਸਰ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਮਾਜ ਦੇ ਚੰਗਾ ਕੰਮਾਂ ਵਿੱਚ ਹਿੱਸਾ ਪਾਉਣ ਦੇ ਨਾਲ ਮਨ ਨੂੰ ਸਕੂਨ ਮਿਲਦਾ ਹੈ ਰਣਜੀਤ ਸਿੰਘ ਰੰਧਾਵਾ

### ਅੱਖਾਂ ਦੇ ਮੁਫਤ ਚੈੱਕ ਅੱਪ ਕੈਂਪ ਵਿਚ ਮੁੱਖ ਮਹਿਮਾਨ ਵਜੋਂ ਰੰਧਾਵਾ ਕਾਤਰੋਂ ਨੇ ਲਵਾਈ ਹਾਜਰੀ



ਧੂਰੀ ( ਰਣਜੀਤ ਸਿੰਘ ਪੇਧਨੀ ) ਦਿਵਿਆ ਜੋਤੀ ਚੈਰੀਟੇਬਲ ਟਰੱਸਟ ਰਜਿ: ਅਤੇ ਪਰਿਵਾਰ ਫਾਉਂਡੇਸ਼ਨ ਪੰਜਾਬ ਵੱਲੋਂ ਧੂਰੀ ਦੀ ਸਨਾਤਨ ਧਰਮਸ਼ਾਲਾ ਵਿਖੇ ਪਹਿਲਾ ਅੱਖਾਂ ਦਾ ਮੁਫਤ ਚੈੱਕ ਅੱਪ ਅਤੇ ਆਪਰੇਸ਼ਨ ਕੈਂਪ ਲਗਾਇਆ ਗਿਆ। ਜਿਸ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਪਹੁੰਚੇ ਟਰੱਕ ਯੂਨੀਅਨ ਦੇ ਸਾਬਕਾ ਪ੍ਰਧਾਨ , ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਸ਼ੇਰਪੁਰ , ਧੂਰੀ ਹਲਕੇ ਦੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਆਗੂ, ਉੱਘੇ ਸਮਾਜ ਸੇਵੀ ਸ, ਰਣਜੀਤ ਸਿੰਘ ਰੰਧਾਵਾ ਨੇ ਪ੍ਰੈੱਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਕਿਹਾ ਕਿ ਸਿਆਣਿਆਂ ਦੀ ਕਹਾਵਤ ਹੈ ਦੰਦ ਗਏ ਸਵਾਦ ਗਿਆ, ਅੱਖਾਂ ਗਈਆਂ ਜਹਾਨ ਗਿਆ, ਅੱਖਾਂ ਦੇ ਆਪਰੇਸ਼ਨ ਦਾ ਕੈਂਪ ਲਗਾਉਣਾ ਇਹ ਸੰਸਥਾ ਦਾ ਬਹੁਤ ਹੀ ਸਲਾਘਾਯੋਗ ਕਦਮ ਹੈ ।ਮਨੁੱਖ ਨੂੰ ਇਸ ਤਰ੍ਹਾਂ ਦੇ ਸਮਾਜ ਸੇਵੀ ਕੰਮਾਂ ਵਿੱਚ ਹਿੱਸਾ ਲੈ ਕੇ ਸਮਾਜ ਦੀ ਸਿਰਜਣਾ ਦੇ ਲਈ ਚੰਗੇ ਕੰਮਾਂ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਮੌਕੇ ਉਹਨਾਂ ਦੇ ਨਾਲ ਇਸਤਰੀ ਵਿੰਗ ਦੀ ਪ੍ਰਧਾਨ ਬੀਬੀ ਜਸਵਿੰਦਰ ਕੌਰ ਖਾਲਸਾ ਸੰਸਥਾ ਦੇ ਆਗੂ ਧਰਮਵੀਰ ਸਿੰਘ ਗਾਂਧੀ ਸੰਸਥਾ ਦੇ ਮੁੱਖ ਪ੍ਰਬੰਧਕ ਸ੍ਰੀ ਤਰਸੇਮ ਕੁਮਾਰ ਰਿੰਕੂ ਤੋਂ ਇਲਾਵਾ ਸੰਸਥਾ ਦੇ ਆਗੂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਪੰਥਕ ਉਮੀਦਵਾਰ ਭਾਈ ਗੁਰਿੰਦਰ ਸਿੰਘ ਬਾਜਵਾ ਨੂੰ

# ਵੋਟਾਂ ਪਾ ਕੇ ਕਾਮਯਾਬ ਕੀਤਾ ਜਾਵੇ : ਬੀਬੀ ਕੁਲਵਿੰਦਰ ਕੌਰ ਖਾਲਸਾ



**ਗੁਰਦਾਸਪੁਰ, 16 ਮਈ (ਆਵਾਜ਼ਿ ਕੌਮ ਬਿਊਰੋ)**- ਪੰਥਕ ਸਫਾਂ ਚ ਸਰਗਰਮ ਬੀਬੀ ਕੁਲਵਿੰਦਰ ਕੌਰ ਖਾਲਸਾ (ਸੁਪਤਨੀ ਸ਼ਹੀਦ ਭਾਈ ਪਰਮਜੀਤ ਸਿੰਘ ਪੰਮਾ ਤੁਗਲਵਾਲਾ) ਨੇ ਲੋਕ ਸਭਾ ਹਲਕਾ ਗੁਰਦਾਸਪੁਰ ਤੋਂ ਪੰਥਕ ਉਮੀਦਵਾਰ ਭਾਈ ਗੁਰਿੰਦਰ ਸਿੰਘ ਬਾਜਵਾ ਦਾ ਸਮਰਥਨ ਕੀਤਾ ਹੈ। ਉਹਨਾਂ ਦੱਸਿਆ ਕਿ ਭਾਈ ਗੁਰਿੰਦਰ ਸਿੰਘ ਬਾਜਵਾ ਜੋ ਬੇਗਮਪੁਰਾ ਖਾਲਸਾ ਰਾਜ ਪਾਰਟੀ ਦੇ ਆਗੂ ਹਨ, ਤੇ ਲੋਕ ਭਲਾਈ ਲਈ ਹਮੇਸ਼ਾ ਡਟੇ ਰਹਿੰਦੇ ਹਨ। ਬੀਬੀ ਕੁਲਵਿੰਦਰ ਕੌਰ ਖਾਲਸਾ ਨੇ ਗੁਰਦਾਸਪੁਰ ਹਲਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਪੰਥ ਅਤੇ ਪੰਜਾਬ ਦੀ ਖੁਸ਼ਹਾਲੀ ਮਜਬੂਤੀ ਤੇ ਚੜ੍ਹਦੀ ਕਲਾ ਲਈ ਭਾਈ ਗੁਰਿੰਦਰ ਸਿੰਘ ਬਾਜਵਾ ਨੂੰ ਵੋਟਾਂ ਪਾ ਕੇ ਕਾਮਯਾਬ ਕਰਨ। ਉਹਨਾਂ ਆਖਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਜੀ ਦੀਆਂ ਲਗਾਤਾਰ ਬੇਅਦਬੀਆਂ ਹੋ ਰਹੀਆਂ ਹਨ, ਬੰਦੀ ਸਿੰਘਾਂ ਨੂੰ ਸਜ਼ਾਵਾਂ ਪੂਰੀਆਂ ਕਰਨ ਦੇ ਬਾਵਜੂਦ ਵੀ ਰਿਹਾ ਨਹੀਂ ਕੀਤਾ, ਪੰਜਾਬ ਚ ਨਸ਼ਿਆਂ ਦਾ ਦਰਿਆ ਵਹਾਇਆ ਜਾ ਰਿਹਾ ਹੈ, ਕਿਸਾਨੀ ਸੜਕਾਂ ਉੱਤੇ ਰੁਲ ਰਹੀ ਹੈ, ਕੋਈ ਵੀ ਪਾਰਟੀ ਪੰਥ ਅਤੇ ਪੰਜਾਬ ਹਿਤੈਸ਼ੀ ਨਹੀਂ ਹੈ। ਬਾਦਲਕੇ, ਕਾਂਗਰਸੀ, ਝਾੜੂ ਤੇ ਭਾਜਪਾ ਵਾਲੇ ਪੰਥ ਅਤੇ ਪੰਜਾਬ ਨੂੰ ਲੁੱਟਦੇ ਅਤੇ ਕੁੱਟਦੇ ਹਨ। ਉਨਾਂ ਸਮੂਹ ਪੰਜਾਬ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਇਸ ਵਾਰ ਲੋਕ ਸਭਾ ਚੋਣਾਂ ਦੇ ਵਿੱਚ ਸੰਗਰੂਰ ਤੋਂ ਸਰਦਾਰ ਸਿਮਰਨਜੀਤ ਸਿੰਘ ਮਾਨ, ਅੰਮ੍ਰਿਤਸਰ ਤੋਂ ਸਰਦਾਰ ਈਮਾਨ ਸਿੰਘ ਮਾਨ, ਗੁਰਦਾਸਪੁਰ ਤੋਂ ਭਾਈ ਗੁਰਿੰਦਰ ਸਿੰਘ ਬਾਜਵਾ, ਖਡੂਰ ਸਾਹਿਬ ਤੋਂ ਭਾਈ ਅੰਮ੍ਰਿਤਪਾਲ ਸਿੰਘ ਅਤੇ ਹੋਰ ਪੰਥਕ ਉਮੀਦਵਾਰਾਂ ਨੂੰ ਸਮਰਥਨ ਦੇ ਕੇ ਕਾਮਯਾਬ ਕੀਤਾ ਜਾਵੇ। ਉਹਨਾਂ ਕਿਹਾ ਕਿ ਸੱਤਾ ਦੀ ਲਾਲਸਾ ਨੇ ਸਿਆਸਤਦਾਨ ਸਵਾਰਥੀ ਬਣਾ ਦਿਤੇ ਹਨ ਉਹ ਲੋਕਤੰਤਰ ਦੀ ਬੁੱਕਲ ਚ ਡਿਕਟੇਟਰ ਬਣ ਗਏ ਹਨ। ਇੰਨਾ ਕਚਘਰੜ ਸੱਤਾਧਾਰੀਆਂ ਰਾਜਨੀਤੀ ਦਾ ਕੁਟਲੀਕਰਨ ਕਰਦਿਆ, ਧਰਮ ਦਾ ਸਿਆਸੀਕਰਨ ਕਰ ਦਿਤਾ ਹੈ।ਸਮਾਜਿਕ ਖੇਤਰ ਅਪਰਾਧੀ ਹੋ ਗਿਆ ਹੈ।ਅਰਥ ਵਿਵਸਥਾ ਦੀ ਮੰਦੀ ਹਾਲਤ ਹੈ।ਸੱਤਾਧਾਰੀ ਸੜਕਾਂ ਬਣਾਉਣ ਨੂੰ ਵਿਕਾਸ ਦਸ ਰਹੇ ਹਨ।ਸਚਿਆਈ ਇਹ ਹੈ ਕਿ ਤਾਲੀਮ ਦੇ ਬਹਾਨੇ,ਬੇਰੁਜ਼ਗਾਰੀ ਦਾ ਝੰਬਿਆ ਨੌਜਵਾਨ ਵਿਦੇਸ਼ ਵਸ ਰਿਹਾ ਹੈ। ਪੰਜਾਬ ਖਾਲੀ ਹੋਣ ਵਾਲਾ ਹੈ। ਮਹਿੰਗਾਈ ਅਸਮਾਨ ਛੂਹ ਰਹੀ ਹੈ।ਸਿਆਸਤ ਸਿਧਾਂਤ ਵਿਹੂਣੀ ਹੋ ਗਈ ਹੈ।

## ਸੰਗਰੂਰ ਵਾਲਿਓ ਕਿਸਾਨੀ ਅਤੇ ਜਵਾਨੀ ਨੂੰ ਬਚਾਉਣ ਲਈ 1 ਜੂਨ ਨੂੰ

# ਸਿਮਰਨਜੀਤ ਸਿੰਘ ਮਾਨ ਨੂੰ ਵੋਟਾਂ ਪਾ ਕੇ ਜਿਤਾਓ : ਪਰਮਿੰਦਰ ਸਿੰਘ ਝੋਟਾ





ਧੂਰੀ ( ਰਣਜੀਤ ਸਿੰਘ ਪੇਧਨੀ ) ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ, ਸਿਮਰਨਜੀਤ ਸਿੰਘ ਮਾਨ ਲੋਕ ਸਭਾ ਹਲਕਾ ਸੰਗਰੂਰ ਤੋਂ ਚੋਣ ਲੜ ਰਹੇ ਹਨ। ਉਹਨਾਂ ਦੀ ਚੋਣ ਮੁਹਿੰਮ ਨੂੰ ਹੁੰਗਾਰਾ ਦੇਣ ਦੇ ਲਈ ਪਿਛਲੇ ਲੰਬੇ ਸਮੇਂ ਤੋਂ ਨਸ਼ਿਆਂ ਦੀ ਲੜਾਈ ਲੜਦੇ ਆ ਰਹੇ ਸ, ਪਰਮਿੰਦਰ ਸਿੰਘ ਝੋਟਾ ਵੱਲੋਂ ਵੱਖ ਵੱਖ ਪਿੰਡਾਂ ਵਿੱਚ ਚੋਣ ਪ੍ਰਚਾਰ ਕੀਤਾ ਗਿਆ। ਇਸ ਮੌਕੇ ਪਰਵਿੰਦਰ ਸਿੰਘ ਝੋਟਾ ਨੇ ਪਿੰਡ ਬੇਨੜਾ ਵਿਖੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿ ਜੇਕਰ ਤੁਸੀਂ ਆਪਣੀਆਂ ਨਸਲਾਂ ਤੇ ਫਸਲਾਂ ਨੂੰ ਬਚਾਉਣਾ ਚਾਹੁੰਦੇ ਹੋ ਤਾਂ 1 ਜੂਨ ਨੂੰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ, ਸਿਮਰਨਜੀਤ ਸਿੰਘ ਮਾਨ ਦੇ ਹੱਕ ਵਿੱਚ ਵੋਟ ਪਾ ਕੇ ਉਹਨਾਂ ਨੂੰ ਕਾਮਯਾਬ ਬਣਾਓ । ਇਸ ਮੌਕੇ ਉਹਨਾਂ ਦੇ ਨਾਲ ਸ, ਹਰਬੰਸ ਸਿੰਘ ਸਲੇਮਪੁਰ ਮੈਂਬਰ ਪੀਏਸੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਨਿਹਾਲ ਸਿੰਘ ਦਫਤਰ ਇੰਚਾਰਜ, ਨਰਿੰਦਰ ਸਿੰਘ ਕਾਲਾਬੂਲਾ ਸੀਨੀਅਰ ਆਗੂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਸਾਧੂ ਸਿੰਘ ਪੇਧਨੀ ਸੀਨੀਅਰ ਅਕਾਲੀ ਦਲ ਅੰਮ੍ਰਿਤਸਰ , ਵਾਸਵੀਰ ਸਿੰਘ ਰਾਜੋਮਾਜਰਾ ਸੀਨੀਅਰ ਆਗੂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ,ਬਲਜਿੰਦਰ ਸਿੰਘ ਧੰਦੀਵਾਲ ਸੀਨੀਅਰ ਆਗੂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਕੁਲਦੀਪ ਸਿੰਘ ਸੁਲਤਾਨਪੁਰ ਸੀਨੀਅਰ ਆਗੂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਗੁਰਪ੍ਰੀਤ ਸਿੰਘ ਮੂਲੋਵਾਲ , ਸਿਮਰਨ ਕਾਂਝਲਾ, ਬਿੰਦਰ ਸਿੰਘ , ਭਿੰਦੀ ਸਿੰਘ ਬੇਨੜਾ, ਚਰਨਜੀਤ ਸਿੰਘ, ਪੋਪੀ ਸਿੰਘ, ਰੁਪਿੰਦਰ ਸਿੰਘ ਦਿਓਲ, ਗੋਲਡੀ, ਕਾਸੀ ਦਿਓਲ ,ਸੋਨੀ ਸਟੂਡੀਓ ,ਮਨਪ੍ਰੀਤ ਸਿੰਘ ਹਾਜ਼ਰ ਸਨ।

# ਸੰਗਰੂਰ ਦੇ ਲੋਕ ਹੁਣ ਝੂਠੀਆਂ ਗਾਰੰਟੀਆਂ ਵਿੱਚ ਨਹੀਂ ਆਉਣਗੇ ਸ੍ਰੀ ਅਰਵਿੰਦ ਖੰਨਾ



ਧੂਰੀ ( ਰਣਜੀਤ ਸਿੰਘ ਪੇਧਨੀ ) ਜਿਸ ਦਿਨ ਤੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਉਸ ਦਿਨ ਤੋਂ ਨਸ਼ਾ ਤਸਕਰਾਂ ਦੇ ਹੌਸਲੇ ਬੁਲੰਦ ਹੋਏ ਹਨ। ਜਿਹੜੀ ਸਰਕਾਰ ਨੇ ਨਸ਼ਾ ਤਿੰਨ ਮਹੀਨਿਆਂ ਵਿੱਚ ਖਤਮ ਕਰਨ ਦਾ ਪੰਜਾਬ ਦੇ ਲੋਕਾਂ ਨਾਲ ਵਾਅਦਾ ਕੀਤਾ ਸੀ ਉਹ ਮਾਨ ਸਰਕਾਰ ਦੇ ਆਉਣ ਦੇ ਨਾਲ ਪਿੰਡਾਂ, ਸ਼ਹਿਰਾਂ ਵਿੱਚ ਦੁਗਣਾ ਵਿਕ ਰਿਹਾ ਹੈ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਸੰਗਰੂਰ ਲੋਕ ਸਭਾ ਹਲਕੇ ਤੋਂ ਉਮੀਦਵਾਰ ਸ੍ਰੀ ਅਰਵਿੰਦ ਖੰਨਾ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਦਿੱਲੀ ਦੇ ਮੁੱਖ ਮੰਤਰੀ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਗੱਲਾਂ ਵਿੱਚ ਨਹੀਂ ਆਉਣਗੇ। ਹੁਣ ਪੰਜਾਬ ਦੇ ਲੋਕ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਹੱਕ ਵਿੱਚ ਫੈਸਲਾ ਲੈਣ ਨੂੰ ਤਿਆਰ ਬੈਠੇ ਹਨ, ਪੰਜਾਬ ਦੇ ਵਾਸੀਆਂ ਨੇ ਹੁਣ ਫੈਸਲਾ ਕਰ ਲਿਆ ਹੈ ਕਿ ਵਾਲੀ 1 ਜੂਨ ਨੂੰ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰਾਂ ਨੂੰ ਉਹ ਵੱਡੇ ਮਾਰਜਨ ਨਾਲ ਜਿਤਾ ਕੇ ਕੇਂਦਰ ਬਣਨ ਵਾਲੀ ਤੀਸਰੀ ਵਾਰ, 400 ਪਾਰ, ਮੋਦੀ ਸਰਕਾਰ ਦੇ ਨਾਅਰੇ ਹੇਠ ਬਣਨ ਵਾਲੀ ਮੋਦੀ ਸਰਕਾਰ ਦਾ ਹਿੱਸਾ ਬਣਨਗੇ। ਇਸ ਮੌਕੇ ਬੀਜੇਪੀ ਦੇ ਸੀਨੀਅਰ ਆਗੂ ਪ੍ਰਦੀਪ ਗਰਗ, ਬੀਜੇਪੀ ਦੇ ਧੂਰੀ ਹਲਕੇ ਦੇ ਸਹਿ ਇੰਨਚਾਰਜ ਬ੍ਰਿਜੇਸਵਰ ਕੁਮਾਰ ਗੋਇਲ ਹਾਜਰ ਸਨ।

# ਸਿਮਰਨਜੀਤ ਸਿੰਘ ਮਾਨ ਧੂਰੀ ਹਲਕੇ ਚ ਅੱਜ ਵੱਡੇ ਇਕੱਠਾ ਨੂੰ ਸੰਬੋਧਨ ਕਰਨਗੇ : ਕਾਲਾਬੂਲਾ , ਪੇਧਨੀ



ਧੂਰੀ ( ਰਣਜੀਤ ਸਿੰਘ ਪੇਧਨੀ ) ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਨਰਿੰਦਰ ਸਿੰਘ ਕਾਲਾਬੂਲਾ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸਾਧੂ ਸਿੰਘ ਪੇਧਨੀ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਕਿਹਾ ਕਿ ਅੱਜ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ, ਸਿਮਰਨਜੀਤ ਸਿੰਘ ਮਾਨ ਲੋਕ ਸਭਾ ਹਲਕਾ ਉਮੀਦਵਾਰ ਸੰਗਰੂਰ ਪਿੰਡ ਭਲਵਾਨ 12 ਵਜੇ, ਭੁੱਲਰਹੇੜੀ 1 ਵਜੇ , ਜੱਖਲਾਂ 3 ਵਜੇ ਅਤੇ ਕਿਲਾ ਹਕੀਮਾਂ 4 ਵਜੇ ਵੱਡੇ ਇਕੱਠਾਂ ਨੂੰ ਸੰਬੋਧਨ ਕਰਨਗੇ। ਆਗੂਆਂ ਨੇ ਕਿਹਾ ਕਿ ਲੋਕ ਸਭਾ ਹਲਕਾ ਸੰਗਰੂਰ ਵਿੱਚ ਸ, ਸਿਮਰਨਜੀਤ ਸਿੰਘ ਮਾਨ ਦੇ ਹੱਕ ਵਿੱਚ ਹਵਾ ਪੂਰੀ ਤਰ੍ਹਾਂ ਚੱਲ ਚੁੱਕੀ ਹੈ। ਵਿਰੋਧੀ ਪਾਰਟੀਆਂ ਵਾਲੇ ਪੂਰੀ ਤਰਾ ਘਬਰਾਏ ਹੋਏ ਹਨ। ਸੰਗਰੂਰ ਦੇ ਲੋਕਾਂ ਨੇ ਮਨ ਬਣਾ ਲਿਆ ਹੈ ਕਿ 1 ਜੂਨ ਨੂੰ ਸਰਦਾਰ ਸਿਮਰਜੀਤ ਸਿੰਘ ਮਾਨ ਦੇ ਹੱਕ ਵਿੱਚ ਵੱਡਾ ਫਤਵਾ ਦੇ ਅੱਗੇ ਵੱਡੇ ਮਾਰਜਨ ਨਾਲ ਜਿਤਾਉਣਗੇ। ਇਸ ਮੌਕੇ ਸੁਰਜੀਤ ਸਿੰਘ, ਮੇਵਾ ਸਿੰਘ, ਜਰਨੈਲ ਸਿੰਘ, ਰਾਜ ਸਿੰਘ ਭਲਵਾਨ, ਗੁਲਾਬ ਸਿੰਘ ਜਖਲਾਂ, ਕੁਲਵਿੰਦਰ ਸਿੰਘ, ਸੁਰਜੀਤ ਸਿੰਘ ,ਸਰਵਨ ਸਿੰਘ, ਪ੍ਰਤਾਪ ਸਿੰਘ, ਅਵਤਾਰ ਸਿੰਘ ਭੁੱਲਰਹੇੜੀ, ਸੁਖਵਿੰਦਰ ਸਿੰਘ, ਗੁਰਪ੍ਰੀਤ ਸਿੰਘ , ਗੁਰਪ੍ਰੀਤ ਸਿੰਘ ਮੂਲੋਵਾਲ, ਜਸਬੀਰ ਸਿੰਘ ਧੰਦੀਵਾਲ, ਰਣਜੀਤ ਸਿੰਘ ਪੰਜਗਰਾਈਆਂ , ਜਸਕਰਨ ਸਿੰਘ ਪੰਜਗਰਾਈਆਂ ਹਾਜ਼ਰ ਸਨ।

# ਆਓ ਸਾਰੇ ਰਲ ਮਿਲ ਕੇ ਡੇਂਗੂ ਨੂੰ ਕੰਟਰੋਲ ਕਰੀਏ: ਡਾ ਸੰਜੀਵ ਕੋਹਲੀ



**ਚੌਕ ਮਹਿਤਾ, 16 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਹਤ ਵਿਭਾਗ ਤਰਨਤਾਰਨ ਨੈਸ਼ਨਲ ਡੇਂਗੂ ਦਿਵਸ ਮੌਕੇ ਜਾਗਰੂਕਤਾ ਰੈਲੀ ਕੱਢੀ ਗਈ ਇਸ ਸਾਲ ਦਾ ਥੀਮ "ਆਓ ਸਾਰੇ ਰਲ-ਮਿਲ ਕੇ ਡੇਂਗੂ ਨੂੰ ਕੰਟਰੋਲ ਕਰੀਏ ਤੇ ਆਧਾਰਿਤ ਇਸ ਜਾਗਰੂਕਤਾ ਰੈਲੀ ਨੂੰ ਸਿਵਲ ਸਰਜਨ ਡਾ ਸੰਜੀਵ ਕੋਹਲੀ ਵਲੋਂ ਹਰੀ ਝੰਡੀ ਦੇ ਕੇ ਸ਼ਹਿਰ ਦੇ ਵੱਖ ਵੱਖ ਹਿੱਸਿਆ ਵਿੱਚ ਰਵਾਨਾ ਕੀਤਾ ਗਿਆ। ਇਸ ਰੈਲੀ ਦੇ ਨਾਲ ਆਈ.ਈ.ਸੀ. ਮਟੀਰੀਅਲ ਰਾਹੀ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ।ਇਸ ਅਵਸਰ ਤੇ ਸਿਵਲ ਸਰਜਨ ਡਾ ਸੰਜੀਵ ਕੋਹਲੀ ਨੇ ਕਿਹਾ ਕਿ ਬਰਸਾਤ ਦੇ ਮੌਸਮ ਵਿਚ ਬਹੁਤ ਸਾਰੀਆਂ ਥਾਵਾਂ ਤੇ ਪਾਣੀ ਦਾ ਇੱਕਠਾ ਹੋਣਾਂ ਸੁਭਾਵਿਕ ਹੀ ਹੈ, ਪਰ ਇਸਦੇ ਨਾਲ ਹੀ ਜਿਥੇ ਪਾਣੀ ਇੱਕਠਾ ਹੋਵੇਗਾ ਉਥੇ ਮੱਛਰ ਦੀ ਪੈਦਾਵਾਰ ਵੀ ਹੋਵੇਗੀ, ਇਸ ਲਈ ਸਾਡੀ ਸਾਰਿਆਂ ਦੀ ਇਹ ਜਿੰਮੇਵਾਰੀ ਬਣਦੀ ਹੈ ਕਿ ਮੱਛਰ ਦੀ ਪੈਦਾਵਰ ਨੂੰ ਰੋਕਣ ਲਈ ਸਿਹਤ ਵਿਭਾਗ ਦਾ ਸਹਿਯੋਗ ਕਰੀਏ ਅਤੇ ਹਫਤੇ ਦੇ ਹਰ ਸ਼ੁਕਰਵਾਰ ਵਾਲੇ ਦਿਨ ਆਪਣੇ ਘਰਾਂ ਵਿਚ ਕੂਲਰਾਂ, ਫਰਿਜਾਂ, ਗਮਲਿਆਂ, ਟੈਂਕੀਆਂ, ਛੱਤ ਤੇ ਪਿਆ ਨਾਕਾਰਾ ਸਾਮਾਨ ਅਦਿ ਵਿਚ ਪਾਣੀ ਇੱਕਠਾ ਨਾਂ ਹੋਣ ਦਈਏ ਕਿਓਂਕਿ ਡੇਂਗੂ ਤੋ ਬਚਣ ਲਈ ਸਭ ਤੋ ਜਿਆਦਾ ਜਰੂਰੀ ਹੈ ਕਿ ਮੱਛਰ ਦੀ ਪੈਦਾਵਾਰ ਨੂੰ ਹੀ ਰੋਕਿਆ ਜਾਵੇ। ਇਸ ਦੇ ਨਾਲ ਹੀ ਪੂਰੀ ਬਾਹਵਾਂ ਤੇ ਕੱਪੜੇ ਪਹਿਨੇ ਜਾਣ ਅਤੇ ਮੱਛਰ ਭਜਾਉਣ ਵਾਲੀਆ ਕਰੀਮਾਂ ਆਦੀ ਦਾ ਇਸਤੇਮਾਲ ਵੀ ਸਾਨੂੰ ਡੇਗੂ ਤੋ ਬਚਾ ਸਕਦਾ ਹੈ।ਇਸ ਸੰਬਧੀ ਜਾਣਕਾਰੀ ਦਿੰਦਿਆ ਜਿਲ੍ਹਾ ਐਪੀਡਿਮੋਲੋਜਿਸਟ ਡਾ ਸਿਮਰਨ ਕੌਰ ਨੇ ਕਿਹਾ ਕਿ ਨੇ ਕਿਹਾ ਕਿ ਡੇਂਗੂ ਇੱਕ ਵਾਇਰਲ ਬੁਖਾਰ ਹੈ ਜੋ ਕਿ ਏਡੀਜ ਅਜਿਪਟੀ ਨਾਂ ਦੇ ਮੱਛਰ ਦੇ ਕੱਟਣ ਨਾਲ ਪੈਦਾ ਹੰਦਾ ਹੈ। ਜਿਸਦੇ ਲੱਛਣ ਤੇਜ ਸਿਰ-ਦਰਦ ਅਤੇ ਤੇਜ ਬੁਖਾਰ, ਮਾਸ ਪੇਸ਼ੀਆ ਅਤੇ ਜੋੜਾ ਦਾ ਦਰਦ, ਅੱਖਾ ਦੇ ਪਿਛਲੇ ਹਿੱਸੇ ਦਰਦ, ਉਲਟੀਆਂ, ਨੱਕ-ਮੂੰਹ ਅਤੇ ਮਸੂੜੀਆ ਵਿੱਚੋ ਖੂਨ ਵਗਣਾ ਆਦੀ ਹੈ। ਡੇਂਗੂ ਬੁਖਾਰ ਦੇ ਸ਼ੱਕ ਹੋਣ, ਦੀ ਸੂਰਤ ਵਿੱਚ ਤੁਰੰਤ ਸਰਕਾਰੀ ਹਸਪਤਾਲ ਤੋ ਫਰੀ ਚੈਕਅੱਪ ਅਤੇ ਇਲਾਜ ਕਰਵਾਉਣ।ਇਸ ਮੌਕੇ ਤੇ ਜਿਲ੍ਹਾ ਟੀਕਾਕਰਨ ਅਫਸਰ ਡਾ ਵਰਿੰਦਰਪਾਲ ਕੌਰ, ਜਿਲ੍ਹਾ ਪਰਿਵਾਰ ਭਲਾਈ ਅਫਸਰ ਡਾ ਆਸ਼ੀਸ਼ ਗੁਪਤਾ, ਜਿਲ੍ਹਾ ਸਿਹਤ ਅਫਸਰ ਡਾ ਸੁਖਬੀਰ ਕੌਰ, ਐਸ.ਐਮ.ਓ. ਡਾ ਰਮਨਦੀਪ ਪੱਡਾ, ਡਾ ਅਮਨਦੀਪ ਸਿੰਘ , ਡਾ ਸੁਖਜਿੰਦਰ ਸਿੰਘ, ਡਾ ਰਨਦੀਪ, ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ, ਸਮੂਹ ਐਂਟੀ ਲਾਰਵਾ ਅਤੇ ਪੈਰਾ ਮੈਡੀਕਲ ਸਟਾਫ, ਨਰਸਿੰਗ ਸਟਾਫ ਅਤੇ ਨਰਸਿੰਗ ਸਟੂਡੈਂਟ ਹਾਜਰ ਸਨ।




ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
ਆਵਾਜ਼ਿ ਕੌਮ AWAZE QAUM
International Newspaper & WEB TV